@Qpatrika · @qaumipatrika punjabi · instagram.com/ qaumipatrika

Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

Punjabi National Daily

Qaumi Patrika NO.1

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।

Tuesday, 6 May 2025

VISIT: www.qaumipatrika.org Email: qpatrika@gmail.com

ਨਵੀਂ ਦਿੱਲੀ: ਮੰਗਲਵਾਰ 6 ਮਈ 2025, 23 ਵੈਸਾਖ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 43, ਅੰਕ 175, qpatrika@gmail.com ਫੋਨ : 9971359517 www.qaumipatrika.org

## 7 ਮਈ ਨੂੰ ਦੇਸ਼ ਭਰ 'ਚ ਵੱਜਣਗੇ ਖਤਰੇ ਦੇ ਘੁੱਗੂ ! ਭਾਰਤੀ ਗ੍ਰਹਿ ਮੰਤਰਾਲਾ ਨੇ ਜਾਰੀ ਕਰ'ਤੇ ਹੁਕਮ

**ਸਿੰਮੀ ਕੌਰ ਬੱਬਰ**

ਨਵੀਂ ਦਿੱਲੀ 5 ਮਈ। ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਭਾਰਤ ਅਤੇ ਪਾਕਿਸਤਾਨ ਵਿਚਾਲੇ ਵਧਦੇ ਤਣਾਅ ਵਿਚਕਾਰ ਕੇਂਦਰੀ ਗ੍ਰਹਿ ਮੰਤਰਾਲਾ ਨੇ ਸਾਰੇ ਸੂਬਿਆਂ ਨੂੰ 7 ਮਈ (ਬੁੱਧਵਾਰ) ਨੂੰ ਸਿਵਲ ਡਿਫੈਂਸ ਡ੍ਰਿਲ (ਨਾਗਰਿਕ ਸੁਰੱਖਿਆ ਅਭਿਆਸ/ਮੌਕ ਡ੍ਰਿਲ) ਕਰਵਾਉਣ ਦੇ ਨਿਰਦੇਸ਼ ਦਿੱਤੇ ਹਨ। ਸਰਕਾਰੀ ਸੂਤਰਾਂ ਨੇ ਇਹ ਜਾਣਕਾਰੀ ਦਿੱਤੀ ਹੈ। ਸੂਤਰਾਂ ਮੁਤਾਬਕ, ਇਸ ਅਭਿਆਸ ਦੌਰਾਨ ਏਅਰ ਰੈੱਡ ਵਾਰਨਿੰਗ ਸਾਇਰਨ (ਖਤਰੇ ਦੇ ਘੁੱਗੂ) ਵਜਾਏ ਜਾਣਗੇ ਅਤੇ ਆਮ ਨਾਗਰਿਕਾਂ ਅਤੇ ਵਿਦਿਆਰਥੀਆਂ ਨੂੰ ਟ?ਰੇਨਿੰਗ ਦਿੱਤੀ ਜਾਵੇਗੀ ਕਿ ਦੁਸ਼ਮਣ ਦੇ ਹਮਲੇ ਦੇ ਸਮੇਂ ਖੁਦ ਦੀ ਸੁਰੱਖਿਆ ਕਿਵੇਂ ਕਰਨੀ ਹੈ। ਸੂਤਰਾਂ ਨੇ ਇਹ ਵੀ ਕਿਹਾ ਕਿ ਡ੍ਰਿਲ ਦੌਰਾਨ ਬਲੈਕਆਊਟ ਦੀ ਤਿਆਰੀ ਅਤੇ ਮਹੱਤਵਪੂਰਨ ਪਲਾਂਟਾਂ ਅਤੇ ਸੰਸਥਾਵਾਂ ਨੂੰ ਜਲਦੀ ਛੁਪਾਉਣ ਲਈ ਪ੍ਰਬੰਧ ਕੀਤੇ ਜਾਣਗੇ। ਸੂਬਿਆਂ ਨੂੰ ਕਿਹਾ ਗਿਆ ਹੈ ਕਿ ਉਹ ਆਪਣੀਆਂ ਨਿਕਾਸੀ ਯੋਜਨਾਵਾਂ ਨੂੰ ਅਪਡੇਟ ਕਰਨ ਅਤੇ ਅਭਿਆਸ ਕਰਨ ਤਾਂ ਜੋ ਐਮਰਜੈਂਸੀ ਦੀ ਸਥਿਤੀ ਵਿਚ ਤੁਰੰਤ ਕਾਰਵਾਈ ਕੀਤੀ ਜਾ ਸਕੇ। ਇਹ ਅਭਿਆਸ ਦੇਸ਼ ਦੀ ਅੰਦਰੂਨੀ ਸੁਰੱਖਿਆ ਨੂੰ ਮਜਬੂਤ ਕਰਨ ਅਤੇ ਐਮਰਜੈਂਸੀ ਸਥਿਤੀਆਂ ਨਾਲ ਨਜਿੱਠਣ ਦੀ ਤਿਆਰੀ ਦੇ ਉਦੇਸ਼ ਨਾਲ ਕੀਤਾ ਜਾ ਰਿਹਾ ਹੈ। ਇਸ ਤੋਂ ਪਹਿਲਾਂ ਐਤਵਾਰ ਨੂੰ



ਫਿਰੋਜ਼ਪੁਰ ਛਾਉਣੀ ਖੇਤਰ ਵਿੱਚ 30 ਮਿੰਟਾਂ ਦਾ ਬਲੈਕਆਊਟ ਅਭਿਆਸ ਕੀਤਾ ਗਿਆ ਸੀ ਜਿਸ ਵਿੱਚ ਰਾਤ 9 ਵਜੇ ਤੋਂ 9:30 ਵਜੇ ਤੱਕ ਸਾਰੀਆਂ ਲਾਈਟਾਂ ਬੰਦ ਕਰ ਦਿੱਤੀਆਂ ਗਈਆਂ ਸਨ। ਜੇਕਰ ਕਿਸੇ ਵਾਹਨ ਦੀਆਂ ਲਾਈਟਾਂ ਜਗਦੀਆਂ ਮਿਲੀਆਂ, ਤਾਂ ਉਨ੍ਹਾਂ ਨੂੰ ਬੰਦ ਕਰ ਦਿੱਤਾ ਜਾਂਦਾ ਸੀ। ਪੁਲਸ ਪੂਰੀ ਤਰ੍ਹਾਂ ਚੌਕਸ ਰਹੀ ਅਤੇ ਹਰ ਚੌਰਾਹੇ 'ਤੇ ਤਾਇਨਾਤ ਰਹੀ। ਫਿਰੋਜ਼ਪੁਰ ਛਾਉਣੀ ਥਾਣੇ ਦੇ ਐੱਸਐੱਚਓ ਗੁਰਜੰਟ ਸਿੰਘ ਨੇ ਇਹ ਜਾਣਕਾਰੀ ਦਿੱਤੀ। ਦੱਸ ਦੇਈਏ ਕਿ ਗ੍ਰਹਿ ਮੰਤਰਾਲੇ ਨੇ ਇਹ ਨਿਰਦੇਸ਼ ਅਜਿਹੇ ਸਮੇਂ ਦਿੱਤੇ ਹਨ ਜਦੋਂ ਦੱਖਣੀ ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਭਾਰਤ ਅਤੇ ਪਾਕਿਸਤਾਨ ਵਿਚਕਾਰ ਤਣਾਅ ਵਧ ਗਿਆ ਹੈ ਅਤੇ ਭਾਰਤ ਪਾਕਿਸਤਾਨ ਵਿਰੁੱਧ ਬਦਲਾ ਲੈਣ ਦੇ ਵਿਕਲਪਾਂ 'ਤੇ ਵਿਚਾਰ ਕਰ ਰਿਹਾ ਹੈ। ਇਸ ਅੱਤਵਾਦੀ ਹਮਲੇ ਵਿੱਚ 26 ਲੋਕਾਂ ਨੂੰ ਬੇਰਹਿਮੀ ਨਾਲ ਮਾਰ ਦਿੱਤਾ ਗਿਆ ਸੀ। ਇਨ੍ਹਾਂ ਵਿੱਚੋਂ ਜ਼ਿਆਦਾਤਰ ਸੈਲਾਨੀ ਸਨ। ਇਸ ਹਮਲੇ ਤੋਂ ਬਾਅਦ ਭਾਰਤ ਨੇ ਪਾਕਿਸਤਾਨ ਵਿਰੁੱਧ ਕਈ ਰਣਨੀਤਕ ਕਦਮ ਚੁੱਕੇ ਹਨ। ਇਨ੍ਹਾਂ ਵਿੱਚ ਸਿੰਧੂ ਜਲ ਸੰਧੀ ਨੂੰ ਮੁਅੱਤਲ ਕਰਨਾ, ਪਾਕਿਸਤਾਨੀ ਹਾਈ ਕਮਿਸ਼ਨ ਵਿੱਚ ਸਟਾਫ਼ ਦੀ ਗਿਣਤੀ ਘਟਾਉਣਾ, ਅਟਾਰੀ ਚੈੱਕ ਪੋਸਟ ਨੂੰ ਬੰਦ ਕਰਨਾ ਅਤੇ ਸਾਰੀਆਂ ਸ਼੍ਰੇਣੀਆਂ ਵਿੱਚ ਡਾਕ ਸੇਵਾਵਾਂ ਨੂੰ ਬੰਦ ਕਰਨਾ ਸ਼ਾਮਲ ਹੈ।

## ਟੈਰਿਫ ਨੂੰ ਲੈ ਕੇ ਭਾਰਤ ਬਿਹਤਰ ਸਮਝੌਤਾ ਕਰਨ 'ਚ ਸਮਰੱਥ : ਰਾਹੁਲ

ਨਵੀਂ ਦਿੱਲੀ, 5 ਮਈ। ਕਾਂਗਰਸ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਨੇ ਕਿਹਾ ਕਿ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਟੈਰਿਫ 'ਚ



ਬਦਲਾਅ ਦਾ ਐਲਾਨ ਕੀਤੇ ਜਾਣ ਤੋਂ ਬਾਅਦ ਭਾਰਤ ਸਰਕਾਰ ਨੂੰ ਹੁਣ ਅਮਰੀਕਾ ਨਾਲ ਗੱਲਬਾਤ ਸ਼ੁਰੂ ਕਰਨੀ ਚਾਹੀਦੀ ਹੈ ਕਿਉਂਕਿ ਭਾਰਤ ਇਕ ਬਿਹਤਰ ਸਮਝੌਤਾ ਕਰਨ ਦੀ ਸਮਰੱਥਾ ਰੱਖਦਾ ਹੈ। ਰਾਹੁਲ ਗਾਂਧੀ ਨੇ ਇਹ ਟਿੱਪਣੀ ਬੀਤੀ 21 ਅਪ੍ਰੈਲ ਨੂੰ ਅਮਰੀਕਾ ਵਿਚ ਬ੍ਰਾਊਨ ਯੂਨੀਵਰਸਿਟੀ ਦੇ 'ਵਾਟਸਨ ਇੰਸਟੀਚਿਊਟ ਫਾਰ ਇੰਟਰਨੈਸ਼ਨਲ ਐਂਡ ਪਬਲਿਕ ਅਫੇਅਰਜ਼' ਵਿਚ ਇਕ ਸੰਵਾਦ ਸੈਸ਼ਨ ਦੌਰਾਨ ਕੀਤੀ ਸੀ। ਗੱਲਬਾਤ ਦਾ ਵੀਡੀਓ ਸ਼ਨੀਵਾਰ ਨੂੰ 'ਵਾਟਸਨ ਇੰਸਟੀਚਿਊਟ ਫਾਰ ਇੰਟਰਨੈਸ਼ਨਲ ਐਂਡ ਪਬਲਿਕ ਅਫੇਅਰਜ਼' ਦੇ ਯੂ-ਟਿਊਬ ਚੈਨਲ 'ਤੇ ਅਪਲੋਡ ਕੀਤਾ ਗਿਆ ਸੀ। ਲੋਕ ਸਭਾ ਵਿਚ ਵਿਰੋਧੀ ਧਿਰ ਦੇ ਨੇਤਾ ਨੇ ਇਕ ਫੇਸਬੁੱਕ ਪੋਸਟ ਵਿਚ ਕਿਹਾ ਕਿ ਭਾਰਤ ਕੋਲ ਹੁਨਰ ਹੈ। ਹੁਣ ਸਾਨੂੰ ਇਕ ਸਪੱਸ਼ਟ ਦ੍ਰਿਸ਼ਟੀਕੋਣ ਦੀ ਲੋੜ ਹੈ... ਆਪਣੀ ਸਮਰੱਥਾ ਨਾਲ ਤੈਅ ਦਿਸ਼ਾ ਵੱਲ ਵਧਣ ਦਾ ਸਮਾਂ ਹੈ। ਉਨ੍ਹਾਂ ਗੱਲਬਾਤ ਸੈਸ਼ਨ ਦੌਰਾਨ ਕਿਹਾ ਕਿ ਅੱਜ ਭਾਰਤ ਦੇ ਸਾਹਮਣੇ ਸਭ ਤੋਂ ਵੱਡੀ ਚੁਣੌਤੀ ਚੀਨ ਨਾਲ ਮੁਕਾਬਲਾ ਕਰਨ ਲਈ ਉਤਪਾਦਨ ਪ੍ਰਣਾਲੀ ਵਿਕਸਤ ਕਰਨਾ, ਨਿਰਮਾਣ ਅਤੇ ਨੌਕਰੀਆਂ ਪੈਦਾ ਕਰਨਾ ਹੈ। ਰਾਹੁਲ ਨੇ ਕਿਹਾ ਕਿ ਭਾਰਤ ਇਕ ਉਦਾਰਵਾਦੀ ਆਰਥਿਕ ਪ੍ਰਣਾਲੀ ਤੋਂ ਬਿਨਾਂ ਅਜਿਹਾ ਕਰਨ 'ਚ ਸਮਰੱਥ ਨਹੀਂ ਹੋਵੇਗਾ। ਜੋ ਕੋਈ ਵੀ ਸਮਾਜਿਕ ਤਰੱਕੀ ਅਤੇ ਜਾਤੀਗਤ ਢਾਂਚੇ ਨੂੰ ਕਮਜ਼ੋਰ ਕਰਨ ਦੀ ਗੱਲ ਕਰਦਾ ਹੈ, ਉਸ ਨੂੰ ਇਹ ਵੀ ਸਵੀਕਾਰ ਕਰਨਾ ਪਵੇਗਾ ਕਿ ਅਜਿਹਾ ਕਰਨ ਲਈ ਤੁਹਾਨੂੰ ਪੈਸੇ ਦੀ ਲੋੜ ਹੈ। ਤੁਸੀਂ ਸਿਰਫ਼ ਇਕ ਉਤਪਾਦਨ ਪ੍ਰਣਾਲੀ ਅਤੇ ਇਕ ਖੁੱਲ੍ਹੀ ਉਦਾਰਵਾਦੀ ਅਰਥਵਿਵਸਥਾ ਵਿਚ ਹੀ ਪੈਸਾ ਕਮਾ ਸਕਦੇ ਹੋ।

## ਅਮਰਨਾਥ ਯਾਤਰਾ ਸ਼ੁਰੂ ਹੋਣ ਤੋਂ ਪਹਿਲਾਂ ਕਰੋ ਬਾਬਾ ਬਰਫਾਨੀ ਦੇ ਦਰਸ਼ਨ

ਨੈਸ਼ਨਲ ਡੈਸਕ 5 ਮਈ। ਅਮਰਨਾਥ ਯਾਤਰਾ ਸ਼ੁਰੂ ਹੋਣ ਤੋਂ ਪਹਿਲਾਂ ਹੀ ਸ਼ਰਧਾਲੂਆਂ ਦਾ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ। ਇਸ ਵਾਰ ਤੁਸੀਂ ਯਾਤਰਾ ਤੋਂ ਪਹਿਲਾਂ ਹੀ ਅਮਰਨਾਥ ਦੇ ਬਰਫ਼ ਦੇ ਸ਼ਿਵਲਿੰਗ ਦੇ ਦਰਸ਼ਨ ਕਰ ਸਕਦੇ ਹੋ, ਹਾਲਾਂਕਿ ਯਾਤਰਾ ਸ਼ੁਰੂ ਹੋਣ ਵਿੱਚ ਅਜੇ ਦੋ ਮਹੀਨੇ ਬਾਕੀ ਹਨ। ਕੁਝ ਸ਼ਰਧਾਲੂ ਪਹਿਲਾਂ ਹੀ ਗੁਫਾ ਵਿੱਚ ਪਹੁੰਚ ਚੁੱਕੇ ਹਨ ਅਤੇ ਬਰਫ਼ ਨਾਲ ਬਣੇ ਸ਼ਿਵਲਿੰਗ ਦੇ ਦਰਸ਼ਨ ਕਰ ਚੁੱਕੇ ਹਨ ਅਤੇ ਗੁਫਾ ਦੀਆਂ ਤਸਵੀਰਾਂ ਵੀ ਖਿੱਚੀਆਂ ਹਨ। ਹਾਲਾਂਕਿ, ਅਧਿਕਾਰਤ ਤੌਰ 'ਤੇ ਅਮਰਨਾਥ ਯਾਤਰਾ 3 ਜੁਲਾਈ ਤੋਂ ਸ਼ੁਰੂ ਹੋਵੇਗੀ। ਯਾਤਰਾ ਰਸਤੇ 'ਤੇ ਬਰਫ਼ ਹਟਾਉਣ ਦਾ ਕੰਮ ਵੀ ਸ਼ੁਰੂ ਹੋ ਗਿਆ ਹੈ। ਯਾਤਰਾ ਲਈ ਪਟੜੀਆਂ ਤਿਆਰ ਕਰਨ ਲਈ ਬਾਲਟਾਲ ਅਤੇ ਚੰਦਨਵਾੜੀ ਦੋਵਾਂ ਰਸਤਿਆਂ 'ਤੇ ਬਰਫ਼ ਹਟਾਉਣ ਦਾ ਕੰਮ ਚੱਲ ਰਿਹਾ ਹੈ। ਜੰਮੂ-ਕਸ਼ਮੀਰ ਦੇ ਉਪ ਰਾਜਪਾਲ ਮਨੋਜ ਸਿਨਹਾ ਨੇ ਯਾਤਰਾ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਹੈ ਅਤੇ ਕਿਹਾ ਹੈ ਕਿ ਹੁਣ ਤੱਕ 3 ਲੱਖ 60 ਹਜ਼ਾਰ ਤੋਂ ਵੱਧ ਲੋਕਾਂ ਨੇ ਯਾਤਰਾ ਲਈ ਰਜਿਸਟ?ਰੇਸ਼ਨ ਕਰਵਾਈ ਹੈ। ਇਸ ਸਾਲ ਭਾਰੀ ਬਰਫ਼ਬਾਰੀ ਕਾਰਨ ਯਾਤਰਾ ਰੂਟ 'ਤੇ 10 ਤੋਂ 20 ਫੁੱਟ ਬਰਫ਼ ਜਮ?ਹਾਂ ਹੋ ਗਈ ਹੈ, ਪਰ ਯਾਤਰਾ ਲਈ ਸਾਰੀਆਂ ਤਿਆਰੀਆਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ। ਇਸ ਸਾਲ ਅਮਰਨਾਥ ਯਾਤਰਾ 3 ਜੁਲਾਈ ਨੂੰ ਸ਼ੁਰੂ ਹੋਵੇਗੀ ਅਤੇ 19 ਅਗਸਤ ਨੂੰ ਰੱਖੜੀ ਵਾਲੇ ਦਿਨ ਸਮਾਪਤ ਹੋਵੇਗੀ।

## ਰਾਫੇਲ ਜਹਾਜ਼ ਦੇ ਖਿਡੌਣਾ ਮਾਡਲ 'ਤੇ ਨਿੰਬੂ-ਮਿਰਚ ਟੰਗ ਕੇ ਕਾਂਗਰਸੀ ਨੇਤਾ ਨੇ ਕੇਂਦਰ ਸਰਕਾਰ ਨੂੰ ਘੇਰਿਆ

**ਏਜੰਸੀਆਂ**

ਨੈਸ਼ਨਲ ਡੈਸਕ 5 ਮਈ। ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਤੋਂ ਬਾਅਦ ਦੇਸ਼ ਭਰ ਵਿੱਚ ਸੋਗ ਅਤੇ ਗੁੱਸੇ ਦਾ ਮਾਹੌਲ ਹੈ। ਇਸ ਦੌਰਾਨ ਉੱਤਰ ਪ੍ਰਦੇਸ਼ ਕਾਂਗਰਸ ਪ੍ਰਧਾਨ ਅਜੇ ਰਾਏ ਨੇ ਇਸ ਮੁੱਦੇ 'ਤੇ ਕੇਂਦਰ ਸਰਕਾਰ ਨੂੰ ਘੇਰ ਕੇ ਇੱਕ ਵਿਲੱਖਣ ਅਤੇ ਪ੍ਰਤੀਕਾਤਮਕ ਵਿਰੋਧ ਦਰਜ ਕਰਵਾਇਆ ਹੈ। ਉਨ੍ਹਾਂ ਰਾਫੇਲ ਜਹਾਜ਼ ਦੇ ਖਿਡੌਣਾ ਮਾਡਲ 'ਤੇ ਨਿੰਬੂ ਅਤੇ ਮਿਰਚ ਟੰਗ ਕੇ ਸਰਕਾਰ ਦੀ ਅੱਤਵਾਦ ਨੀਤੀ 'ਤੇ ਸਵਾਲ ਖੜ੍ਹੇ ਕੀਤੇ ਹਨ। ਕਾਂਗਰਸੀ ਨੇਤਾ ਅਜੇ ਰਾਏ ਨੇ ਲਖਨਊ ਵਿੱਚ ਇੱਕ ਪ੍ਰੈਸ ਕਾਨਫਰੰਸ ਦੌਰਾਨ ਰਾਫੇਲ ਦਾ ਖਿਡੌਣਾ ਮਾਡਲ ਫੜਦੇ ਹੋਏ ਕਿਹਾ, ਸਰਕਾਰ ਨੇ ਰਾਫੇਲ ਜਹਾਜ਼ ਖਰੀਦਣ ਲਈ ਕਰੋੜਾਂ ਰੁਪਏ ਖਰਚ ਕੀਤੇ ਸਨ, ਪਰ ਅੱਜ ਉਹ ਸਿਰਫ਼ ਹੈਂਗਰ ਵਿੱਚ ਖੜ੍ਹੇ ਹਨ। ਉਨ੍ਹਾਂ 'ਤੇ ਨਿੰਬੂ ਅਤੇ ਮਿਰਚਾਂ ਲਟਕ ਰਹੀਆਂ ਹਨ। ਕੀ ਇਨ੍ਹਾਂ ਲੜਾਕੂ ਜਹਾਜ਼ਾਂ ਨੂੰ ਸਿਰਫ਼ ਡਰਾਮੇ ਵਜੋਂ ਰੱਖਿਆ ਗਿਆ ਹੈ? ਉਨ੍ਹਾਂ ਦੇ ਇਸ ਬਿਆਨ ਨੇ ਸੋਸ਼ਲ ਮੀਡੀਆ 'ਤੇ ਵੀ ਚਰਚਾ ਛੇੜ ਦਿੱਤੀ ਹੈ। ਬਹੁਤ ਸਾਰੇ ਲੋਕਾਂ ਨੇ ਇਸ ਵਿਰੋਧ ਪ੍ਰਦਰਸ਼ਨ ਨੂੰ ਸਰਕਾਰ ਦੀ ਅੱਤਵਾਦ ਵਿਰੋਧੀ ਨੀਤੀ 'ਤੇ ਇੱਕ ਤਿੱਖਾ ਹਮਲਾ ਦੱਸਿਆ ਹੈ। ਅਜੇ ਰਾਏ ਨੇ ਸਰਕਾਰ 'ਤੇ ਦੋਸ਼ ਲਗਾਇਆ ਕਿ ਉਹ ਅੱਤਵਾਦੀ ਘਟਨਾਵਾਂ 'ਤੇ ਸਿਰਫ਼ ਭਾਸ਼ਣ ਦੇ ਰਹੀ ਹੈ ਜਦੋਂ ਕਿ ਜ਼ਮੀਨੀ ਪੱਧਰ 'ਤੇ ਕੋਈ ਸਖ਼ਤ ਕਾਰਵਾਈ ਦਿਖਾਈ ਨਹੀਂ ਦੇ ਰਹੀ। ਉਨ੍ਹਾਂ ਕਿਹਾ, ਹਾਲ ਹੀ ਵਿੱਚ ਪਹਿਲਗਾਮ ਵਿੱਚ ਸਾਡੇ ਬਹੁਤ ਸਾਰੇ ਬਹਾਦਰ ਸੈਨਿਕ ਸ਼ਹੀਦ ਹੋਏ ਹਨ ਪਰ ਸਰਕਾਰ ਨੇ ਹੁਣ ਤੱਕ ਕੋਈ ਠੋਸ ਕਾਰਵਾਈ ਨਹੀਂ ਕੀਤੀ ਹੈ। ਕਾਰਵਾਈ



ਕਦੋਂ ਕੀਤੀ ਜਾਵੇਗੀ? ਅਜੇ ਰਾਏ ਨੇ ਸਵਾਲ ਉਠਾਇਆ ਕਿ ਸਰਕਾਰ ਉਨ੍ਹਾਂ ਅੱਤਵਾਦੀਆਂ, ਉਨ੍ਹਾਂ ਦੇ ਸਮਰਥਕਾਂ ਅਤੇ ਉਨ੍ਹਾਂ ਦਾ ਸਮਰਥਨ ਕਰਨ ਵਾਲਿਆਂ ਵਿਰੁੱਧ ਕਦੋਂ ਕਾਰਵਾਈ ਕਰੇਗੀ? ਅਜੇ ਰਾਏ ਦਾ ਇਹ ਵਿਰੋਧ ਸਿਰਫ਼ ਪ੍ਰੈਸ ਕਾਨਫਰੰਸ ਤੱਕ ਸੀਮਤ ਨਹੀਂ ਸੀ। ਜਿਵੇਂ ਹੀ ਉਨ੍ਹਾਂ ਦਾ ਬਿਆਨ ਅਤੇ ਰਾਫੇਲ ਦਾ ਨਿੰਬੂ-ਮਿਰਚ ਮਾਡਲ ਸਾਹਮਣੇ ਆਇਆ, ਇਹ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਗਿਆ। ਇਸ ਸੰਬੰਧੀ ਰਾਜਨੀਤਿਕ ਬਹਿਸ ਟਵਿੱਟਰ ਅਤੇ ਫੇਸਬੁੱਕ 'ਤੇ ਤੇਜ਼ ਹੋ ਗਈ। ਕਈਆਂ ਨੇ ਇਸ ਨੂੰ ਵਿਰੋਧੀ ਧਿਰ ਦਾ ਦਲੇਰਾਨਾ ਕਦਮ ਕਿਹਾ, ਜਦੋਂ ਕਿ ਕੁਝ ਨੇ ਇਸ ਨੂੰ ਸਿਰਫ਼ ਇੱਕ ਰਾਜਨੀਤਿਕ ਸਟੰਟ ਕਿਹਾ। ਇਸ ਪ੍ਰਤੀਕਾਤਮਕ ਵਿਰੋਧ ਪ੍ਰਦਰਸ਼ਨ 'ਤੇ ਹੁਣ ਤੱਕ ਕੇਂਦਰ ਸਰਕਾਰ ਜਾਂ ਭਾਜਪਾ ਵੱਲੋਂ ਕੋਈ ਅਧਿਕਾਰਤ ਪ੍ਰਤੀਕਿਰਿਆ ਨਹੀਂ ਆਈ ਹੈ। ਹਾਲਾਂਕਿ, ਆਉਣ ਵਾਲੇ ਦਿਨਾਂ ਵਿੱਚ, ਇਹ ਮੁੱਦਾ ਸੰਸਦ ਤੋਂ ਸੜਕਾਂ ਤੱਕ ਫੈਲ ਸਕਦਾ ਹੈ। ਵਿਰੋਧੀ ਧਿਰ ਵਾਰ-ਵਾਰ ਇਹ ਮੁੱਦਾ ਉਠਾਉਂਦੀ ਆ ਰਹੀ ਹੈ ਕਿ ਸਰਕਾਰ ਰਾਸ਼ਟਰੀ ਸੁਰੱਖਿਆ ਦੇ ਨਾਂ 'ਤੇ ਵੱਡੇ-ਵੱਡੇ ਦਾਅਵੇ ਕਰਦੀ ਹੈ ਪਰ ਜਦੋਂ ਸਮਾਂ ਆਉਂਦਾ ਹੈ ਤਾਂ ਚੁੱਪੀ ਧਾਰ ਲੈਂਦੀ ਹੈ। ਹੁਣ ਇਹ ਦੇਖਣਾ ਦਿਲਚਸਪ ਹੋਵੇਗਾ ਕਿ ਸਰਕਾਰ ਇਸ ਤਿੱਖੇ ਵਿਅੰਗ ਦਾ ਕੀ ਜਵਾਬ ਦਿੰਦੀ ਹੈ।

## ਭਾਰਤ-ਪਾਕਿ ਤਣਾਅ ਵਿਚਾਲੇ ਭਾਰਤੀ ਜਲ ਸੈਨਾ ਨੇ ਕੀਤਾ MIGM ਮਿਜ਼ਾਇਲ ਦਾ ਸਫਲ ਪ੍ਰੀਖਣ

ਨੈਸ਼ਨਲ ਡੈਸਕ 5 ਮਈ। ਭਾਰਤ ਨੇ ਸੋਮਵਾਰ ਨੂੰ ਸਵਦੇਸ਼ੀ ਮਲਟੀ-ਇਨਫਲੂਐਂਸ ਗਰਾਊਂਡ ਮਾਈਨ (MIGM) ਦਾ ਸਫਲਤਾਪੂਰਵਕ ਪ੍ਰੀਖਣ ਕੀਤਾ, ਆਪਣੀ ਰੱਖਿਆ ਸਮਰੱਥਾ ਵਿੱਚ ਇੱਕ ਹੋਰ ਮਹੱਤਵਪੂਰਨ ਕਦਮ ਅੱਗੇ ਵਧਾਇਆ। ਇਹ ਪ੍ਰੀਖਣ ਰੱਖਿਆ ਖੋਜ ਅਤੇ ਵਿਕਾਸ ਸੰਗਠਨ (DRDO) ਅਤੇ ਭਾਰਤੀ ਜਲ ਸੈਨਾ ਦੁਆਰਾ ਸਾਂਝੇ ਤੌਰ 'ਤੇ ਕੀਤਾ ਗਿਆ ਸੀ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਇਸ ਪ੍ਰਾਪਤੀ 'ਤੇ ਵਧਾਈ



ਦਿੱਤੀ ਅਤੇ ਇਸਨੂੰ ਭਾਰਤੀ ਜਲ ਸੈਨਾ ਦੀਆਂ ਲੜਾਕੂ ਸਮਰੱਥਾਵਾਂ ਨੂੰ ਹੋਰ ਮਜ਼ਬੂਤ ??ਕਰਨ ਵੱਲ ਇੱਕ ਕਦਮ ਦੱਸਿਆ। ਬਣਤਰ ਅਤੇ ਆਕਾਰ: MIGM ਦਾ ਵੱਧ ਤੋਂ ਵੱਧ ਭਾਰ 1000 ਕਿਲੋਗ੍ਰਾਮ ਅਤੇ ਵੱਧ ਤੋਂ ਵੱਧ ਲੰਬਾਈ 3 ਮੀਟਰ ਅਤੇ ਵਿਆਸ 0.533 ਮੀਟਰ ਹੈ। ਸੈਂਸਰ ਸਿਸਟਮ: ਇਹ ਸੈਂਸਰਾਂ ਦੀ ਇੱਕ ਵਿਸ਼ਾਲ ਸ਼੍ਰੇਣੀ ਨਾਲ ਲੈਸ ਹੈ ਜੋ ਸਮੁੰਦਰ ਵਿੱਚ ਜਹਾਜ਼ਾਂ ਦੁਆਰਾ ਤਿਆਰ ਕੀਤੇ ਗਏ ਧੁਨੀ, ਚੁੰਬਕੀ, ਦਬਾਅ, UEP/ELFE (ਅੰਡਰਵਾਟਰ ਇਲੈਕਟ੍ਰਿਕ ਪੋਟੈਂਸ਼ੀਅਲ/ਘੱਟ ਫ?ਰੀਕੁਐਂਸੀ ਇਲੈਕਟ੍ਰਿਕ) ਦਸਤਖਤਾਂ ਨੂੰ ਰਿਕਾਰਡ ਕਰਨ ਦੇ ਸਮਰੱਥ ਹੈ। ਇਲੈਕਟ?ਰਾਨਿਕ ਸਿਸਟਮ: ਇਸ ਵਿੱਚ ਏਆਰਐਮ ਪ੍ਰੋਸੈਸਰ ਅਧਾਰਤ ਡੇਟਾ ਪ੍ਰਾਪਤੀ ਇਲੈਕਟ?ਰਾਨਿਕ ਸਿਸਟਮ ਹੈ ਜੋ ਡੇਟਾ ਨੂੰ ਪ੍ਰੋਸੈਸ ਕਰਦਾ ਹੈ ਅਤੇ ਲੋੜੀਂਦੀ ਕਾਰਵਾਈ ਲਈ ਕਮਾਂਡਾਂ ਤਿਆਰ ਕਰਦਾ ਹੈ। ਪਾਵਰ ਸਰੋਤ: ਇਹ ਲਿਥੀਅਮ-ਥਿਓਨਾਇਲ ਕਲੋਰਾਈਡ ਪ੍ਰਾਇਮਰੀ ਬੈਟਰੀ ਦੀ ਵਰਤੋਂ ਕਰਦਾ ਹੈ। MIGM ਨੂੰ ਨੇਵਲ ਸਾਇੰਸ ਐਂਡ ਟੈਕਨੋਲੋਜੀਕਲ ਲੈਬਾਰਟਰੀ (NSTL), ਵਿਸ਼ਾਖਾਪਟਨਮ ਦੁਆਰਾ ਹੋਰ DRDO ਪ੍ਰਯੋਗਸ਼ਾਲਾਵਾਂ ਜਿਵੇਂ ਕਿ ਹਾਈ ਐਨਰਜੀ ਮਟੀਰੀਅਲ ਰਿਸਰਚ ਲੈਬਾਰਟਰੀ, ਪੁਣੇ ਅਤੇ ਟਰਮੀਨਲ ਬੈਲਿਸਟਿਕਸ ਰਿਸਰਚ ਲੈਬਾਰਟਰੀ, ਚੰਡੀਗੜ੍ਹ ਦੇ ਸਹਿਯੋਗ ਨਾਲ ਵਿਕਸਤ ਕੀਤਾ ਗਿਆ ਹੈ। ਇਸਦੇ ਉਤਪਾਦਨ ਭਾਈਵਾਲਾਂ ਵਿੱਚ ਭਾਰਤ ਡਾਇਨਾਮਿਕਸ ਲਿਮਟਿਡ, ਵਿਸ਼ਾਖਾਪਟਨਮ ਅਤੇ ਅਪੋਲੋ ਮਾਈਕ੍ਰੋਸਿਸਟਮ ਲਿਮਟਿਡ, ਹੈਦਰਾਬਾਦ ਸ਼ਾਮਲ ਹਨ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਇਸ ਪ੍ਰੀਖਣ ਦੀ ਸਫਲਤਾ 'ਤੇ ਡੀਆਰਡੀਓ ਅਤੇ ਭਾਰਤੀ ਜਲ ਸੈਨਾ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ MIGM ਸਿਸਟਮ ਭਾਰਤੀ ਜਲ ਸੈਨਾ ਦੀ ਲੜਾਕੂ ਸਮਰੱਥਾਵਾਂ ਨੂੰ ਹੋਰ ਵਧਾਏਗਾ, ਖਾਸ ਕਰਕੇ ਆਧੁਨਿਕ ਸਟੀਲਥ ਜੰਗੀ ਜਹਾਜ਼ਾਂ ਅਤੇ ਪਣਡੁੱਬੀਆਂ ਦੇ ਵਿਰੁੱਧ। ਇਹ ਪ੍ਰੀਖਣ ਭਾਰਤ ਦੇ ਸਵੈ-ਨਿਰਭਰ ਰੱਖਿਆ ਨਿਰਮਾਣ ਵੱਲ ਇੱਕ ਹੋਰ ਮਹੱਤਵਪੂਰਨ ਕਦਮ ਹੈ ਅਤੇ ਭਾਰਤੀ ਜਲ ਸੈਨਾ ਦੀ ਸਮੁੰਦਰੀ ਸੁਰੱਖਿਆ ਸਮਰੱਥਾਵਾਂ ਨੂੰ ਹੋਰ ਮਜ਼ਬੂਤ ਕਰੇਗਾ।

## ਵਕ.ਫ ਸੋਧ ਬਿੱਲ 'ਤੇ ਸੁਣਵਾਈ 15 ਮਈ ਤੱਕ ਟਲੀ

**ਨਵਦੀਪ ਸਿੰਘ ਸਾਹਨੀ**

ਨਵੀਂ ਦਿੱਲੀ 5 ਮਈ। ਸੁਪਰੀਮ ਕੋਰਟ ਨੇ ਵਕ਼ਫ ਸੋਧ ਬਿੱਲ ਦੀ ਵੈਧਤਾ ਨੂੰ ਚੁਣੌਤੀ ਦੇਣ ਵਾਲੀਆਂ ਪਟੀਸ਼ਨਾਂ 'ਤੇ ਅੱਜ ਕੋਰਟ 'ਚ ਸੁਣਵਾਈ ਹੋਣੀ ਸੀ ਪਰ ਸੁਣਵਾਈ 15 ਮਈ ਤੱਕ ਲਈ ਟਾਲ ਦਿੱਤੀ ਗਈ ਹੈ। ਇਸ ਪੂਰੇ ਮਾਮਲੇ ਦੀ ਸੁਣਵਾਈ 15 ਮਈ ਨੂੰ ਜਸਟਿਸ ਬੀ.ਆਰ. ਗਵਈ ਦੀ ਅਗਵਾਈ ਵਾਲੀ ਬੈਂਚ ਕਰੇਗੀ। ਚੀਫ਼ ਜਸਟਿਸ ਸੰਜੀਵ ਖੰਨਾ ਅਤੇ ਜਸਟਿਸ ਸੰਜੇ ਕੁਮਾਰ ਅਤੇ ਜਸਟਿਸ ਕੇ.ਵੀ. ਵਿਸ਼ਵਨਾਥਨ ਦੀ ਅਗਵਾਈ ਵਾਲੀ ਬੈਂਚ ਨੇ ਵਿਵਾਦਪੂਰਨ ਮੁੱਦੇ ਨੂੰ ਸਵੀਕਾਰ ਕਰਦੇ ਹੋਏ ਕਿਹਾ ਕਿ ਸੁਪਰੀਮ ਕੋਰਟ ਸਰਕਾਰ ਵੱਲੋਂ ਦੇਸ਼ ਦੀ ਵਕਫ਼ ਜਾਇਦਾਦ ਵਜੋਂ ਪੇਸ਼ ਕੀਤੀ ਗਈ 3921236.459 ਏਕੜ ਜ਼ਮੀਨ ਦੇ ਅੰਕੜੇ 'ਤੇ ਵਿਚਾਰ ਕਰੇਗੀ, ਜਿਸ 'ਤੇ ਦੂਜੀਆਂ ਧਿਰਾਂ ਵੱਲੋਂ ਇਤਰਾਜ਼ ਕੀਤਾ ਜਾ ਰਿਹਾ ਹੈ। ਹਾਲਾਂਕਿ 13 ਮਈ ਨੂੰ ਸੇਵਾਮੁਕਤ ਹੋ ਰਹੇ ਜਸਟਿਸ ਖੰਨਾ ਨੇ ਕਿਹਾ ਕਿ ਉਹ ਅੰਤਰਿਮ ਪੜਾਅ 'ਤੇ ਵੀ ਇਸ ਮਾਮਲੇ 'ਚ ਫੈਸਲਾ ਰਾਖਵਾਂ ਨਹੀਂ ਰੱਖਣਾ ਚਾਹੁਣਗੇ, ਇਸ ਲਈ ਮਾਮਲੇ ਦੀ ਸੁਣਵਾਈ 15 ਮਈ ਨੂੰ ਹੋਵੇਗੀ। ਵਕ਼ਫ ਸੋਧ ਐਕਟ 2025 ਦੀ ਵੈਧਤਾ ਨੂੰ ਚੁਣੌਤੀ ਦੇਣ ਵਾਲੇ ਮਾਮਲਿਆਂ 'ਤੇ ਸੁਣਵਾਈ ਸ਼ੁਰੂ ਕਰਦੇ ਹੋਏ ਬੈਂਚ ਨੇ ਕਿਹਾ ਕਿ ਅਸੀਂ ਜਵਾਬੀ ਅਤੇ



ਜਵਾਬੀ ਦਲੀਲਾਂ 'ਤੇ ਗੌਰ ਕੀਤਾ ਹੈ। ਚੀਫ਼ ਜਸਟਿਸ ਨੇ ਕਿਹਾ ਕਿ ਇਸ ਮਾਮਲੇ ਦੀ ਸੁਣਵਾਈ ਕਿਸੇ ਵੀ ਢੁਕਵੇਂ ਦਿਨ ਹੋਣੀ ਚਾਹੀਦੀ ਹੈ। ਉਧਰ ਸੁਪਰੀਮ ਕੋਰਟ ਵਿਚ ਕੇਂਦਰ ਵੱਲੋਂ ਪੇਸ਼ ਹੋਏ ਸਾਲਿਸਿਟਰ ਜਨਰਲ ਤੁਸ਼ਾਰ ਮਹਿਤਾ ਨੇ ਕਿਹਾ ਕਿ ਅਸੀਂ ਬੈਂਚ ਨਾਲ ਗੱਲ ਕਰਨ ਦੀ ਕੋਸ਼ਿਸ਼ ਕਰਾਂਗੇ, ਕਿਉਂਕਿ ਹਰ ਦਲੀਲ ਦਾ ਜਵਾਬ ਹੁੰਦਾ ਹੈ ਪਰ ਅਸੀਂ ਚੀਫ਼ ਜਸਟਿਸ ਨੂੰ ਉਲਝ 'ਚ ਨਹੀਂ ਪਾਵਾਂਗੇ, ਕਿਉਂਕਿ ਸਮਾਂ ਨਹੀਂ ਹੈ। ਵਕਫ਼ ਸੋਧ ਐਕਟ ਦਾ ਬਚਾਅ ਕਰਦੇ ਹੋਏ ਸਰਕਾਰ ਨੇ ਕਿਹਾ ਸੀ ਕਿ ਨਿੱਜੀ ਜਾਇਦਾਦਾਂ ਅਤੇ ਸਰਕਾਰੀ ਜਾਇਦਾਦਾਂ 'ਤੇ ਕਬਜ਼ਾ ਕਰਨ ਲਈ ਵਕ਼ਫ ਪ੍ਰਬੰਧਾਂ ਦੀ ਦੁਰਵਰਤੋਂ ਦੀਆਂ ਰਿਪੋਰਟਾਂ ਆਈਆਂ ਹਨ। ਕੇਂਦਰ ਸਰਕਾਰ ਨੇ ਇਕ ਹਲਫ਼ਨਾਮੇ ਵਿਚ ਕਿਹਾ ਕਿ ਇਹ ਜਾਣ ਕੇ ਸੱਚਮੁੱਚ ਹੈਰਾਨ ਕਰਨ ਵਾਲੀ ਗੱਲ ਹੈ ਕਿ ਸਾਲ 2013 ਵਿਚ (ਵਕ਼ਫ ਐਕਟ ਵਿਚ) ਲਿਆਂਦੇ ਗਏ ਸੋਧ ਤੋਂ ਬਾਅਦ ਵਕ਼ਫ ਦਾ ਖੇਤਰਫ਼ਲ 116 ਫ਼ੀਸਦੀ ਵਧਿਆ ਹੈ। ਮੁਗਲ ਯੁੱਗ ਤੋਂ ਪਹਿਲਾਂ ਆਜ਼ਾਦੀ ਤੋਂ ਪਹਿਲਾਂ ਦੇ ਯੁੱਗ ਵਿਚ ਅਤੇ ਆਜ਼ਾਦੀ ਤੋਂ ਬਾਅਦ ਦੇ ਯੁੱਗ ਵਿਚ ਭਾਰਤ 'ਚ ਬਣਾਈਆਂ ਗਈਆਂ ਵਕਫ਼ਾਂ ਦੀ ਕੁੱਲ ਜ਼ਮੀਨ 18,29,163.896 ਏਕੜ ਸੀ।

## 100 ਅਤੇ 200 ਰੁਪਏ ਦੇ ਨੋਟ ਨੂੰ ਲੈ ਕੇ ਆਰਬੀਆਈ ਦਾ ਵੱਡਾ ਫੈਸਲਾ

ਪੰਜਾਬ ਡੈਸਕ 5 ਮਈ। ਆਰਬੀਆਈ ਨੇ 100 ਅਤੇ 200 ਰੁਪਏ ਦੇ ਨੋਟਾਂ ਨੂੰ ਲੈ ਕੇ ਵੱਡਾ ਫੈਸਲਾ ਲਿਆ ਹੈ। ਦਰਅਸਲ, ਆਉਣ ਵਾਲੇ ਦਿਨਾਂ ਵਿੱਚ, 100 ਅਤੇ 200 ਰੁਪਏ ਦੇ ਨੋਟ ਏਟੀਐਮ ਵਿੱਚ ਉਪਲਬਧ ਹੋਣਗੇ। ਇਸ ਨਾਲ ਲੋਕਾਂ ਦੀਆਂ ਬਹੁਤ ਸਾਰੀਆਂ ਸਮੱਸਿਆਵਾਂ ਹੱਲ ਹੋ ਜਾਣਗੀਆਂ। ਤੁਹਾਨੂੰ ਦੱਸ ਦੇਈਏ ਕਿ ਏਟੀਐਮ ਤੋਂ ਪੈਸੇ ਕਢਵਾਉਣ ਵੇਲੇ ਆਮ ਤੌਰ 'ਤੇ ਸਿਰਫ਼ 500 ਰੁਪਏ ਦੇ ਨੋਟ ਹੀ ਨਿਕਲਦੇ ਹਨ, ਜਿਸ ਕਾਰਨ ਲੋਕਾਂ ਨੂੰ ਪ੍ਰਚੂਨ ਕਰੰਸੀ ਨੂੰ ਲੈ ਕੇ ਬਹੁਤ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਪਰ ਹੁਣ ਅਜਿਹਾ ਨਹੀਂ ਹੋਵੇਗਾ। ਆਰਬੀਆਈ ਦੇ ਫੈਸਲੇ ਕਾਰਨ, ਹੁਣ ਏਟੀਐਮ ਤੋਂ ਸਿਰਫ਼ 100 ਅਤੇ 200 ਰੁਪਏ ਦੇ ਨੋਟ ਹੀ ਕਢਵਾਏ ਜਾ ਸਕਣਗੇ। ਜਾਣਕਾਰੀ ਅਨੁਸਾਰ, ਆਰਬੀਆਈ ਨੇ ਸਖ਼ਤ ਹਦਾਇਤਾਂ ਦਿੱਤੀਆਂ ਹਨ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਏਟੀਐਮ ਤੋਂ 100 ਅਤੇ 200 ਰੁਪਏ ਦੇ ਨੋਟ ਉਪਲਬਧ ਹੋਣ ਤਾਂ ਜੋ ਲੋਕਾਂ ਨੂੰ ਸਹੂਲਤ ਮਿਲ ਸਕੇ। ਕਿਉਂਕਿ ਕਈ ਵਾਰ ਦੁਕਾਨਦਾਰ UPI ਦਾ ਹਵਾਲਾ ਦੇ ਕੇ ਇਹ ਵੀ ਕਹਿੰਦਾ ਹੈ ਕਿ ਉਸ ਕੋਲ ਪੈਸੇ ਨਹੀਂ ਹਨ। ਆਰਬੀਆਈ ਨੇ ਸਾਰੇ ਬੈਂਕਾਂ ਅਤੇ ਵਾਈਟ ਲੇਬਲ ਏਟੀਐਮ ਆਪਰੇਟਰਾਂ ਨੂੰ ਇੱਕ ਪੱਤਰ ਲਿਖਿਆ ਹੈ ਜਿਸ ਵਿੱਚ ਉਨ੍ਹਾਂ ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਗਿਆ ਹੈ ਕਿ ਏਟੀਐਮ ਤੋਂ 100 ਅਤੇ 200 ਰੁਪਏ ਦੇ ਨੋਟ ਜਾਰੀ ਕੀਤੇ ਜਾਣ। ਇਸ ਦੇ ਨਾਲ ਹੀ ਇਹ ਵੀ ਕਿਹਾ ਗਿਆ ਹੈ ਕਿ 31 ਮਾਰਚ, 2026 ਤੱਕ, ਸਾਰੇ ਏਟੀਐਮ ਵਿੱਚੋਂ 90 ਪ੍ਰਤੀਸ਼ਤ 100 ਅਤੇ 200 ਰੁਪਏ ਦੇ ਨੋਟ ਵੰਡਣੇ ਚਾਹੀਦੇ ਹਨ। ਇਸ ਦੇ ਨਾਲ ਹੀ, ਸਾਰੀਆਂ ਬੈਂਕਾਂ ਲਈ ਇਹ ਲਾਜ਼ਮੀ ਹੋਵੇਗਾ ਕਿ ਉਹ ਉਕਤ ਨੋਟਾਂ ਨੂੰ ਆਪਣੇ-ਆਪਣੇ ਏਟੀਐਮ ਮਸ਼ੀਨਾਂ ਵਿੱਚ ਰੱਖਣ।

## ਭਾਰਤ ਨਾਲ ਸ਼ਾਂਤੀ ਦੀ ਗੱਲ ਕਰਨ ਨੂੰ ਪਾਕਿ 'ਚ ਮੰਨਿਆ ਜਾਂਦਾ ਹੈ ਅਪਰਾਧ : ਸ਼ਰਮਾ

ਗੁਹਾਟੀ, 5 ਮਈ। ਆਸਾਮ ਦੇ ਮੁੱਖ ਮੰਤਰੀ ਹਿਮੰਤ ਬਿਸਵਾ ਸ਼ਰਮਾ ਨੇ ਦਾਅਵਾ ਕੀਤਾ ਹੈ ਕਿ ਪਾਕਿਸਤਾਨ 'ਚ ਭਾਰਤ ਨਾਲ ਸ਼ਾਂਤੀ ਬਾਰੇ ਗੱਲ ਕਰਨ ਨੂੰ 'ਅਪਰਾਧ' ਮੰਨਿਆ ਜਾਂਦਾ ਹਕੀਕਤ ਨੂੰ ਸਮਝੇ ਬਿਨਾਂ ਸ਼ਾਂਤੀ ਦੀ ਉਮੀਦ' ਦਾ ਪ੍ਰਚਾਰ ਕਰ ਰਹੇ ਹਨ, ਨੂੰ ਸਮਝ ਲੈਣਾ ਚਾਹੀਦਾ ਹੈ ਕਿ ਪਾਕਿਸਤਾਨ 'ਚ ਭਾਰਤ ਨਾਲ ਸ਼ਾਂਤੀ ਬਾਰੇ ਗੱਲ ਕਰਨਾ ਅਪਰਾਧ ਮੰਨਿਆ



ਹੈ ਜਦੋਂ ਕਿ ਭਾਰਤ 'ਚ ਗੱਲਬਾਤ ਮੁੱਖ ਧਾਰਾ ਦੀਆਂ ਸਟੇਜਾਂ 'ਤੇ ਕੀਤੀ ਜਾਂਦੀ ਹੈ ਤੇ ਉਸ ਨੂੰ ਉਤਸ਼ਾਹਿਤ ਵੀ ਕੀਤਾ ਜਾਂਦਾ ਹੈ। ਸ਼ਰਮਾ ਨੇ ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਪੋਸਟ ਕੀਤਾ ਕਿ ਭਾਰਤ ਦੇ ਲੋਕ ਜੋ ਜ਼ਮੀਨੀ ਜਾਂਦਾ ਹੈ। ਭਾਰਤ 'ਚ ਪਾਕਿਸਤਾਨ ਨਾਲ ਸ਼ਾਂਤੀ ਬਾਰੇ ਗੱਲਬਾਤ ਬਰਦਾਸ਼ਤ ਕੀਤੀ ਜਾਂਦੀ ਹੈ, ਬਹਿਸ ਵੀ ਕੀਤੀ ਜਾਂਦੀ ਹੈ ਅਤੇ ਮੁੱਖ ਧਾਰਾ ਦੀ ਫੋਰਮ 'ਚ ਉਸ ਨੂੰ ਉਤਸ਼ਾਹਿਤ ਵੀ ਕੀਤਾ ਜਾਂਦਾ ਹੈ।

## ਮੁੱਖ ਮੰਤਰੀ ਨੇ ਇੱਕ ਕਲਿਕ ਨਾਲ 24695 ਲਾਭਕਾਰਾਂ ਦੇ ਖਾਤਿਆਂ ਵਿੱਚ 7.48 ਕਰੋੜ ਰੁਪਏ ਦੀ ਰਕਮ ਕੀਤੀ ਜਾਰੀ

**ਤੇਜਿੰਦਰ ਕੌਰ ਬੱਬਰ**

ਚੰਡੀਗੜ, 5 ਮਈ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੇਣੀ ਨੇ ਕਿਹਾ ਕਿ ਸੂਬਾ ਸਰਕਾਰ ਪ੍ਰੋਐਕਟਿਵ ਮੋਡ ਵਿੱਚ ਹੈ। ਵੱਖ-ਵੱਖ ਸਮਾਜਿਕ ਸੁਰੱਖਿਆ ਪੈਂਸ਼ਨ ਯੋਜਨਾਵਾਂ ਦੇ ਯੋਗ ਲੋਕਾਂ ਦੀ ਪੈਂਸ਼ਨ ਆਪਣੇ ਆਪ ਹੀ ਬਣਾ ਦਿੱਤੀ ਜਾਂਦੀ ਹੈ, ਲੋਕਾਂ ਨੂੰ ਪਹਿਲਾਂ ਦੀ ਤਰ੍ਹਾ ਦਫਤਰਾਂ ਦੇ ਚੱਕਰ ਨਹੀਂ ਕੱਟਣੇ ਪੈਂਦੇ ਹਨ। ਮੁੱਖ ਮੰਤਰੀ ਅੱਜ ਇੱਥੇ ਹਰਿਆਣਾ ਸਿਵਲ ਸਕੱਤਰੇਤ, ਚੰਡੀਗੜ੍ਹ ਵਿੱਚ ਵੱਖ-ਵੱਖ ਜਨਭਲਾਈਕਾਰੀ ਯੋਜਨਾਵਾਂ ਦੇ ਲਾਭਕਾਰਾਂ ਲਈ ਪ੍ਰਬੰਧਿਤ ਵਿੱਤੀ ਸਹਾਇਤਾ ਵੰਡ ਸਮਾਰੋਹ ਵਿੱਚ ਸੰਬੋਧਿਤ ਕਰ ਰਹੇ ਸਨ। ਇਸ ਮੌਕੇ 'ਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ੍ਰੀ ਸ਼ਿਆਮ ਸਿੰਘ ਰਾਣਾ ਵੀ ਮੌਜੂਦ ਸਨ। ਇਸ ਮੌਕੇ 'ਤੇ ਹਰਿਆਣਾ ਦੇ ਮੁੱਖ ਸਕੱਤਰ ਸ੍ਰੀ ਅਨੁਰਾਗ ਰਸਤੋਗੀ, ਮਾਲ ਅਤੇ ਆਪਦਾ ਪ੍ਰਬੰਧਨ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ, ਖੇਤੀਬਾੜੀ ਵਿਭਾਗ ਦੇ ਵਧੀਕ ਮੁੱਖ ਸਕੱਤਰ ਸ੍ਰੀ ਰਾਜਾ ਸ਼ੇਖਰ ਵੁੰਡਰੂ, ਸਮਾਜਿਕ ਨਿਆਂ, ਅਧਿਕਾਰਤਾ, ਅਨੁਸੂਚਿਤ ਅਤੇ ਪਿਛੜਾ ਵਰਗ ਭਲਾਈ ਵਿਭਾਗ ਦੀ ਵਧੀਕ ਮੁੱਖ ਸਕੱਤਰ ਸ੍ਰੀਮਤੀ ਜੀ. ਅਨੁਪਮਾ, ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਸ੍ਰੀ ਅਰੁਣ ਕੁਮਾਰ ਗੁਪਤਾ, ਮੁੱਖ ਮੰਤਰੀ ਦੇ ਵਧੀਕ ਪ੍ਰਧਾਨ ਸਕੱਤਰ ਸ੍ਰੀ ਸਾਕੇਤ ਕੁਮਾਰ, ਸੂਚਨਾ, ਜਨ ਸੰਪਰਕ ਅਤੇ ਭਾਸ਼ਾ ਵਿਭਾਗ ਦੇ ਮਹਾਨਿਦੇਸ਼ਕ ਸ੍ਰੀ ਕੇ ਐਮ ਪਾਂਡੂਰੰਗ ਤੋਂ ਇਲਾਵਾ ਹੋਰ ਸੀਨੀਅਰ ਅਧਿਕਾਰੀ ਮੌਜੂਦ ਸਨ। ਇਸ ਸਮਾਰੋਹ ਤੋਂ ਰਾਜ ਦੇ ਵੱਖ-ਵੱਖ ਜਿਲ੍ਹਿਆਂ ਤੋਂ ਡਿਪਟੀ ਕਮਿਸ਼ਨਰ ਵੀ ਵੀਡੀਓ ਕਾਨਫ?ਰੈਂਸਿੰਗ ਰਾਹੀਂ ਜੁੜੇ ਸਨ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਇਸ ਮੌਕੇ 'ਤੇ ਇੱਕ ਕਲਿਕ ਨਾਲ ਵੱਖ-ਵੱਖ ਸਮਾਜਿਕ ਸੁਰੱਖਿਆ ਪੈਂਸ਼ਨ ਯੋਜਨਾਵਾਂ ਦੇ 24695 ਨਵੇਂ ਲਾਭਕਾਰਾਂ ਨੂੰ ਉਨ੍ਹਾਂ ਦੀ ਪਹਿਲੀ ਪੈਂਸ਼ਨ ਸਿੱਧੀ ਉਨ੍ਹਾਂ ਦੇ ਬੈਂਕ ਖਾਤੇ




ਵਿੱਚ ਟ?ਰਾਂਸਫਰ ਕੀਤਾ। ਇੰਨ੍ਹਾ ਸਾਰੇ ਲਾਭਕਾਰਾਂ ਨੂੰ ਕੁੱਲ 7.48 ਕਰੋੜ ਰੁਪਏ ਦੀ ਰਕਮ ਭੇਜੀ ਗਈ। ਮੁੱਖ ਮੰਤਰੀ ਨੇ ਸਾਰੇ ਨਵੇਂ ਲਾਭਕਾਰਾਂ ਨੂੰ ਵਧਾਈ ਦਿੱਤੀ। ਜਾਣਕਾਰੀ ਰਹੇ ਕਿ ਹਰਿਆਣਾ ਸਰਕਾਰ ਵੱਲੋਂ ਸੰਚਾਲਿਤ ਵੱਖ-ਵੱਖ ਸਮਾਜਿਕ ਸੁਰੱਖਿਆ ਪੈਂਸ਼ਨ ਯੋਜਨਾਵਾਂ ਦੇ ਤਹਿਤ ਯੋਗ ਲਾਭਕਾਰਾਂ ਨੂੰ ਨਿਯਮਤ ਰੂਪ ਨਾਲ ਵਿੱਤੀ ਸਹਾਇਤਾ/ਭੱਤਾ ਪ੍ਰਦਾਨ ਕੀਤਾ ਜਾਂਦਾ ਹੈ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਦੇ ਨਿਰਦੇਸ਼ 'ਤੇ ਸੂਬਾ ਸਰਕਾਰ ਨੇ ਵੱਖ-ਵੱਖ ਸਮਾਜਿਕ ਸੁਰੱਖਿਆ ਪੈਂਸ਼ਨ ਯੋਜਨਾਵਾਂ ਦੇ ਤਹਿਤ ਯੋਗ ਵਿਅਕਤੀਆਂ ਤੋਂ ਪੈਂ ਸ਼ਨ ਲਈ ਬਿਨੈ ਸੱਦੇ ਸਨ। ਅਪ੍ਰੈਲ ਮਹੀਨੇ 2025 ਵਿੱਚ ਇੰਨ੍ਹਾਂ ਯੋਜਨਾਵਾਂ ਦੇ ਤਹਿਤ ਮੰਜੂਰ 24695 ਨਵੇਂ ਲਾਭਕਾਰਾਂ ਨੂੰ ਕੁੱਲ 7.48 ਕਰੋੜ ਰੁਪਏ ਦੀ ਪੈਂਸ਼ਨ ਰਕਮ ਅੱਜ ਮੁੱਖ ਮੰਤਰੀ ਵੱਲੋਂ ਉਨ੍ਹਾਂ ਦੇ ਖਾਤੇ ਵਿੱਚ ਭੇਜ ਦਿੱਤੀ ਗਈ ਹੈ। ਹੁਣ ਸੂਬੇ ਵਿੱਚ ਇੰਨ੍ਹਾਂ ਪੈਂਸ਼ਨ ਯੋਜਨਾਵਾਂ ਤਹਿਤ ਲਾਭਕਾਰਾਂ ਦੀ ਕੁੱਲ ਗਿਣਤੀ 35,16,814 ਹੋ ਗਈ ਹੈ ਅਤੇ ਪ੍ਰਤੀ ਮਹੀਨਾ 1060.16 ਕਰੋੜ ਰੁਪਏ ਦੀ ਪੈਂਸ਼ਨ ਰਕਮ ਦਿੱਤੀ ਜਾਵੇਗੀ। ਮੁੱਖ ਮੰਤਰੀ ਨੇ ਦਸਿਆ ਕਿ ਵੱਖ-ਵੱਖ ਸਮਾਜਿਕ ਸੁਰੱਖਿਆ ਪੈਂਸ਼ਨ ਯੋਜਨਾਵਾਂ ਤਹਿਤ ਬੁਢਾਪਾ ਸਨਮਾਨ ਭੱਤਾ ਦੇ ਲਾਭਕਾਰਾਂ ਵਿੱਚ ਕੁੱਲ 17407 ਯੋਗ ਲੋਕਾਂ ਦੀ ਗਿਣਤੀ ਵਿੱਚ ਇਜਾਫਾ ਹੋਇਆ ਹੈ। ਇੰਨ੍ਹਾਂ ਤੋਂ ਇਲਾਵਾ, ਵਿਧਵਾ ਪੈਂਸ਼ਨ ਵਿੱਚ 1673, ਦਿਵਆਂਗ ਪੈਂਸ਼ਨ ਵਿੱਚ 864, ਬੇਸਹਾਰਾ ਬੱਚਿਆਂ ਨੂੰ ਦਿੱਤੀ ਜਾਣ ਵਾਲੀ ਵਿੱਤੀ ਸਹਾਇਤਾ ਪਾਉਣ ਵਾਲਿਆਂ ਦੀ ਗਿਣਤੀ ਵਿੱਚ 1700, ਵਿਧੁਰ ਅਤੇ ਅਣਵਿਆਏ ਵਿਕਅਤੀਆਂ ਨੂੰ ਦਿੱਤੀ ਜਾਣ ਵਾਲ ਲਾਭਕਾਰਾਂ ਵਿੱਚ 2062, ਲਾਡਲੀ ਸਮਾਜਿਕ ਸੁਰੱਖਿਆ ਭੱਤਾ ਵਿੱਚ 530, ਸਕੂਲ ਨਾ ਾਣ ਵਾਲੇ ਬੇਸਹਾਰਾ ਨਿਸ਼ਕਤ ਬੱਚਿਆਂ ਦੀ ਗਿਣਤੀ ਵਿੱਚ 106, ਤੀਜੇ ਅਤੇ ਚੌਥੇ ਪੱਧਰ ਦੇ ਕੈਂਸਰ ਮਰੀਜਾਂ ਨੂੰ ਵਿੱਤੀ ਸਹਾਇਤਾ ਪਾਉਣ ਵਾਲੀ ਵਿੱਚ 351, ਕਿੰਨਰ ਭੱਤਾ ਵਿੱਚ ਇੱਕ ਅਤੇ ਦੁਰਲਭ ਬੀਮਾਰੀਆਂ ਤੋਂ ਪੀੜਤ ਵਿਅਕਤੀਆਂ ਨੂੰ ਦਿੱਤੀ ਜਾਣ ਵਾਲੀ ਮਾਲੀ ਸਹਾਇਤਾ ਪਾਉਣ ਵਾਲਿਆਂ ਦੀ ਗਿਣਤੀ ਵਿੱਚ ਵੀ ਇੱਕ ਪਾਤਰ ਦਾ ਵਾਧਾ ਹੋਇਆ ਹੈ।

# ਘੋਲੀਆ ਖ਼ੁਰਦ ਵਿਖੇ ਪ੍ਰਵਾਸੀ ਮਜ਼ਦੂਰ ਦਾ ਬੇਰਹਿਮੀ ਨਾਲ ਕਤਲ, ਜਾਂਚ 'ਚ ਜੁਟੀ ਪੁਲਸ

ਨਿਹਾਲ ਸਿੰਘ ਵਾਲਾ 5 ਮਈ। ਥਾਣਾ ਨਿਹਾਲ ਸਿੰਘ ਵਾਲਾ ਅਧੀਨ ਪੈਂਦੇ ਪਿੰਡ ਘੋਲੀਆ ਖ਼ੁਰਦ ਵਿਖੇ ਪ੍ਰਵਾਸੀ ਮਜ਼ਦੂਰ ਦਾ ਭੇਦ ਭਰੀ ਹਾਲਤ ਵਿੱਚ ਕਤਲ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਬਿਹਾਰ ਨਿਵਾਸੀ 38 ਸਾਲਾ ਪ੍ਰਵਾਸੀ ਮਜ਼ਦੂਰ ਆਪਣੇ 2 ਸਾਥੀਆਂ ਸਮੇਤ ਇੱਕ ਕਿਸਾਨ ਦੇ ਖੇਤ 'ਚ ਮੋਟਰ 'ਤੇ ਰਹਿ ਰਿਹਾ ਸੀ ਕਿ ਰਾਤ ਸਮੇਂ ਉਸ ਦਾ ਤੇਜ਼ਧਾਰ ਹਥਿਆਰਾਂ ਨਾਲ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ। ਪਿੰਡ ਘੋਲੀਆ ਖ਼ੁਰਦ ਦੇ ਕਿਸਾਨ ਗੁਰਮੀਤ ਸਿੰਘ ਉਰਫ ਕਾਕਾ ਪੁੱਤਰ ਊਧਮ ਸਿੰਘ ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਕਿ ਉਸ ਦੇ ਖੇਤ 'ਚ ਬਣੀ ਮੋਟਰ 'ਤੇ ਹਰ ਸਾਲ 20-25 ਪ੍ਰਵਾਸੀ ਮਜ਼ਦੂਰ ਆ ਕੇ ਰਹਿੰਦੇ ਹਨ ਜੋ ਕਿ ਉਸ ਦੇ ਖੇਤਾਂ 'ਚ ਕੰਮ ਕਰਦੇ ਹਨ। ਇਸ ਵਾਰ ਵੀ ਉਸ ਦੇ ਖੇਤ ਵਿੱਚ ਕੰਮ ਕਰਨ ਲਈ ਪ੍ਰਵਾਸੀ ਮਜ਼ਦੂਰ ਆਏ ਸਨ। ਤਿੰਨ ਪ੍ਰਵਾਸੀ ਮਜ਼ਦੂਰ ਉਸ ਦੇ ਖੇਤ ਬਣੇ ਕੋਠੇ ਵਿੱਚ ਰਹਿ ਰਹੇ ਸਨ। ਜਿਨ੍ਹਾਂ ਵਿੱਚ ਬਿਜੇਰਾਮ ਪੁੱਤਰ ਬੰਦੂਆ, ਮਹੇਸ਼ ਰਾਮ, ਰਾਮ ਸਰਨ ਵਾਸੀ ਬਿਹਾਰ ਸ਼ਾਮਲ ਹਨ। ਲੰਘੀ ਰਾਤ ਨੂੰ ਤਿਨੋ ਰੋਟੀ ਖਾ ਕੇ ਕਰੀਬ 10 ਵਜੇ ਸੁੱਤੇ ਸਨ ਜਿਨ੍ਹਾਂ ਵਿੱਚੋਂ ਮਹੇਸ਼ ਰਾਮ ਤੇ ਰਾਮ ਸਰਨ ਕੋਠੇ ਦੇ ਅੰਦਰ ਜਾ ਕੇ ਪੈ ਗਏ ਤੇ ਵਿਜੇ ਰਾਮ ਬਾਹਰ ਸੌਂ ਗਿਆ। ਸਵੇਰੇ ਕਰੀਬ ਛੇ ਵਜੇ ਕਿਸਾਨ ਗੁਰਮੀਤ ਸਿੰਘ ਨੂੰ ਮਹੇਸ਼ ਰਾਮ ਅਤੇ ਰਾਮਸਰਨ ਦਾ ਫੋਨ ਆਇਆ ਜਿਨ੍ਹਾਂ ਦੱਸਿਆ ਕਿ ਵਿਜੇ ਰਾਮ ਦਾ ਰਾਤ ਸਮੇਂ ਕਤਲ ਹੋ ਗਿਆ ਹੈ। ਜਿਸ ਤੋਂ ਬਾਅਦ ਉਹ ਪਿੰਡ ਦੇ ਮੋਹਤਵਰ ਵਿਅਕਤੀਆਂ ਨੂੰ ਨਾਲ ਲੈ ਕੇ ਘਟਨਾ ਸਥਾਨ 'ਤੇ ਗਿਆ ਤੇ ਉਸ ਨੇ ਦੇਖਿਆ ਕਿ 38 ਸਾਲਾਂ ਵਿਜੇ ਰਾਮ ਦਾ ਮ੍ਰਿਤਕ ਸਰੀਰ



ਖੂਨ ਨਾਲ ਲਥਪਥ ਖੇਤ 'ਚ ਪਿਆ ਸੀ, ਜਿਸ ਤੋਂ ਬਾਅਦ ਉਨ੍ਹਾਂ ਨੇ ਇਸ ਦੀ ਸੂਚਨਾ ਨਿਹਾਲ ਸਿੰਘ ਵਾਲਾ ਪੁਲਸ ਨੂੰ ਦਿੱਤੀ। ਪੁਲਸ ਪਾਰਟੀ ਡੀਐੱਸਪੀ ਅਨਬਰ ਅਲੀ, ਥਾਣਾ ਮੁਖੀ ਪੂਰਨ ਸਿੰਘ, ਸਬ ਇੰਸਪੈਕਟਰ ਕੇਵਲ ਸਿੰਘ, ਸਬ ਇਨਸਪੈਕਟਰ ਰਣਜੀਤ ਸਿੰਘ ਦੀ ਅਗਵਾਈ ਵਿੱਚ ਘਟਨਾ ਸਥਾਨ 'ਤੇ ਪਹੁੰਚ ਗਈ। ਉਨ੍ਹਾਂ ਮ੍ਰਿਤਕ ਵਿਜੇ ਰਾਮ ਦੀ ਲਾਸ਼ ਨੂੰ ਕਬਜੇ 'ਚ ਲੈ ਕੇ ਉਸ ਨੂੰ ਪੋਸਟਮਾਰਟਮ ਲਈ ਮੋਗਾ ਦੇ ਸਿਵਲ ਹਸਪਤਾਲ ਵਿਖੇ ਪਹੁੰਚਾ ਦਿੱਤਾ। ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਮ੍ਰਿਤਕ ਵਿਜੇ ਰਾਮ ਦੇ ਸਾਥੀਆਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ ਅਤੇ ਹੋਰ ਘਟਨਾਂ ਸਬੰਧੀ ਹੋਰ ਤੱਥ ਇਕੱਠੇ ਕੀਤੇ ਜਾ ਰਹੇ ਹਨ। ਜਾਂਚ ਕਰਕੇ ਇਸ ਕਤਲ ਦਾ ਜਲਦੀ ਹੀ ਸੁਰਾਗ ਲਗਾ ਲਿਆ ਜਾਵੇਗਾ।

## ਸ਼ਰਾਰਤੀ ਅਨਸਰਾਂ ਨੇ ਫਿਰ ਕੇਂਦਰੀ ਜੇਲ੍ਹ ਅੰਦਰ ਪੈਕਟ ਸੁੱਟੇ

ਫਿਰੋਜ਼ਪੁਰ 5 ਮਈ। ਕੇਂਦਰੀ ਜੇਲ੍ਹ ਫਿਰੋਜ਼ਪੁਰ ਦੇ ਬਾਹਰੋਂ ਸ਼ਰਾਰਤੀ ਅਨਸਰਾਂ ਵੱਲੋਂ ਪਿਛਲੇ ਕਾਫੀ ਸਮੇਂ ਤੋਂ ਪੈਕਟਾਂ 'ਚ ਬੰਦ ਕਰ ਕੇ ਮੋਬਾਇਲ, ਸਿਮ ਕਾਰਡ ਅਤੇ ਨਸ਼ੀਲੇ ਪਦਾਰਥ ਜੇਲ ਅੰਦਰ ਸੁੱਟਣ ਦਾ ਰੁਝਾਨ ਲਗਾਤਾਰ ਜਾਰੀ ਹੈ। ਇਕ ਵਾਰ ਫਿਰ ਸ਼ਰਾਰਤੀ ਅਨਸਰਾਂ ਵੱਲੋਂ ਜੇਲ੍ਹ ਅੰਦਰ ਪੈਕੇਟ ਸੁੱਟੇ ਗਏ, ਜਿਨ੍ਹਾਂ ਨੂੰ ਜੇਲ੍ਹ ਪ੍ਰਸ਼ਾਸਨ ਨੇ ਕਬਜ਼ੇ 'ਚ ਲੈ ਲਿਆ ਹੈ ਤੇ ਉਨ੍ਹਾਂ ਤੋਂ 11 ਮੋਬਾਇਲ, ਸਿਮ ਕਾਰਡ ਅਤੇ ਨਸ਼ੀਲੇ ਪਦਾਰਥ ਬਰਾਮਦ ਹੋਏ ਹਨ, ਜਿਸ ਦੇ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਥਾਣੇ ਦੀ ਪੁਲਸ ਵੱਲੋਂ ਜੇਲ੍ਹ 'ਚ ਬੰਦ 13 ਕੈਦੀਆਂ ਤੇ ਹਵਾਲਾਤੀਆਂ ਖ਼?ਲਾਫ਼ ਮਾਮਲਾ ਦਰਜ ਕੀਤਾ ਗਿਆ ਹੈ। ਇਹ ਜਾਣਕਾਰੀ ਦਿੰਦੇ ਹੋਏ ਏ. ਐੱਸ. ਆਈ. ਰਮਨ ਕੁਮਾਰ ਨੇ ਦੱਸਿਆ ਕਿ ਕੇਂਦਰ ਜੇਲ੍ਹ ਫਿਰੋਜ਼ਪੁਰ ਦੇ ਸਹਾਇਕ ਸੁਪਰੀਡੈਂਟ ਵੱਲੋਂ ਭੇਜੀ ਗਈ ਲਿਖਤੀ ਸੂਚਨਾ ਅਨੁਸਾਰ ਤਲਾਸ਼ੀ ਦੌਰਾਨ ਰੂਪ ਸਿੰਘ, ਸ਼ੇਰਾ ਸਿੰਘ, ਸਤਨਾਮ ਸਿੰਘ, ਸੁਮਿਨ ਪੁੱਤਰ ਚੇਤਨ, ਸਤਨਾਮ ਸਿੰਘ, ਸਤਪਾਲ ਸਿੰਘ, ਸ਼ਗੁਨ ਲਾਲ, ਪਰਮਜੀਤ ਸਿੰਘ, ਸ਼ੈਰੀ, ਸੰਦੀਪ, ਗਗਨਦੀਪ, ਰਮਨ ਕੁਮਾਰ ਅਤੇ ਗੁਰਲਾਲ ਸਿੰਘ ਤੋਂ 11 ਮੋਬਾਇਲ ਫੋਨ, ਤਿੰਨ ਸਿਮ ਕਾਰਡ, ਇਕ ਡਾਟਾ ਕੇਬਲ, 82 ਤੰਬਾਕੂ ਦੀਆਂ ਪੁੜੀਆਂ ਅਤੇ 4 ਸਿਗਰੇਟ ਦੀਆਂ ਡੱਬੀਆਂ ਬਰਾਮਦ ਹੋਈਆਂ ਹਨ।

## ਗੁਰੂਹਰਸਹਾਏ ਤੋਂ ਪਹਿਲਾਂ ਕੀਤਾ ਅਗਵਾ, ਫਿਰ ਸਾਰਾ ਦਿਨ ਕੁੱਟਣ ਤੋਂ ਬਾਅਦ ਕੀਤਾ ਕਤਲ

ਜਲਾਲਾਬਾਦ 5 ਮਈ। ਜਲਾਲਾਬਾਦ ਹਲਕੇ ਦੇ ਪਿੰਡ ਸੜੀਆ ਦੇ ਵਿਅਕਤੀਆਂ ਵਲੋਂ ਪੈਸਿਆਂ ਦੇ ਲੈਣ ਦੇਣ ਦੇ ਚੱਲਦੇ ਉਸ ਨੂੰ ਗੁਰੂਹਰਸਹਾਏ ਤੋਂ ਪਹਿਲਾ ਅਗਵਾ ਕਰਕੇ ਲਿਆਂਦਾ ਗਿਆ ਅਤੇ ਬਾਅਦ 'ਚ ਉਸਦਾ ਬੇਰਹਿਮੀ ਦੇ ਨਾਲ ਕਤਲ ਕਰਕੇ ਲਾਸ਼ ਨੂੰ ਪਿੰਡ ਹੌਜ ਖਾਸ ਦੇ ਸੇਮਨਾਲ 'ਚ ਖੁਰਦ ਬੁਰਦ ਕਰਨ ਦੀ ਕੋਸ਼ਿਸ਼ ਕੀਤੀ ਗਈ। ਜਾਣਕਾਰੀ ਮੁਤਾਬਕ ਗੁਰੂਹਰਸਹਾਏ ਦੇ ਭੱਠਾ ਬਸਤੀ ਤੋਂ ਰਮੇਸ਼ ਕੁਮਾਰ ਨੂੰ ਬੀਤੇ ਦਿਨੀਂ ਜਲਾਲਾਬਾਦ ਹਲਕੇ ਦੇ ਪਿੰਡ ਹੌਜ ਖਾਸ ਦੇ ਰਹਿਣ ਵਾਲੇ ਸ਼ਾਮ ਲਾਲ (ਜੋ ਨਿਹੰਗ ਸਿੰਘ ਦੇ ਭੇਸ ਵਿਚ ਰਹਿੰਦਾ ਹੈ) ਅਤੇ ਉਸਦੇ ਸਾਥੀਆਂ ਨੇ ਕਾਰ 'ਚ ਅਗਵਾ ਕਰਕੇ ਆਪਣੇ ਪਿੰਡ ਲੈ ਗਿਆ ਤੇ ਸਾਰਾ ਦਿਨ ਉਸ ਨਾਲ ਕੁੱਟਮਾਰ ਕੀਤੀ ਅਤੇ ਸ਼ਾਮ ਨੂੰ ਇਸ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ। ਪੁਲਸ ਅਨੁਸਾਰ ਕਤਲ ਕਰਨ ਤੋਂ ਬਾਅਦ ਦੋਸ਼ੀਆਂ ਵੱਲੋਂ ਰਮੇਸ਼ ਕੁਮਾਰ ਦੀ ਲਾਸ਼ ਨੂੰ ਪਿੰਡ ਹੌਜ ਖਾਸ ਦੇ ਸੇਮਨਾਲੇ 'ਚ ਟਿਕਾਣੇ ਲਗਾਇਆ ਜਾ ਰਿਹਾ ਸੀ ਤਾਂ ਇਸ ਦਾ ਪਤਾ ਪੁਲਸ ਨੂੰ ਲੱਗਣ 'ਤੇ ਦੋਸ਼ੀ ਸ਼ਾਮ ਲਾਲ ਅਤੇ ਉਸਦੀ ਪਤਨੀ ਨੂੰ



ਕਾਬੂ ਕਰ ਲਿਆ ਗਿਆ ਅਤੇ ਲਾਸ਼ ਬਰਾਮਦ ਕਰ ਲਈ ਗਈ। ਕਤਲ ਕਰਨ ਵਾਲੇ ਦੋਸ਼ੀਆਂ 'ਚ ਵਿਅਕਤੀ ਸ਼ਾਮ ਲਾਲ ਨੇ ਕੈਮਰੇ ਦੇ ਸਾਹਮਣੇ ਆਪਣੇ ਗੁਨਾਹ ਨੂੰ ਕਬੂਲ ਕਰਦੇ ਹੋਏ ਕਿਹਾ ਕਿ ਰਮੇਸ਼ ਕੁਮਾਰ ਨੇ ਉਸਦੇ ਨਾਲ ਠੱਗੀ ਕੀਤੀ ਸੀ ਜਿਸ ਦੇ ਚੱਲਦਿਆਂ ਉਸ ਨੇ ਇਸ ਵਾਰਦਾਤ ਨੂੰ ਅੰਜਾਮ ਦਿੱਤਾ ਹੈ। ਇਸ ਮਾਮਲੇ ਸਬੰਧੀ ਥਾਣਾ ਗੁਰੂਹਰਸਹਾਏ ਦੇ ਐੱਸ.ਐੱਚ.ਓ. ਜਸਵਿੰਦਰ ਸਿੰਘ ਬਰਾੜ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਮ੍ਰਿਤਕ ਰਮੇਸ਼ ਕੁਮਾਰ ਦੀ ਪਤਨੀ ਦੇ ਬਿਆਨਾਂ 'ਤੇ 4 ਲੋਕਾਂ ਵਿਰੁੱਧ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਇਸ ਵਾਰਦਾਤ ਦੇ 'ਚ ਸ਼ਾਮਲ 2 ਮੁੱਖ ਦੋਸ਼ੀਆਂ ਪਤੀ-ਪਤਨੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਜਦਕਿ ਬਾਕੀ ਦੇ 2 ਮੁਲਜ਼ਮਾਂ ਦੀ ਭਾਲ ਲਈ ਪੁਲਸ ਵਲੋਂ ਛਾਪੇਮਾਰੀ ਕੀਤੀ ਜਾ ਰਹੀ ਹੈ।

## ਪਾਣੀਆਂ ਦੇ ਮੁੱਦੇ ਨੂੰ ਲੈ ਕੇ ਵਿਧਾਇਕ ਰੁਪਿੰਦਰ ਸਿੰਘ ਹੈਪੀ ਨੇ ਫੂਕਿਆ ਕੇਂਦਰ ਸਰਕਾਰ ਦਾ ਪੁਤਲਾ

ਫ਼ਤਹਿਗੜ੍ਹ ਸਾਹਿਬ 5 ਮਈ। 22$2 ਵੱਲੋਂ ਹਰਿਆਣਾ ਨੂੰ ਵਾਧੂ ਪਾਣੀ ਦੇਣ ਦੇ ਐਲਾਨ ਤੋਂ ਬਾਅਦ ਆਮ ਆਦਮੀ ਪਾਰਟੀ ਦੇ ਆਗੂਆਂ ਵੱਲੋਂ ਥਾਂ-ਥਾਂ 'ਤੇ ਕੇਂਦਰ ਸਰਕਾਰ ਖ਼?ਲਾਫ਼ ਪ੍ਰਦਰਸ਼ਨ ਕੀਤੇ ਜਾ ਰਹੇ ਹਨ। ਇਸੇ ਤਹਿਤ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੇ ਹਲਕਾ ਬੱਸੀ ਪਠਾਣਾ ਤੋਂ ਵਿਧਾਇਕ ਰੁਪਿੰਦਰ ਸਿੰਘ ਹੈਪੀ ਵੱਲੋਂ ਸਾਥੀਆਂ ਸਣੇ ਬੱਸੀ ਪਠਾਣਾ ਵਿਖੇ ਕੇਂਦਰ ਸਰਕਾਰ ਖ਼?ਲਾਫ਼ ਨਾਰੇਬਾਜ਼ੀ ਕਰਦਿਆਂ ਪੁਤਲਾ ਫੂਕ ਪ੍ਰਦਰਸ਼ਨ ਕੀਤਾ



ਗਿਆ। ਇਸ ਸਬੰਧੀ ਵਿਧਾਇਕ ਰੁਪਿੰਦਰ ਸਿੰਘ ਹੈਪੀ ਨੇ ਕਿਹਾ ਕਿ ਕੇਂਦਰ ਸਰਕਾਰ ਦਾ ਕੰਮ ਪਹਿਲਾ ਵਾਂਗ ਧੱਕਾ ਕਰਨ ਵਾਲਾ ਚੱਲ ਰਿਹਾ ਹੈ, ਜੋ ਕਿ ਬਿਲਕੁਲ ਵੀ ਸਹਿਣ ਨਹੀਂ ਕੀਤਾ ਜਾਵੇਗਾ। ਕੇਂਦਰ ਸਰਕਾਰ ਨੇ ਭਾਖੜਾ ਬਿਆਸ ਮੈਨਜਮੈਂਟ ਬੋਰਡ ਦਾ ਪਾਣੀ ਬਿਨਾਂ ਪੰਜਾਬ ਦੀ ਸਹਿਮਤੀ ਤੋਂ ਹਰਿਆਣਾ ਨੂੰ ਦੇ ਦਿੱਤਾ। ਇਸ ਸਬੰਧੀ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਪਹਿਲਾ ਹੀ ਦੱਸ ਦਿੱਤਾ ਗਿਆ ਸੀ ਸਾਡੇ ਕੋਲ ਕਿਸੇ ਨੂੰ ਦੇਣ ਲਈ ਇਕ ਬੂੰਦ ਪਾਣੀ ਵੀ ਫ਼ਾਲਤੂ ਨਹੀਂ ਹੈ। ਇਹ ਪੰਜਾਬ ਦਾ ਅਤੇ ਪੰਜਾਬ ਦੇ ਲੋਕਾਂ ਦਾ ਪਾਣੀ ਹੈ, ਇਹ ਸਾਡਾ ਪਾਣੀ ਹੈ ਅਤੇ ਇਸ 'ਤੇ ਸਿਰਫ਼ ਪੰਜਾਬੀਆਂ ਦਾ ਹੱਕ ਹੈ। ਇਹ ਗੈਰ ਕਾਨੂੰਨੀ ਤਰੀਕੇ ਨਾਲ ਹਰਿਆਣਾ ਨੂੰ ਦੇਣ ਦਾ ਐਲਾਨ ਕਰਨਾ ਗ਼ਲਤ ਹੈ, ਅਸੀਂ ਇਕ ਵੀ ਬੂੰਦ ਬਾਹਰ ਨਹੀਂ ਜਾਣ ਦੇਵਾਂਗੇ।

# ਲੁੱਟਾਂ-ਖੋਹਾਂ ਕਰਨ ਵਾਲੇ ਦੋ ਕਾਬੂ, ਮੋਬਾਈਲ ਫੋਨ ਤੇ ਮੋਟਰਸਾਈਕਲ ਬਰਾਮਦ

ਮੋਗਾ 5 ਮਈ। ਜ਼ਿਲ੍ਹਾ ਪੁਲਸ ਮੁਖੀ ਅਜੇ ਗਾਂਧੀ ਨੇ ਦੱਸਿਆ ਕਿ ਮੋਗਾ ਪੁਲਸ ਵੱਲੋਂ ਗਲਤ ਅਨਸਰਾਂ ਅਤੇ ਮੋਬਾਇਲ ਖੋਹਣ ਵਾਲੇ ਗਿਰੋਹਾਂ ਨੂੰ ਬੇਨਕਾਬ ਕੀਤਾ ਜਾ ਰਿਹਾ ਹੈ। ਇਸ ਚਲਾਈ ਜਾ ਰਹੀ ਮੁਹਿੰਮ ਨੂੰ ਉਸ ਸਮੇਂ ਸਫਲਤਾ ਮਿਲੀ ਜਦ ਥਾਣਾ ਸਿਟੀ ਸਾਊਥ ਪੁਲਸ ਵੱਲੋਂ ਇਕ ਲੜਕੀ ਤੋਂ ਮੋਬਾਇਲ ਖੋਹਣ ਵਾਲੇ ਦੋ ਨੌਜਵਾਨਾਂ ਨੂੰ ਕਾਬੂ ਕਰ ਕੇ ਉਨ੍ਹਾਂ ਤੋਂ ਖੋਹਿਆ ਗਿਆ ਇਕ ਮੋਬਾਇਲ ਫੋਨ ਅਤੇ ਇਕ ਮੋਟਰ ਸਾਈਕਲ ਬਰਾਮਦ ਕੀਤਾ ਗਿਆ। ਉਨ੍ਹਾਂ ਕਿਹਾ ਕਿ ਥਾਣਾ ਸਿਟੀ ਸਾਊਥ ਨੂੰ ਕੁਲਦੀਪ ਸਿੰਘ ਨਿਵਾਸੀ ਚੱਕੀ ਵਾਲੀ ਗਲੀ ਬਲਦੇਵ ਨਗਰ ਮੋਗਾ ਨੇ ਸ਼ਿਕਾਇਤ ਪੱਤਰ ਦੇ ਕੇ ਕਿਹਾ ਸੀ ਕਿ ਬੀਤੀ 29 ਅਪ੍ਰੈਲ ਨੂੰ ਉਸਦੀ ਬੇਟੀ ਟਿਊਸ਼ਨ ਪੜ੍ਹ ਕੇ ਜਦ ਆਪਣੀ ਸਹੇਲੀ ਦੇ ਨਾਲ ਸਕੂਟਰੀ 'ਤੇ ਘਰ ਵਾਪਸ ਆ ਰਹੀ ਸੀ ਤਾਂ ਦੋ ਅਣਪਛਾਤੇ ਮੋਟਰ ਸਾਈਕਲ ਸਵਾਰ ਨੌਜਵਾਨਾਂ ਨੇ ਰੇਲਵੇ ਬੰਦ ਫਾਟਕ ਦੇ ਕੋਲ ਉਸ ਦੀ ਬੇਟੀ ਦਾ ਮੋਬਾਇਲ ਫੋਨ ਜਿਸ ਨੂੰ ਉਹ ਸੁਣ ਰਹੀ ਸੀ, ਖੋਹਿਆ ਅਤੇ ਫਰਾਰ ਹੋ ਗਏ। ਸ਼ਿਕਾਇਤ 'ਤੇ ਥਾਣਾ ਸਿਟੀ ਸਾਊਥ ਪੁਲਸ ਵੱਲੋਂ ਮਾਮਲਾ ਦਰਜ ਕੀਤਾ ਗਿਆ ਸੀ। ਮਾਮਲੇ ਨੂੰ ਗੰਭੀਰਤਾ ਨਾਲ



ਲੈਂਦੇ ਹੋਏ ਡੀਐੱਸਪੀ ਸਿਟੀ ਰਵਿੰਦਰ ਸਿੰਘ ਦੀ ਅਗਵਾਈ ਵਿਚ ਥਾਣਾ ਸਿਟੀ ਸਾਊਥ ਦੇ ਇੰਚਾਰਜ ਵਰੁਣ ਕੁਮਾਰ ਅਤੇ ਸਹਾਇਕ ਥਾਣੇਦਾਰ ਰਛਪਾਲ ਸਿੰਘ ਨੇ ਅਣਪਛਾਤੇ ਲੁਟੇਰਿਆਂ ਦਾ ਸੁਰਾਗ ਲਗਾਉਣ ਦਾ ਯਤਨ ਕੀਤਾ ਤਾਂ ਉਨ੍ਹਾਂ ਆਸ ਪਾਸ ਇਲਾਕੇ ਵਿਚ ਲੱਗੇ ਸੀਸੀਟੀਵੀ ਕੈਮਰਿਆਂ ਦੀ ਫੁਟੈਜ ਨੂੰ ਖੰਗਾਲਿਆ ਅਤੇ ਟੈਕਨੀਕਲ ਤਰੀਕੇ ਨਾਲ ਜਾਂਚ ਕੀਤੀ। ਇਸ ਦੌਰਾਨ ਰਾਜੂ ਸਿੰਘ ਅਤੇ ਨਵਜੋਤ ਸਿੰਘ ਉਰਫ ਨੰਨੂ ਦੋਨੋਂ ਨਿਵਾਸੀ ਪਿੰਡ ਸਾਧਾਂਵਾਲੀ ਬਸਤੀ ਮੋਗਾ ਨੂੰ ਉਕਤ ਮਾਮਲੇ ਵਿਚ ਨਾਮਜ਼ਦ ਕਰ ਕੇ ਉਨ੍ਹਾਂ ਨੂੰ ਜਾ ਦਬੋਚਿਆ ਅਤੇ ਉਨ੍ਹਾਂ ਤੋਂ ਖੋਹਿਆ ਗਿਆ ਸੈਮਸੰਗ ਦਾ ਮੋਬਾਇਲ ਫੋਨ ਅਤੇ ਵਾਰਦਾਤ ਦੇ ਸਮੇਂ ਵਰਤਿਆ ਗਿਆ ਮੋਟਰ ਸਾਈਕਲ ਵੀ ਕਬਜ਼ੇ ਵਿਚ ਲਿਆ, ਜੋ ਉਨ੍ਹਾਂ ਲੁਧਿਆਣਾ ਤੋਂ ਚੋਰੀ ਕੀਤਾ ਸੀ ਦੱਸਿਆ ਜਾ ਰਿਹਾ ਹੈ। ਥਾਣਾ ਮੁਖੀ ਵਰੁਣ ਕੁਮਾਰ ਨੇ ਦੱਸਿਆ ਕਿ ਦੋਨੋਂ ਕਥਿਤ ਦੋਸ਼ੀਆਂ ਨੂੰ ਅੱਜ ਸਹਾਇਕ ਥਾਣੇਦਾਰ ਰਛਪਾਲ ਸਿੰਘ ਵੱਲੋਂ ਪੁੱਛਗਿੱਛ ਕਰਨ ਦੇ ਬਾਅਦ ਮਾਣਯੋਗ ਅਦਾਲਤ ਵਿਚ ਪੇਸ਼ ਕੀਤਾ ਗਿਆ। ਅਦਾਲਤ ਨੇ ਉਨ੍ਹਾਂ ਨੂੰ ਜੁਡੀਸ਼ੀਅਲ ਹਿਰਾਸਤ ਵਿਚ ਭੇਜਿਆ ਹੈ।

## ਠੇਕੇ 'ਚੋਂ 12 ਹਜ਼ਾਰ ਰੁਪਏ ਤੇ ਇਕ ਸ਼ਰਾਬ ਦੀ ਬੋਤਲ ਚੋਰੀ ਕਰਨ ਵਾਲਾ ਪੁਲਸ ਅੜਿੱਕੇ

ਪਾਤੜਾਂ 5 ਮਈ। ਪਾਤੜਾਂ ਪੁਲਸ ਨੇ ਸ਼ਰਾਬ ਦੇ ਠੇਕੇ 'ਚੋਂ 12 ਹਜ਼ਾਰ ਰੁਪਏ ਦੀ ਨਕਦੀ ਅਤੇ ਇਕ ਸ਼ਰਾਬ ਦੀ ਬੋਤਲ ਚੋਰੀ ਕਰਨ ਵਾਲੇ ਵਿਅਕਤੀ ਨੂੰ ਕਾਬੂ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ? ਸ਼ਿਕਾਇਤ ਦਰਜ ਕਰਵਾਉਂਦਿਆਂ ਕੁਲਦੀਪ ਸਿੰਘ ਪੁੱਤਰ ਸੁਰਿੰਦਰ ਸਿੰਘ ਵਾਸੀ ਪਿੰਡ ਪੂਨਾਵਾਲ ਤਹਿਸੀਲਦਾਰ ਧੂਰੀ ਜ਼ਿਲ੍ਹਾ ਸੰਗਰੂਰ ਨੇ ਦੱਸਿਆ ਕਿ ਉਸ ਕੋਲ ਸੰਗਰੂਰ ਕੈਂਚੀਆਂ ਪਾਤੜਾਂ ਵਿਖੇ ਸ਼ਰਾਬ ਦਾ ਠੇਕਾ ਹੈ । ਜਿਥੇ ਮਿਤੀ 14/15-4-2025 ਦੀ ਦਰਮਿਆਨੀ ਰਾਤ ਨੂੰ ਹਰਪ੍ਰੀਤ ਸਿੰਘ ਪੁੱਤਰ ਪ੍ਰੇਮ ਸਿੰਘ ਵਾਸੀ ਪਿੰਡ ਦੁਗਾਲ ਖੁਰਦ ਥਾਣਾ ਪਾਤੜਾਂ ਨੇ ਠੇਕੇ ਪਿੱਛੋਂ ਕੰਧ ਟੱਪ ਕੇ ਅਤੇ ਫਾਈਵਰ ਨੂੰ ਪੁੱਟ ਕੇ ਠੇਕੇ ਵਿੱਚੋਂ 12 ਹਜ਼ਾਰ ਰੁਪਏ ਨਗਦ ਅਤੇ ਇਕ ਸ਼ਰਾਬ ਦੀ ਬੋਤਲ ਕਰ ਕਰ ਲਈ ਹੈ । ਪੁਲਸ ਨੇ ਪੀੜਤ ਦੇ ਬਿਆਨਾਂ 'ਤੇ ਕਥਿਤ ਦੋਸ਼ੀ ਹਰਪ੍ਰੀਤ ਸਿੰਘ ਖਿਲਾਫ ਮੁਕੱਦਮਾ ਨੰਬਰ 78, ਮਿਤੀ 3-5-2025, ਧਾਰਾ 305, 331(4) ਬੀ ਐਨ ਐਸ ਤਹਿਤ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਕਾਰ ਸਵਾਰ ਔਰਤਾਂ ਬਜ਼ੁਰਗ ਔਰਤ ਦੇ ਹੱਥੋਂ 16 ਗ੍ਰਾਮ ਸੋਨੇ ਦਾ ਕੰਗਣ ਲਾਹ ਕੇ ਫਰਾਰ

ਜੈਤੋ 5 ਮਈ। ਚੌਧਰੀ ਬ੍ਰਿਜ ਲਾਲ ਸਟ?ਰੀਟ 'ਚ ਕਾਰ ਸਵਾਰ 2 ਔਰਤਾਂ 80 ਸਾਲਾ ਬਜ਼ੁਰਗ ਔਰਤ ਤ੍ਰਿਸ਼ਨਾ ਦੇਵੀ ਪਤਨੀ ਰਾਜ ਕੁਮਾਰ ਦੇ ਹੱਥੋਂ 16 ਗ੍ਰਾਮ ਸੋਨੇ ਦਾ ਕੰਗਣ ਲਾਹ ਕੇ ਫਰਾਰ ਹੋ ਗਈਆਂ। ਇਸ ਸਬੰਧੀ ਪੀੜਤ ਬਜ਼ੁਰਗ ਔਰਤ ਨੇ ਦੱਸਿਆ ਕਿ ਉਹ ਘਰ ਦੇ ਬਾਹਰ ਖੜ੍ਹੀ ਸੀ। ਅਚਾਨਕ ਇਕ ਕਾਰ ਉਸ ਦੇ ਨੇੜੇ ਆ ਕੇ ਰੁਕੀ, ਜਿਸ 'ਚ ਪਿਛਲੀ ਸੀਟ 'ਤੇ 2 ਧੋਖੇਬਾਜ਼ ਔਰਤਾਂ ਬੈਠੀਆਂ ਸਨ। ਕਾਰ ਦਾ ਨੰਬਰ ਵੀ ਗਲਤ ਸੀ। ਕਾਰ 'ਚ ਬੈਠੀ ਇਕ ਔਰਤ ਨੇ ਬਜ਼ੁਰਗ ਕੋਲੋਂ ਪਾਣੀ ਮੰਗਿਆ ਤੇ ਕਿਹਾ ਕਿ ਗੱਡੀ 'ਚ ਤੁਹਾਡੀ ਭੈਣ ਵੀ ਬੈਠੀ ਹੈ। ਤੁਸੀਂ ਕਾਰ ਦੇ ਦੂਜੇ ਪਾਸੇ ਆ ਕੇ ਉਸ ਨੂੰ ਮਿਲ ਲਵੋ। ਜਦੋਂ ਉਹ ਉੱਥੇ ਪਹੁੰਚੀ ਤਾਂ ਕਾਰ ਵਿਚ ਬੈਠੀ ਔਰਤ ਨੇ ਦਰਵਾਜ਼ਾ ਖੋਲ੍ਹਿਆ ਅਤੇ ਬਜ਼ੁਰਗ ਔਰਤ ਨੂੰ ਜੱਫੀ ਪਾਉਣ ਦੀ ਕੋਸ਼ਿਸ਼ ਕੀਤੀ ਅਤੇ ਉਸ ਦੀ ਬਾਂਹ 'ਚ ਪਾਇਆ ਸੋਨੇ ਦਾ ਕੰਗਣ ਲਾਹ ਲਿਆ।

# ਬਰਾਤ ਤੋਂ ਪਰਤ ਰਹੀ ਕਾਰ ਦਰੱਖਤ ਨਾਲ ਟਕਰਾਈ

ਕੌਸ਼ਾਂਬੀ 5 ਮਈ। ਉੱਤਰ ਪ੍ਰਦੇਸ਼ ਦੇ ਕੌਸ਼ਾਂਬੀ ਜ਼ਿਲ੍ਹੇ ਦੇ ਪਿਪਰੀ ਇਲਾਕੇ 'ਚ ਐਤਵਾਰ ਸਵੇਰੇ ਬਰਾਤੀਆਂ ਨੂੰ ਲੈ ਕੇ ਪਰਤ ਰਹੀ ਇਕ ਕਾਰ ਬੇਕਾਬੂ ਹੋ ਕੇ ਸੜਕ ਕਿਨਾਰੇ ਦਰੱਖਤ ਨਾਲ ਟਕਰਾ ਗਈ। ਇਸ ਹਾਦਸੇ 'ਚ 4 ਲੋਕਾਂ ਦੀ ਮੌਤ ਹੋ ਗਈ। ਪੁਲਸ ਨੇ ਇਹ ਜਾਣਕਾਰੀ ਦਿੱਤੀ। ਪਿਪਰੀ ਥਾਣਾ ਇੰਚਾਰਜ ਸਿਧਾਰਥ ਸਿੰਘ ਨੇ ਦੱਸਿਆ ਕਿ ਹਾਦਸਾ ਤੜਕੇ ਕਰੀਬ 3.30 ਵਜੇ ਗੁੰਗਵਾ ਦਾ ਬਾਗ ਕੋਲ ਵਾਪਰਿਆ, ਜਦੋਂ ਕਾਰ ਸਵਾਰ ਚਾਇਲ ਕਸਬੇ ਦੇ ਅੰਬੇਡਕਰ ਨਗਰ ਇਲਾਕੇ 'ਚ ਆਯੋਜਿਤ ਇਕ ਵਿਆਹ ਸਮਾਰੋਹ ਤੋਂ ਪ੍ਰਯਾਗਰਾਜ ਜ਼ਿਲ੍ਹੇ ਦੇ ਪੂਰਾ ਮੁਫ਼ਤੀ ਖੇਤਰ ਪਰਤ ਰਹੇ ਸਨ। ਉਨ੍ਹਾਂ ਦੱਸਿਆ ਕਿ ਰਸਤੇ 'ਚ ਕਾਰ ਦੇ ਡਰਾਈਵਰ ਨੇ ਇਕ ਹੋਰ ਵਾਹਨ ਤੋਂ ਬਚਣ ਦੀ ਕੋਸ਼ਿਸ਼ ਕੀਤੀ ਅਤੇ ਉਸ ਦੀ ਕਾਰ ਬੇਕਾਬੂ ਹੋ ਕੇ ਦਰੱਖਤ ਨਾਲ ਜਾ ਟਕਰਾਈ। ਸਿੰਘ ਨੇ ਦੱਸਿਆ ਕਿ ਰਾਹਗੀਰਾਂ ਦੀ ਸੂਚਨਾ 'ਤੇ ਪੁਲਸ ਮੌਕੇ 'ਤੇ ਪਹੁੰਚੀ ਅਤੇ ਸਾਰੇ 5 ਲੋਕਾਂ ਨੂੰ ਨੁਕਸਾਨੇ ਵਾਹਨ 'ਚੋਂ ਬਾਹਰ ਕੱਢਿਆ। ਉਨ੍ਹਾਂ ਦੱਸਿਆ ਕਿ ਸਾਰਿਆਂ ਨੂੰ ਕੌਸ਼ਾਂਬੀ ਦੇ ਜ਼ਿਲ੍ਹਾ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਉਨ੍ਹਾਂ 'ਚੋਂ ਚਾਰ ਲੋਕਾਂ ਨੂੰ ਮ੍ਰਿਤਕ ਐਲਾਨ ਦਿੱਤਾ। ਸਿੰਘ ਨੇ ਦੱਸਿਆ ਕਿ ਮ੍ਰਿਤਕਾਂ ਦੀ ਪਛਾਣ ਪ੍ਰਯਾਗਰਾਜ ਜ਼ਿਲ੍ਹੇ ਦੇ ਪੂਰਾ ਮੁਫ਼ਤੀ ਵਾਸੀ ਸੁਨੀਲ ਕੁਮਾਰ ਪਟੇਲ (35), ਰਵੀ ਕੁਮਾਰ ਪਟੇਲ (38) ਅਤੇ ਚਾਂਦ ਬਦਨ (36) ਅਤੇ ਬਲੀਆ ਦੇ ਬਟੇਰੀਆ ਥਾਣਾ ਖੇਤਰ ਦੇ ਵਾਸੀ ਵਿਕਾਸ ਕੁਮਾਰ (38) ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ ਇਸ ਘਟਨਾ 'ਚ ਕਾਰ ਡਰਾਈਵਰ ਗੰਭੀਰ ਰੂਪ ਨਾਲ ਜ਼ਖ਼ਮੀ ਹੋ ਗਿਆ। ਉਸ ਦਾ ਇਲਾਜ ਕੀਤਾ ਜਾ ਰਿਹਾ ਹੈ। ਥਾਣਾ ਇੰਚਾਰਜ ਨੇ ਦੱਸਿਆ ਕਿ ਲਾਸ਼ਾਂ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ ਹੈ ਅਤੇ ਅੱਗੇ ਦੀ ਜਾਂਚ ਜਾਰੀ ਹੈ।

# ਟਰੈਫਿਕ ਪੁਲਸ ਤੇ ਤਹਿਬਾਜ਼ਾਰੀ ਵਿਭਾਗ ਨੇ ਸ਼ਹਿਰ ਦੇ ਅੰਦਰੂਨੀ ਬਾਜ਼ਾਰਾਂ 'ਚ ਚਲਾਈ ਮੁਹਿੰਮ

ਜਲੰਧਰ 5 ਮਈ। ਸ਼ਹਿਰ ਦੇ ਅੰਦਰੂਨੀ ਬਾਜ਼ਾਰਾਂ 'ਚ ਲਗਾਤਾਰ ਵਿਗੜਦੀ ਜਾ ਰਹੀ ਟ?ਰੈਫਿਕ ਵਿਵਸਥਾ ਅਤੇ ਸੜਕ ਕਿਨਾਰੇ ਵੱਧ ਰਹੇ ਕਬਜ਼ਿਆਂ ਦੇ ਮੱਦੇਨਜ਼ਰ, ਟ?ਰੈਫਿਕ ਪੁਲਸ ਅਤੇ ਨਗਰ ਨਿਗਮ ਦੇ ਤਹਿਬਾਜ਼ਾਰੀ ਵਿਭਾਗ ਨੇ ਬੀਤੇ ਦਿਨ ਇਕ ਸਾਂਝੀ ਮੁਹਿੰਮ ਸ਼ੁਰੂ ਕੀਤੀ। ਇਸ ਵਿਸ਼ੇਸ਼ ਕਾਰਵਾਈ ਵਿਚ ਦੁਕਾਨਦਾਰਾਂ ਵੱਲੋਂ ਆਪਣੀਆਂ ਦੁਕਾਨਾਂ ਦੇ ਬਾਹਰ ਫ਼ੈਲਾਏ ਗਏ ਸਾਮਾਨ, ਹੋਰਡਿੰਗ, ਸਟਾਲ ਅਤੇ ਗੱਡੀਆਂ ਨੂੰ ਜ਼ਬਤ ਕਰ ਲਿਆ ਗਿਆ। ਵਿਭਾਗ ਦੀਆਂ ਟੀਮਾਂ ਨੇ ਦੁਕਾਨਦਾਰਾਂ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਭਵਿੱਖ ਵਿਚ ਉਨ੍ਹਾਂ ਨੇ ਦੁਕਾਨਾਂ ਦੀਆਂ ਹੱਦਾਂ ਤੋਂ ਬਾਹਰ ਕੋਈ ਸਾਮਾਨ ਰੱਖਿਆ ਤਾਂ ਉਨ੍ਹਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਇਹ ਮੁਹਿੰਮ ਖ਼ਾਸ ਤੌਰ 'ਤੇ ਮਾਈ ਹੀਰਾ ਗੇਟ, ਟਾਂਡਾ ਚੌਂਕ, ਅੱਡਾ ਹੁਸ਼ਿਆਰਪੁਰ ਚੌਂਕ, ਪੁਰਾਣਾ ਰੇਲਵੇ ਰੋਡ ਅਤੇ ਹੋਰ ਅੰਦਰੂਨੀ ਬਾਜ਼ਾਰਾਂ ਵਿਚ




ਚਲਾਈ ਗਈ, ਜਿੱਥੇ ਸੜਕਾਂ ਦੀ ਚੌੜਾਈ ਪਹਿਲਾਂ ਹੀ ਘੱਟ ਹੈ ਅਤੇ ਉਪਰੋਂ ਦੁਕਾਨਦਾਰਾਂ ਵੱਲੋਂ ਕੀਤੇ ਗਏ ਕਬਜ਼ਿਆਂ ਕਾਰਨ ਪੈਦਲ ਚੱਲਣਾ ਮੁਸ਼ਕਲ ਹੋਇਆ ਪਿਆ ਸੀ। ਜ਼ਿਕਰਯੋਗ ਹੈ ਕਿ ਇਕ ਦਿਨ ਪਹਿਲਾਂ ਇਨ੍ਹਾਂ ਬਾਜ਼ਾਰਾਂ ਦੇ ਵਪਾਰੀਆਂ ਅਤੇ ਸਥਾਨਕ ਨਿਵਾਸੀਆਂ ਨੇ ਏ. ਡੀ. ਸੀ. ਪੀ. ਟ?ਰੈਫਿਕ ਗੁਰਬਾਜ ਸਿੰਘ ਅਤੇ ਟ?ਰੈਫਿਕ ਇੰਸਪੈਕਟਰ ਰਸ਼ਮਿੰਦਰ ਸਿੰਘ ਨਾਲ ਇਕ ਜਨਤਕ ਮੀਟਿੰਗ ਕੀਤੀ ਸੀ। ਮੀਟਿੰਗ 'ਚ ਵਿਗੜਦੀ ਜਾ ਰਹੀ ਟ?ਰੈਫਿਕ ਸਮੱਸਿਆ ਨੂੰ ਖੁੱਲ੍ਹ ਕੇ ਉਠਾਇਆ ਗਿਆ। ਟ?ਰੈਫਿਕ ਪੁਲਸ ਅਤੇ ਤਹਿਬਾਜ਼ਾਰੀ ਵਿਭਾਗ ਦੀ ਕਾਰਵਾਈ ਨੂੰ ਵੇਖ ਕੇ ਦੁਕਾਨਦਾਰਾਂ ਵਿਚ ਹਫ਼ੜਾ-ਦਫ਼ੜੀ ਮੱਚ ਗਈ। ਏ. ਡੀ. ਸੀ. ਪੀ. ਟ?ਰੈਫਿਕ ਗੁਰਬਾਜ ਸਿੰਘ ਨੇ ਸਪੱਸ਼ਟ ਕੀਤਾ ਕਿ ਸ਼ਹਿਰ ਦੇ ਕਿਸੇ ਵੀ ਹਿੱਸੇ ਵਿਚ ਆਵਾਜਾਈ ਵਿਚ ਵਿਘਨ ਪਾਉਣ ਵਾਲਿਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

## ਅੰਮ੍ਰਿਤਸਰ 'ਚ ਖ਼ੂਨ ਨਾਲ ਲਥਪਥ ਮਿਲੀ ਔਰਤ ਦੀ ਲਾਸ਼, ਇਲਾਕੇ 'ਚ ਫੈਲੀ ਸਨਸਨੀ

ਅੰਮ੍ਰਿਤਸਰ 5 ਮਈ। ਮਾਮਲਾ ਅੰਮ੍ਰਿਤਸਰ ਦੇ ਹਲਕਾ ਰਾਜਾਸਾਂਸੀ ਅਧੀਨ ਆਉਂਦੇ ਪਿੰਡ ਚੋਗਾਵਾਂ ਤੋ ਸਾਹਮਣੇ ਆਇਆ ਹੈ ਜਿਥੇ ਦਿਨ ਚੜਦੇ ਨੂੰ ਇਕ ਦੁਕਾਨ ਦੇ ਬਾਹਰ ਖ਼ੂਨ ਨਾਲ ਲਥਪਥ ਇਕ ਔਰਤ ਦੀ ਲਾਸ਼ ਮਿਲੀ ਹੈ ਜਿਸਨੂੰ ਕਿ ਇਲਾਕੇ ਦੇ ਲੋਕਾਂ ਵੱਲੋਂ ਪੁਲਸ ਨੂੰ ਬੁਲਾ ਹਵਾਲੇ ਕੀਤਾ ਹੈ ਅਤੇ ਪੁਲਸ ਵੱਲੋਂ ਇਸਦਾ ਪੋਸਟਮਾਰਟਮ ਕਰਵਾਉਣ ਦੀ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ। ਇਸ ਸੰਬਧੀ ਜਾਣਕਾਰੀ ਦਿੰਦਿਆਂ ਚੋਗਾਵਾਂ ਥਾਣੇ ਦੇ ਐੱਸਐੱਚਓ ਹਿਮਾਸ਼ੂ ਭਗਤ ਨੇ ਦੱਸਿਆ ਕਿ ਸਾਨੂੰ ਇਤਲਾਹ ਮਿਲੀ ਸੀ ਕਿ ਹਲਕਾ ਰਾਜਾਸਾਂਸੀ ਦੇ ਅਜਨਾਲਾ ਰੋਡ ਪਿੰਡ ਚੁਗਾਵਾਂ ਵਿਖੇ ਇਕ ਦੁਕਾਨ ਦੇ ਬਾਹਰ ਇਕ ਔਰਤ ਦੀ ਖ਼ੂਨ ਨਾਲ ਲਥਪਥ ਲਾਸ਼ ਮਿਲੀ ਜਿਸਨੂੰ ਕਬਜ਼ੇ ਵਿਚ ਲੈ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ ਅਤੇ ਫਿਲਹਾਲ ਇਸਦੇ ਮੌਤ ਦੇ ਕਾਰਣ ਦਾ ਪਤਾ ਨਹੀਂ ਚਲਿਆ ਹੈ। ਪਿੰਡ ਵਾਸੀਆਂ ਮੁਤਾਬਕ ਇਹ ਔਰਤ ਕੁਝ ਦਿਨਾਂ ਤੋਂ ਪਿੰਡ ਵਿਚ ਘੁੰਮ ਰਹੀ ਸੀ ਅਤੇ ਅੱਜ ਸਵੇਰੇ ਉਸਦੀ ਖ਼ੂਨ ਨਾਲ ਲਥਪਥ ਲਾਸ਼ ਮਿਲੀ ਹੈ, ਜਿਸਨੂੰ ਕਬਜ਼ੇ ਵਿਚ ਲੈ ਲਿਆ ਗਿਆ ਹੈ ਪਰ ਇਸ ਲਾਸ਼ ਮਿਲਣ ਨਾਲ ਪੂਰੇ ਇਲਾਕੇ 'ਚ ਸਨਸਨੀ ਫੈਲ ਗਈ ਹੈ।

# ਦੋ ਸਕੂਲ ਬੱਸਾਂ ਦੀ ਹੋ ਗਈ ਟੱਕਰ, ਪੈ ਗਿਆ ਚੀਕ-ਚੀਹਾੜਾ

ਫਿਲੌਰ, 5 ਮਈ। ਫਗਵਾੜਾ ਦੇ ਪਿੰਡ ਖੇੜਾ ਤੋਂ ਪਿੰਡ ਮੌਲੀ ਵਿਖੇ ਇਕ ਵੱਡਾ ਹਾਦਸਾ ਵਾਪਰ ਗਿਆ। ਇਥੇ ਸੜਕ ਕਿਨਾਰੇ ਖੇਤਾਂ ਵਿੱਚ ਸਕੂਲ ਬੱਸ ਪਲਟ ਜਾਣ ਕਾਰਨ ਚੀਕ-ਚੀਹਾੜਾ ਪੈ ਗਿਆ। ਮਿਲੀ ਜਾਣਕਾਰੀ ਅਨੁਸਾਰ ਗੁਰਾਇਆ ਦੇ ਸ਼?ਰੀ ਹਨੂਮੰਤ ਇੰਟਰਨੈਸ਼ਨਲ ਸਕੂਲ ਦੀ ਬੱਸ ਖੇਤਾਂ ਵਿੱਚ ਪਲਟ ਗਈ ਜਿਸ ਨਾਲ ਸਕੂਲ ਬੱਸ ਦੇ ਡਰਾਈਵਰ ਜੋਗੇਸ਼ ਕੁਮਾਰ ਅਤੇ ਕੰਡਕਟਰ ਜਖਮੀ ਹੋ ਗਏ ਜਿਨਾਂ ਨੂੰ ਇਲਾਜ ਲਈ ਸ਼ਹਿਰ ਦੇ ਨਿਜੀ ਹਸਪਤਾਲ ਵਿਖੇ ਦਾਖਲ ਕਰਵਾਇਆ ਗਿਆ। ਇਸ ਹਾਦਸੇ ਦੌਰਾਨ ਬੱਸ ਵਿੱਚ ਸਵਾਰ ਦੋ ਬੱਚੇ ਵਾਲ-ਵਾਲ ਬਚ ਗਏ। ਇਸ ਮੌਕੇ ਗੱਲਬਾਤ ਕਰਦਿਆਂ ਹਨੂਮੰਤ ਇੰਟਰਨੈਸ਼ਨਲ ਸਕੂਲ ਦੇ ਬੱਸ ਦੇ ਡਰਾਈਵਰ ਯੋਗੇਸ਼ ਕੁਮਾਰ ਨੇ ਦੱਸਿਆ ਕਿ ਸਾਹਮਣੇ ਤੋਂ ਆ ਰਹੀ ਫਗਵਾੜਾ ਦੇ ਕੈਂਬਰਿਜ ਇੰਟਰਨੈਸ਼ਨਲ ਸਕੂਲ ਦੀ ਬੱਸ ਤੇਜ਼ ਰਫਤਾਰ ਨਾਲ ਆ ਰਹੀ ਸੀ ਜਿਸ ਦੌਰਾਨ ਉਹ ਆਪਣੀ ਬੱਸ ਨੂੰ ਇੱਕ ਸਾਈਡ 'ਤੇ



ਕਰਨ ਲੱਗਾ ਤਾਂ ਉਹ ਅਚਾਨਕ ਖੇਤਾਂ ਵਿੱਚ ਪਲਟ ਗਈ। ਉਧਰ ਇਸ ਸਬੰਧੀ ਜਦੋਂ ਕੈਬਰੇਜ ਇੰਟਰਨੈਸ਼ਨਲ ਪਬਲਿਕ ਸਕੂਲ ਦੀ ਬੱਸ ਦੇ ਡਰਾਈਵਰ ਜਸਵਿੰਦਰ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਸ ਨੇ ਦੱਸਿਆ ਕਿ ਉਸਦੀ ਬੱਸ ਵਿੱਚ 6 ਤੋਂ 7 ਦੇ ਕਰੀਬ ਬੱਚੇ ਮੌਜੂਦ ਸਨ ਅਤੇ ਉਹ ਬੱਸ ਨੂੰ ਬੜੀ ਹੀ ਘੱਟ ਸਪੀਡ ਨਾਲ ਲਿਆ ਰਿਹਾ ਸੀ ਜਦਕਿ ਸਾਹਮਣੇ ਤੋਂ ਆ ਰਹੀ ਦੂਜੇ ਸਕੂਲ ਦੀ ਬੱਸ ਕਾਫੀ ਰਫਤਾਰ ਨਾਲ ਆ ਰਹੀ ਸੀ ਜਿਸ ਕਾਰਨ ਬੱਸ ਦਾ ਸੰਤੁਲਨ ਵਿਗੜ ਗਿਆ ਤੇ ਖੇਤਾਂ ਵਿੱਚ ਪਲਟ ਗਈ। ਕੈਂਬਰੇਜ ਸਕੂਲ ਦੇ ਇਕ ਵਿਦਿਆਰਥੀ ਨੇ ਦੱਸਿਆ ਕਿ ਦੂਜੇ ਸਕੂਲ ਦੀ ਬੱਸ ਤੇਜ਼ ਰਫਤਾਰ ਵਿੱਚ ਸੀ।

# ਸ਼ਰਾਬ ਠੇਕੇਦਾਰ ਦੀ ਗੱਡੀ ਦੀ ਦਹਿਸ਼ਤ ! ਦੋ ਲੋਕਾਂ ਨੂੰ ਉਤਾਰਿਆ ਮੌਤ ਦੇ ਘਾਟ

ਬਰਨਾਲਾ 5 ਮਈ। ਸੰਗਰੂਰ ਵਿਚ ਇਕ ਵੱਡੀ ਘਟਨਾ ਸਾਹਮਣੇ ਆਈ ਹੈ, ਜਿਥੇ ਸ਼ਰਾਬ ਠੇਕੇਦਾਰ ਦੀ ਗੱਡੀ ਨੇ ਦੋ ਲੋਕਾਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਬਰਨਾਲਾ ਦੇ ਧਨੌਲਾ ਅਤੇ ਬਰਨਾਲਾ ਸ਼ਹਿਰ ਵਿੱਚ ਦੋ ਵੱਖ-ਵੱਖ ਘਟਨਾਵਾਂ ਵਾਪਰੀਆਂ ਜਿਸ ਵਿੱਚ ਦੋ ਲੋਕਾਂ ਦੀ ਮੌਤ ਹੋ ਗਈ, ਜਦੋਂ ਕਿ ਦੋ ਗੰਭੀਰ ਜ਼ਖਮੀ ਸਿਵਲ ਹਸਪਤਾਲ ਵਿੱਚ ਹਨ। ਕਾਰ ਚਾਲਕ ਨੇ ਪਹਿਲਾਂ ਧਨੌਲਾ ਸ਼ਹਿਰ ਦੇ ਬੱਸ ਸਟੈਂਡ ਨੇੜੇ ਇੱਕ ਬੋਲ? ਅਤੇ ਗੂੰਗੇ ਵਿਅਕਤੀ ਨੂੰ ਟੱਕਰ ਮਾਰੀ ਅਤੇ ਉਸਨੂੰ ਕਾਫ਼ੀ ਦੂਰ ਤੱਕ ਘਸੀਟ ਕੇ ਲੈ ਗਿਆ। ਮ੍ਰਿਤਕ ਧਨੌਲਾ ਸਥਿਤ ਪ੍ਰਾਚੀਨ ਹਨੂੰਮਾਨ ਮੰਦਰ ਦਾ ਸੇਵਕ ਸੀ। ਇਸ ਤੋਂ ਬਾਅਦ ਕਾਰ ਚਾਲਕ ਨੇ ਬਰਨਾਲਾ ਦੇ ਡੀ-ਮਾਰਟ ਨੇੜੇ ਮੋਟਰਸਾਈਕਲ ਸਵਾਰ ਇੱਕ ਨੌਜਵਾਨ ਨੂੰ ਟੱਕਰ ਮਾਰ ਦਿੱਤੀ ਅਤੇ ਉਸਦੀ ਮੌਤ ਹੋ ਗਈ। ਮ੍ਰਿਤਕ ਨੌਜਵਾਨ ਤਿੰਨ ਭੈਣਾਂ ਦਾ ਇਕਲੌਤਾ ਭਰਾ ਸੀ ਅਤੇ ਇੱਕ ਗਰੀਬ ਪਰਿਵਾਰ ਨਾਲ ਸਬੰਧਤ ਸੀ। ਦੋਵੇਂ ਘਟਨਾਵਾਂ ਵਿੱਚ ਮ੍ਰਿਤਕ ਧਨੌਲਾ ਕਸਬੇ ਦੇ ਵਸਨੀਕ ਹਨ, ਇਸ ਘਟਨਾ ਨਾਲ ਪੂਰੇ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ। ਪੁਲਿਸ ਅਨੁਸਾਰ ਘਟਨਾ ਵਿੱਚ ਸ਼ਾਮਲ ਗੱਡੀ ਸ਼ਰਾਬ ਠੇਕੇਦਾਰਾਂ ਦੀ ਹੈ ਅਤੇ ਦੋਸ਼ੀ ਡਰਾਈਵਰ ਉਨ੍ਹਾਂ ਦੀ ਗੱਡੀ ਚਲਾਉਂਦਾ ਹੈ। ਪੁਲਸ ਨੇ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ ਅਤੇ ਉਸ ਵਿਰੁੱਧ ਦੋ ਵੱਖ-ਵੱਖ ਥਾਵਾਂ 'ਤੇ ਮਾਮਲੇ ਦਰਜ ਕੀਤੇ ਹਨ। ਇਸ ਮੌਕੇ 'ਤੇ ਪਿੰਡ ਵਾਸੀ ਵੀਨਾ ਸ਼ਰਮਾ ਨੇ ਦੱਸਿਆ ਕਿ ਮ੍ਰਿਤਕ ਭੂਸ਼ਣ ਕੁਮਾਰ ਦੀ ਮੌਤ ਗਊਸ਼ਾਲਾ ਧਨੌਲਾ ਨੇੜੇ ਸ਼ਰਾਬ ਦੀ ਗੱਡੀ ਦੀ ਟੱਕਰ ਨਾਲ ਹੋਈ, ਜਦੋਂ ਉਹ ਸ਼ਾਮ 7 ਵਜੇ ਦੇ ਕਰੀਬ ਸ਼੍ਰੀ ਹਨੂੰਮਾਨ ਮੰਦਿਰ ਬਰਨੇਵਾਲਾ ਵਿਖੇ ਸੇਵਾ ਕਰਨ ਤੋਂ ਬਾਅਦ ਘਰ ਪਰਤ ਰਿਹਾ ਸੀ। ਉਨ੍ਹਾਂ ਕਿਹਾ ਕਿ ਟੱਕਰ ਤੋਂ ਬਾਅਦ ਗੱਡੀ ਵਾਲਾ ਮ੍ਰਿਤਕ ਅਤੇ ਉਸਦੀ ਸਾਈਕਲ ਨੂੰ ਦੋ ਕਿਲੋਮੀਟਰ ਤੱਕ ਘਸੀਟਦੇ ਲੈ ਗਿਆ। ਡਰਾਈਵਰ ਨੂੰ ਫੜਨ ਲਈ ਗੱਡੀ ਦੇ ਪਿੱਛੇ ਇੱਕ ਮੋਟਰਸਾਈਕਲ



ਭਜਾਇਆ ਗਿਆ, ਜਿਸ ਤੋਂ ਬਾਅਦ ਡਰਾਈਵਰ ਤੇਜ਼ ਰਫ਼ਤਾਰ ਨਾਲ ਗੱਡੀ ਲੈ ਕੇ ਭੱਜ ਗਿਆ। ਉਨ੍ਹਾਂ ਕਿਹਾ ਕਿ ਡੀ-ਮਾਰਟ ਨੇੜੇ ਇੱਕ ਵਾਹਨ ਚਾਲਕ ਨੂੰ ਪਿੱਛੇ ਤੋਂ ਟੱਕਰ ਮਾਰਨ ਤੋਂ ਬਾਅਦ ਇੱਕ ਹੋਰ ਨੌਜਵਾਨ ਦੀ ਵੀ ਮੌਤ ਹੋ ਗਈ। ਉਨ੍ਹਾਂ ਕਿਹਾ ਕਿ ਇਸ ਤੋਂ ਬਾਅਦ 112 'ਤੇ ਕਾਲ ਕਰਕੇ ਇਸ ਗੱਡੀ ਦੇ ਡਰਾਈਵਰ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਉਨ੍ਹਾਂ ਕਿਹਾ ਕਿ ਗੱਡੀ ਦਾ ਡਰਾਈਵਰ ਸ਼ਰਾਬੀ ਸੀ। ਇਹ ਡਰਾਈਵਰ ਲਗਭਗ ਤਿੰਨ ਜਾਂ ਚਾਰ ਹਾਦਸਿਆਂ ਵਿੱਚ ਸ਼ਾਮਲ ਰਿਹਾ ਹੈ, ਜਿਸ ਵਿੱਚ ਦੋ ਲੋਕਾਂ ਦੀ ਮੌਤ ਹੋ ਗਈ ਹੈ ਅਤੇ ਦੋ ਲੋਕ ਗੰਭੀਰ ਜ਼ਖਮੀ ਹੋਏ ਹਨ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਮ੍ਰਿਤਕ ਪਰਿਵਾਰਾਂ ਦੇ ਘਰਾਂ ਦੀ ਹਾਲਤ ਬਹੁਤ ਨਾਜ਼ੁਕ ਹੈ, ਇਸ ਲਈ ਇਨ੍ਹਾਂ ਪਰਿਵਾਰਾਂ ਦੀ ਮਦਦ ਕੀਤੀ ਜਾਵੇ ਅਤੇ ਦੋਸ਼ੀਆਂ ਵਿਰੁੱਧ ਢੁਕਵੀਂ ਕਾਰਵਾਈ ਕੀਤੀ ਜਾਵੇ। ਇਸ ਮੌਕੇ 'ਤੇ ਮ੍ਰਿਤਕ ਦੇ ਜੀਜੇ ਕ੍ਰਿਸ਼ਨਾ ਦਾਸ ਨੇ ਕਿਹਾ ਕਿ ਮ੍ਰਿਤਕ ਆਪਣੀ ਭੈਣ ਨੂੰ ਮਿਲਣ ਆਇਆ ਸੀ। ਰਸਤੇ ਵਿੱਚ ਇੱਕ ਵਾਹਨ ਨੇ ਉਸਨੂੰ ਪਿੱਛੇ ਤੋਂ ਟੱਕਰ ਮਾਰ ਦਿੱਤੀ, ਜਿਸ ਕਾਰਨ ਨੌਜਵਾਨ ਅੰਮ੍ਰਿਤਪਾਲ ਦੀ ਮੌਤ ਹੋ ਗਈ। ਉਸਨੇ ਕਿਹਾ ਕਿ ਘਰ ਦੀ ਹਾਲਤ ਬਹੁਤ ਗੰਭੀਰ ਸੀ। ਉਹ ਤਿੰਨ ਭੈਣਾਂ ਦਾ ਇਕਲੌਤਾ ਭਰਾ ਸੀ ਅਤੇ ਉਸਦੇ ਪਿਤਾ ਵੀ ਬਿਮਾਰ ਸਨ। ਉਨ੍ਹਾਂ ਕਿਹਾ ਕਿ ਨੌਜਵਾਨ ਪਰਿਵਾਰ ਦਾ ਇਕਲੌਤਾ ਕਮਾਉਣ ਵਾਲਾ ਸੀ ਅਤੇ ਹੁਣ ਪਰਿਵਾਰ ਦਾ ਗੁਜ਼ਾਰਾ ਚਲਾਉਣਾ ਮੁਸ਼ਕਲ ਹੋ ਗਿਆ ਹੈ। ਉਨ੍ਹਾਂ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਪਰਿਵਾਰ ਦੀ ਮਦਦ ਕੀਤੀ ਜਾਵੇ ਅਤੇ ਡਰਾਈਵਰ ਖ਼?ਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇ। ਇਸ ਮੌਕੇ ਡੀਐੱਸਪੀ ਸਤਬੀਰ ਸਿੰਘ ਬੈਂਸ ਨੇ ਦੱਸਿਆ ਕਿ ਇਹ ਹਾਦਸਾ ਧਨੌਲਾ ਦੇ ਬੱਸ ਸਟੈਂਡ ਨੇੜੇ ਬਰਨਾਲਾ ਦੇ ਕਿਰਨਵੀਰ ਸਿੰਘ ਕਾਲਾ ਸੰਧੂ ਦੀ ਇੱਕ ਪਿਕ-ਅੱਪ ਕਾਰ ਦੁਆਰਾ ਕੀਤਾ ਗਿਆ। ਇੱਕ ਸਾਈਕਲ ਸਵਾਰ ਭੂਸ਼ਣ ਕੁਮਾਰ ਦੀ ਗੱਡੀ ਨਾਲ ਟਕਰਾਉਣ ਕਾਰਨ ਮੌਤ ਹੋ ਗਈ। ਹਾਦਸੇ ਤੋਂ ਬਾਅਦ, ਡਰਾਈਵਰ ਤੇਜ਼ ਰਫ਼ਤਾਰ ਨਾਲ ਗੱਡੀ ਲੈ ਕੇ ਭੱਜ ਗਿਆ। ਉਨ੍ਹਾਂ ਕਿਹਾ ਕਿ ਬਰਨਾਲਾ ਡੀ ਮਾਰਟ ਨੇੜੇ ਇੱਕ ਹੋਰ ਮੋਟਰਸਾਈਕਲ ਸਵਾਰ ਨੂੰ ਟੱਕਰ ਮਾਰ ਦਿੱਤੀ ਗਈ, ਜਿਸ ਵਿੱਚ ਅੰਮ੍ਰਿਤਪਾਲ ਦੀ ਮੌਤ ਹੋ ਗਈ। ਇਹ ਨੌਜਵਾਨ ਵੀ ਧਨੌਲਾ ਦਾ ਰਹਿਣ ਵਾਲਾ ਸੀ। ਉਨ੍ਹਾਂ ਦੱਸਿਆ ਕਿ ਮੁਲਜ਼ਮ ਖ਼?ਲਾਫ਼ ਧਨੌਲਾ ਥਾਣੇ ਅਤੇ ਸਿਟੀ ਬਰਨਾਲਾ ਥਾਣੇ ਵਿੱਚ ਐੱਫਆਈਆਰ ਦਰਜ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਦੋਸ਼ੀ ਕਿਰਨਵੀਰ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ ਅਤੇ ਬੋਲੈਰੋ ਪਿਕਅੱਪ ਟਰੱਕ ਨੂੰ ਜ਼ਬਤ ਕਰ ਲਿਆ ਗਿਆ ਹੈ। ਇਸ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮੁਲਜ਼ਮ ਦੀ ਡਾਕਟਰੀ ਜਾਂਚ ਕਰਵਾਉਣ ਤੋਂ ਬਾਅਦ ਪਤਾ ਲੱਗੇਗਾ ਕਿ ਮੁਲਜ਼ਮ ਨੇ ਨਸ਼ੀਲੇ ਪਦਾਰਥਾਂ ਦਾ ਸੇਵਨ ਕੀਤਾ ਸੀ ਜਾਂ ਨਹੀਂ। ਇਹ ਗੱਡੀ ਇੱਕ ਸ਼ਰਾਬ ਠੇਕੇਦਾਰ ਦੀ ਹੈ, ਜਿਸ ਵਿੱਚ ਦੋਸ਼ੀ ਡਰਾਈਵਰ ਵਜੋਂ ਕੰਮ ਕਰਦਾ ਹੈ। ਉਨ੍ਹਾਂ ਦੱਸਿਆ ਕਿ ਭੂਸ਼ਣ ਕੁਮਾਰ ਦੀ ਲਾਸ਼ ਦਾ ਪੋਸਟਮਾਰਟਮ ਹੋ ਗਿਆ ਹੈ ਅਤੇ ਅੰਮ੍ਰਿਤਪਾਲ ਦਾ ਪੋਸਟਮਾਰਟਮ ਚੱਲ ਰਿਹਾ ਹੈ। ਪੋਸਟਮਾਰਟਮ ਤੋਂ ਬਾਅਦ ਦੋਵੇਂ ਲਾਸ਼ਾਂ ਪਰਿਵਾਰਾਂ ਨੂੰ ਸੌਂਪ ਦਿੱਤੀਆਂ ਜਾਣਗੀਆਂ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

## ਖੇਤੀ ਕਰਜੇ ਦਾ ਬੋਝ ਨਾ ਸਹਾਰ ਸਕਿਆ ਕਿਸਾਨ, ਜ਼ਹਿਰੀਲੀ ਚੀਜ ਨਿਗਲ ਕੀਤੀ ਖੁਦਕੁਸ਼ੀ

ਭੀਖੀ 5 ਮਈ। ਪੰਜਾਬ ਅੰਦਰ ਕਰਜ਼ੇ ਤੋਂ ਸਤਾਏ ਹੋਏ ਕਿਸਾਨਾਂ ਵੱਲੋਂ ਕੀਤੀਆਂ ਜਾ ਰਹੀਆਂ ਖੁਦਕੁਸ਼ੀਆਂ ਦਾ ਦੌਰ ਲਗਾਤਾਰ ਜਾਰੀ ਹੈ। ਇਸ ਦੌਰ ਦੇ ਤਹਿਤ ਅੱਜ ਨਜ਼ਦੀਕੀ ਪਿੰਡ ਕੋਟੜਾ ਕਲਾਂ ਦੇ ਇਕ ਕਿਸਾਨ ਪ੍ਰੀਤਮ ਸਿੰਘ ਨੇ ਕਰਜੇ ਦਾ ਬੋਝ ਨਾ ਸਹਾਰਦੇ ਹੋਏ ਖੇਤ 'ਚ ਖੁਦਕੁਸ਼ੀ ਕਰ ਲਈ। ਇਸ ਮਾਮਲੇ ਦੇ ਸਬੰਧ ਵਿਚ ਜਾਣਕਾਰੀ ਦਿੰਦੇ ਹੋਏ ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਜ਼ਿਲ੍ਹਾ ਪ੍ਰਧਾਨ ਜਗਦੇਵ ਸਿੰਘ ਭੈਣੀਬਾਘਾ ਨੇ ਦੱਸਿਆ ਕਿ ਕੋਟੜਾ ਕਲਾਂ ਦਾ ਕਿਸਾਨ ਪ੍ਰੀਤਮ ਸਿੰਘ ਦੀ ਉਮਰ ਤਕਰੀਬਨ (55) ਸਾਲ ਹੈ। ਉਹਨਾਂ ਨੇ ਕਿਹਾ ਕਿ ਦਿਨੋਂ ਦਿਨ ਵੱਧ ਰਹੇ ਖੇਤੀ ਕਰਜੇ ਦਾ ਬੋਝ ਨਾ ਸਹਾਰਦੇ ਹੋਏ ਉਕਤ ਕਿਸਾਨ ਨੇ ਆਪਣੇ ਖੇਤ ਵਿਚ ਜ਼ਹਿਰੀਲੀ ਚੀਜ ਨਿਗਲ ਕੇ ਖੁਦਕੁਸ਼ੀ ਕਰ ਲਈ। ਮ੍ਰਿਤਕ ਕਿਸਾਨ ਦੇ ਸਿਰ ਸਰਕਾਰੀ ਅਤੇ ਗੈਰ ਸਰਕਾਰੀ 8 ਲੱਖ ਰੁਪਏ ਦੇ ਕਰੀਬ ਕਰਜ਼ਾ ਸੀ। ਕਿਸਾਨ ਚਾਰ ਏਕੜ ਜ਼ਮੀਨ ਦਾ ਮਾਲਕ ਸੀ। ਮ੍ਰਿਤਕ ਆਪਣੇ ਪਿੱਛੇ ਦੋ ਪੁੱਤਰ ਅਤੇ ਪਤਨੀ ਨੂੰ ਛੱਡ ਗਿਆ। ਜਗਦੇਵ ਸਿੰਘ ਭੈਣੀਬਾਘਾ ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਦੇ ਆਗੂ ਗੋਲ ਸਿੰਘ ਨੇ ਪੰਜਾਬ ਸਰਕਾਰ ਤੋਂ ਕਰਜਾ ਖਤਮ ਕਰਨ ਦੀ ਮੰਗ ਕੀਤੀ ਹੈ। ਇਸ ਦੇ ਨਾਲ ਹੀ ਉਹਨਾਂ ਨੇ ਮ੍ਰਿਤਕ ਕਿਸਾਨ ਦੇ ਵਾਰਸਾਂ ਨੂੰ ਯੋਗ ਮੁਆਵਜ਼ਾ ਦੇਣ ਦੀ ਮੰਗ ਕਰਦਿਆਂ ਪੀੜਤ ਕਿਸਾਨ ਪਰਿਵਾਰ ਦੇ ਇਕ ਮੈਂਬਰ ਨੂੰ ਸਰਕਾਰੀ ਨੌਕਰੀ ਦੇਣ ਦੀ ਮੰਗ ਕੀਤੀ ਹੈ। ਦੂਜੇ ਪਾਸੇ ਪੁਲਸ ਥਾਣਾ ਭੀਖੀ ਦੇ ਜਾਂਚ ਅਧਿਕਾਰੀ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਮ੍ਰਿਤਕ ਕਿਸਾਨ ਪ੍ਰੀਤਮ ਸਿੰਘ ਦੇ ਪੁੱਤਰ ਜਸਵੀਰ ਸਿੰਘ ਦੇ ਬਿਆਨਾਂ 'ਤੇ 174 ਦੀ ਕਾਰਵਾਈ ਕਰਦੇ ਹੋਏ ਲਾਸ਼ ਵਾਰਿਸਾਂ ਦੇ ਹਵਾਲੇ ਕਰ ਦਿੱਤੀ ਗਈ ਹੈ।

# ਜਨਰਲ ਡੱਬੇ ਲਈ ਘਰ ਬੈਠੇ ਕਰ ਸਕੋਗੇ ਟਿਕਟ ਦੀ ਬੁਕਿੰਗ

ਜਲੰਧਰ, 5 ਮਈ। ਰੇਲਵੇ ਵੱਲੋਂ ਨਵੀਆਂ ਤਕਨੀਕਾਂ ਦੀ ਵਰਤੋਂ ਕਰਦਿਆਂ ਯਾਤਰੀ ਸਹੂਲਤਾਂ ਵਿਚ ਤੇਜ਼ੀ ਨਾਲ ਵਾਧਾ ਕੀਤਾ ਜਾ ਰਿਹਾ ਹੈ। ਇਸੇ ਲੜੀ ਵਿਚ ਰੇਲ ਵਿਭਾਗ ਵੱਲੋਂ ਜਨਰਲ ਡੱਬਿਆਂ ਵਿਚ ਯਾਤਰਾ ਕਰਨ ਵਾਲਿਆਂ ਲਈ ਵੱਡੀ ਸਹੂਲਤ ਪ੍ਰਦਾਨ ਕੀਤੀ ਗਈ ਹੈ। ਇਸ ਤਹਿਤ ਟਰੇਨ ਦੇ ਜਨਰਲ ਡੱਬਿਆਂ (ਅਨਰਿਜਰਵਡ) ਵਿਚ ਯਾਤਰਾ ਕਰਨ ਵਾਲਿਆਂ ਲਈ ਘਰ ਬੈਠੇ ਟਿਕਟ ਬੁਕਿੰਗ ਦੀ ਸਹੂਲਤ ਬੁੱਧਵਾਰ ਤੋਂ ਸ਼ੁਰੂ ਕਰ ਦਿੱਤੀ ਗਈ ਹੈ। ਨਵੀਂ ਸਹੂਲਤ ਤਹਿਤ ਜਨਰਲ ਯਾਤਰੀਆਂ ਨੂੰ ਟਿਕਟ ਖਰੀਦਣ ਲਈ ਕਾਊਂਟਰ 'ਤੇ ਜਾਣ ਦੀ ਲੋੜ ਨਹੀਂ ਪਵੇਗੀ। ਉਹ ਆਪਣੇ ਮੋਬਾਇਲ ਫੋਨ ਰਾਹੀਂ ਟਿਕਟ ਦੀ ਬੁਕਿੰਗ ਕਰ ਸਕਣਗੇ। ਇਸ ਲਈ ਰੇਲ ਮੰਤਰਾਲੇ ਦੀ ਮੋਬਾਇਲ ਐਪਲੀਕੇਸ਼ਨ ਯੂ. ਟੀ. ਐੱਸ. ਆਨ ਮੋਬਾਇਲ ਨੂੰ ਆਪਣੇ ਮੋਬਾਇਲ ਦੇ ਪਲੇਅਸਟੋਰ ਤੋਂ ਡਾਊਨਲੋਡ ਕਰਨਾ ਹੋਵੇਗਾ। ਯੂ. ਟੀ. ਐੱਸ. (ਅਨਰਿਜਰਵਡ ਟਿਕਟਿੰਗ ਸਿਸਟਮ) ਦੀ ਐਪਲੀਕੇਸ਼ਨ ਡਾਊਨਲੋਡ ਹੋਣ ਮਗਰੋਂ ਖਪਤਕਾਰ ਨੂੰ ਆਪਣੀ ਭਾਸ਼ਾ ਦੀ ਚੋਣ ਕਰਨੀ ਹੋਵੇਗੀ ਅਤੇ ਇਸ ਤੋਂ ਬਾਅਦ ਪ੍ਰੋਸੈਸਿੰਗ ਸ਼ੁਰੂ ਹੋ ਜਾਵੇਗੀ। ਵਿਭਾਗ ਦੀ ਇਸ ਪਹਿਲ 'ਤੇ ਯਾਤਰੀਆਂ ਨੂੰ ਹਰ ਵਾਰ ਟਿਕਟ ਕਢਵਾਉਣ 'ਤੇ 3 ਫੀਸਦੀ ਦਾ ਬੋਨਸ ਮਿਲੇਗਾ। ਉੱਥੇ ਹੀ, ਲਾਈਨਾਂ ਵਿਚ ਲੱਗਣ ਤੋਂ ਨਿਜਾਤ ਮਿਲੇਗੀ। ਇਸ ਐਪਲੀਕੇਸ਼ਨ ਰਾਹੀ ਯਾਤਰੀ ਪੀ. ਐੱਨ. ਆਰ. ਸਟੇਟਸ, ਹੋਟਲ ਬੁਕਿੰਗ, ਟਰੇਨ ਦਾ ਰਨਿੰਗ ਸਟੇਟਸ, ਸੀਟਾਂ ਦੀ ਉਪਲੱਬਧਤਾ, ਅਲਟਰਨੇਟਿਵ ਟਰੇਨ ਸਮੇਤ ਵੱਖ-ਵੱਖ ਜਾਣਕਾਰੀਆਂ ਪ੍ਰਾਪਤ ਕਰ ਸਕਣਗੇ। ਇਸ ਤੋਂ ਪਹਿਲਾਂ ਵਿਭਾਗ ਵੱਲੋਂ ਜੀਓ ਫੈਂਸਿੰਗ ਸਿਸਟਮ ਲਾਗੂ ਕੀਤਾ ਗਿਆ ਸੀ, ਜਿਸ ਕਾਰਨ ਸਟੇਸ਼ਨ ਕੰਪਲੈਕਸ ਤੋਂ 5 ਕਿਲੋਮੀਟਰ ਦੇ ਅੰਦਰ ਟਿਕਟ ਬੁਕਿੰਗ ਕਰਨਾ ਸੰਭਵ ਹੋ ਸਕਦਾ ਸੀ। ਹੁਣ ਵਿਭਾਗ ਵੱਲੋਂ ਇਸ ਤਰ੍ਹਾਂ ਦੀਆਂ ਸਾਰੀਆਂ ਪਾਬੰਦੀਆਂ ਨੂੰ ਹਟਾ ਦਿੱਤਾ ਗਿਆ ਹੈ। ਸੀਨੀਅਰ ਮੰਡਲ ਵਣਜ ਪ੍ਰਬੰਧਕ ਪਰਮਦੀਪ ਸਿੰਘ ਸੈਣੀ ਨੇ ਦੱਸਿਆ ਕਿ ਰੇਲ ਮੰਤਰਾਲੇ ਨੇ ਯਾਤਰੀਆਂ ਦੀ ਸਹੂਲਤ ਲਈ ਇਸ ਸਕੀਮ ਤੋਂ ਪਾਬੰਦੀ ਹਟਾ ਦਿੱਤੀ ਹੈ ਅਤੇ ਹਰ ਬੁਕਿੰਗ 'ਤੇ 3 ਫੀਸਦੀ ਬੋਨਸ ਮਿਲੇਗਾ। ਰੇਲਵੇ ਵੱਲੋਂ ਹਰ ਤਰ੍ਹਾਂ ਦੇ ਯਾਤਰੀਆਂ ਲਈ ਇਹ ਸਹੂਲਤ ਪ੍ਰਦਾਨ ਕੀਤੀ ਜਾ ਰਹੀ ਹੈ। ਇਸ ਤਹਿਤ ਯੂ. ਟੀ. ਐੱਸ. ਆਨ ਮੋਬਾਈਲ ਐਪ ਨੂੰ ਐਂਡ੍ਰਾਇਡ, ਆਈ. ਓ. ਐੱਸ. ਅਤੇ ਵਿੰਡੋਜ਼ ਆਪ੍ਰੇਟਿੰਗ ਸਿਸਟਮ 'ਤੇ ਮੁਫਤ ਡਾਊਨਲੋਡ ਕੀਤਾ ਜਾ ਸਕਦਾ ਹੈ। ਯੂ. ਟੀ. ਐੱਸ. ਆਨ ਮੋਬਾਈਲ ਐਪ 'ਤੇ ਆਨਲਾਈਨ ਪੇਮੈਂਟ ਲਈ ਬੈਂਕਿੰਗ ਜਾਂ ਆਰ. ਵਾਲੇਟ ਆਦਿ ਰਾਹੀਂ ਭੁਗਤਾਨ ਕਰਨ ਦਾ ਬਦਲ ਦਿੱਤਾ ਗਿਆ ਹੈ।




## ਨਾਬਾਲਗਾ ਨਾਲ ਸਰੀਰਕ ਸ਼ੋਸ਼ਣ ਕਰਨ ਦੇ ਦੋਸ਼ੀ ਨੂੰ 5 ਸਾਲ ਦੀ ਕੈਦ

ਲੁਧਿਆਣਾ 5 ਮਈ। ਇਕ ਨਾਬਾਲਗ ਕੁੜੀ ਦੇ ਨਾਲ ਸਰੀਰਕ ਸ਼ੋਸ਼ਣ ਕਰਨ ਦੇ ਦੋਸ਼ 'ਚ ਵਧੀਕ ਸੈਸ਼ਨ ਜੱਜ ਅਮਰਜੀਤ ਸਿੰਘ ਦੀ ਅਦਾਲਤ ਨੇ ਹਰਗੋਬਿੰਦ ਨਗਰ ਨਿਵਾਸੀ ਪ੍ਰਦੀਪ ਕੁਮਾਰ ਨੂੰ 5 ਸਾਲ ਦੀ ਕੈਦ ਦੀ ਸਜ਼ਾ ਸੁਣਾਈ ਹੈ। ਸ਼ਿਕਾਇਤਕਰਤਾ ਦੇ ਬਿਆਨਾਂ 'ਤੇ 22 ਮਾਰਚ 2022 ਨੂੰ ਪੁਲਸ ਥਾਣਾ ਹੈਬੋਵਾਲ 'ਚ ਕੇਸ ਦਰਜ ਕੀਤਾ ਗਿਆ ਸੀ। ਸ਼ਿਕਾਇਤਕਰਤਾ ਮੁਤਾਬਕ ਉਕਤ ਮੁਲਜ਼ਮ ਉਸ ਦੀ ਬੱਚੀ 'ਤੇ ਬੁਰੀ ਨਜ਼ਰ ਰੱਖਦਾ ਸੀ, ਜਿਸ ਕਾਰਨ ਮੁਲਜ਼ਮ ਨੇ ਉਸ ਦੀ ਨਾਬਾਲਗ ਬੱਚੀ ਨਾਲ ਜਬਰ-ਜਿ਼ਨਾਹ ਕਰਨ ਦਾ ਯਤਨ ਕੀਤਾ ਪਰ ਬੱਚੀ ਵੱਲੋਂ ਰੌਲਾ ਪਾਉਣ 'ਤੇ ਮੁਲਜ਼ਮ ਮੌਕੇ ਤੋਂ ਭੱਜ ਗਿਆ। ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਕੇਸ ਦਰਜ ਕਰ ਕੇ ਮੁਲਜ਼ਮ ਨੂੰ ਗ੍ਰਿਫਤਾਰ ਕਰ ਕੇ ਅਦਾਲਤ 'ਚ ਪੇਸ਼ ਕੀਤਾ। ਦੋਵੇਂ ਧਿਰਾਂ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਅਦਾਲਤ ਨੇ ਉਕਤ ਸਜ਼ਾ ਸੁਣਾਈ।

## ਡਿਊਟੀ ਕਰਦੇ ਹੋਮਗਾਰਡ ਨੂੰ ਖੁਦ ਦੀ ਬੰਦੂਕ ਨਾਲ ਲੱਗੀ ਗੋਲੀ

ਫਿਰੋਜ਼ਪੁਰ 5 ਮਈ। ਫਿਰੋਜ਼ਪੁਰ ਦੀ ਕੇਂਦਰੀ ਜੇਲ੍ਹ 'ਚ ਡਿਊਟੀ 'ਤੇ ਤਾਇਨਾਤ ਪੰਜਾਬ ਹੋਮ ਗਾਰਡ ਦੇ ਜਵਾਨ ਬਲਵੀਰ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਝਤਰਾ ਰੋਡ ਜ਼ੀਰਾ ਦੀ ਡਿਊਟੀ ਦੌਰਾਨ ਆਪਣੀ ਹੀ ਬੰਦੂਕ ਨਾਲ ਗੋਲੀ ਲੱਗਣ ਕਾਰਨ ਮੌਤ ਹੋ ਗਈ ਹੈ। ਜਾਣਕਾਰੀ ਅਨੁਸਾਰ ਪੰਜਾਬ ਹੋਮ ਗਾਰਡ ਦਾ ਜਵਾਨ ਬਲਵੀਰ ਸਿੰਘ 20 ਅਤੇ 21 ਮਈ ਦੀ ਦਰਮਿਆਨੀ ਰਾਤ ਨੂੰ ਜੇਲ੍ਹੇ ਦੇ ਟਾਵਰ ਨੰਬਰ ਇਕ 'ਤੇ ਡਿਊਟੀ ਕਰ ਰਿਹਾ ਸੀ।

# ਆਪਣੀ ਹਰਕਤਾਂ ਤੋਂ ਬਾਜ ਨਹੀਂ ਆ ਰਹੇ ਚੋਰ, ਕਾਰ 'ਚੋਂ ਉਡਾਇਆ ਲੈਪਟਾਪ, ਨਕਦੀ ਤੇ ਹੋਰ ਕੀਮਤੀ ਸਾਮਾਨ

ਤਰਨਤਾਰਨ 5 ਮਈ। ਅੰਮ੍ਰਿਤਸਰ-ਬਠਿੰਡਾ ਨੈਸ਼ਨਲ ਹਾਈਵੇ ਨਜ਼ਦੀਕ ਟੀ-ਪੁਆਇੰਟ ਸਰਹਾਲੀ ਰੋਡ ਵਿਖੇ ਇਕ ਵਪਾਰੀ ਦੀ ਕਾਰ 'ਚੋਂ ਚੋਰ ਵਲੋਂ ਲੈਪਟਾਪ, 20 ਹਜ਼ਾਰ ਰੁਪਏ ਦੀ ਨਕਦੀ, ਚੈੱਕ ਬੁੱਕ ਅਤੇ ਹੋਰ ਸਾਮਾਨ ਚੋਰੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਮਾਮਲੇ ਸਬੰਧੀ ਥਾਣਾ ਸਦਰ ਤਰਨਤਾਰਨ ਦੀ ਪੁਲਸ ਨੂੰ ਸ਼ਿਕਾਇਤ ਦਰਜ ਕਰਵਾਉਂਦੇ ਹੋਏ ਵਪਾਰੀ ਨੇ ਇਨਸਾਫ ਦੀ ਗੁਹਾਰ ਲਗਾਈ ਹੈ। ਜਾਣਕਾਰੀ ਦਿੰਦੇ ਹੋਏ ਅਮਿਤ ਮੈਦਾਨ ਪੁੱਤਰ ਜਗਦੀਸ਼ ਮੈਦਾਨ ਨਿਵਾਸੀ ਅੰਮ੍ਰਿਤਸਰ ਨੇ ਦੱਸਿਆ ਕਿ ਉਹ ਆਪਣੇ ਭਰਾ ਵੀਨਸ ਮੈਦਾਨ ਸਣੇ ਕਾਰ ਵਿਚ ਸਵਾਰ ਹੋ ਕੋਟਕਪੂਰਾ ਜਾ ਰਹੇ ਸਨ। ਜਦੋਂ ਉਹ ਤਰਨਤਾਰਨ ਨਜ਼ਦੀਕ ਪਿੰਡ ਅਲਾਦੀਨਪੁਰ ਟੀ ਪੁਆਇੰਟ ਵਿਖੇ ਪੁੱਜੇ ਤਾਂ ਉਨ੍ਹਾਂ ਦੀ ਕਾਰ ਦਾ ਟਾਇਰ ਪੰਚਰ ਹੋ ਗਿਆ। ਜਿਸ ਦੌਰਾਨ ਉਹ ਆਪਣੀ ਕਾਰ ਨੂੰ ਇਕ ਸਾਈਡ 'ਤੇ ਖੜੀ ਕਰਕੇ ਮਸ਼ੀਨ ਦੀ ਮਦਦ ਨਾਲ ਖੁਦ ਹਵਾ ਭਰਨ ਲੱਗ ਪਏ। ਇਸ ਦੌਰਾਨ ਇਕ ਚੋਰ ਵੱਲੋਂ ਕਾਰ ਦੇ ਪਿਛਲੇ ਦਰਵਾਜ਼ੇ ਨੂੰ ਖੋਲਦੇ ਹੋਏ ਪਿਛਲੀ ਸੀਟ ਉੱਪਰ ਪਏ ਬੈਗ, ਜਿਸ 'ਚ ਲੈਪਟਾਪ, 20 ਹਜ਼ਾਰ ਰੁਪਏ ਦੀ ਨਕਦੀ, ਚੈੱਕ ਬੁੱਕ, ਪਰਸ, ਏ. ਟੀ. ਐੱਮ. ਕਾਰਡ, ਡਰਾਈਵਿੰਗ ਲਾਈਸੈਂਸ ਆਦਿ ਜ਼ਰੂਰੀ ਕਾਗਜ਼ਾਤ ਮੌਜੂਦ ਸਨ ਨੂੰ ਚੋਰੀ ਕਰ ਲਿਆ ਗਿਆ। ਅਮਿਤ ਮੈਦਾਨ ਨੇ ਦੱਸਿਆ ਕਿ ਇਹ ਸਾਰੀ ਘਟਨਾ ਸੀ. ਸੀ. ਟੀ. ਵੀ. ਕੈਮਰੇ ਵਿਚ ਕੈਦ ਹੋ ਚੁੱਕੀ ਹੈ। ਉਨ੍ਹਾਂ ਥਾਣਾ ਸਦਰ ਤਰਨਤਾਰਨ ਦੀ ਪੁਲਸ ਨੂੰ ਸ਼ਿਕਾਇਤ ਦਰਜ ਕਰਵਾਉਂਦੇ ਹੋਏ ਇਨਸਾਫ ਦੀ ਗੁਹਾਰ ਲਗਾਈ ਹੈ ਅਤੇ ਦੋਸ਼ੀ ਖਿ਼ਲਾਫ ਸਖਤ ਕਾਰਵਾਈ ਕਰਨ ਦੀ ਮੰਗ ਕੀਤੀ ਹੈ।




## ਡੈਬਿਟ ਕਾਰਡ ਬਦਲ ਕੇ 49 ਹਜਾਰ 900 ਰੁਪਏ ਦੀ ਮਾਰੀ ਠੱਗੀ

ਕੋਟਫਤੂਹੀ 5 ਮਈ। ਸਥਾਨਕ ਅੱਡਾ ਕੋਟ ਫਤੂਹੀ ਦੀ ਪੀ. ਐੱਨ. ਬੀ. ਬੈਂਕ ਦੇ ਏ. ਟੀ. ਐੱਮ. ਵਿਚੋਂ ਪਿੰਡ ਬਿੰਜੋਂ ਦੇ ਰਕਮ ਕਢਵਾਉਣ ਆਏ ਬਜੁਰਗ ਵਿਅਕਤੀ ਦਾ ਡੈਬਿਟ ਕਾਰਡ ਬਦਲ ਕੇ ਨੌਸਰਬਾਜ ਵੱਲੋਂ 49 ਹਜਾਰ 900 ਰੁਪਏ ਕਢਵਾਏ ਜਾਣ ਦੀ ਖਬਰ ਪ੍ਰਾਪਤ ਹੋਈ ਹੈ . ਪ੍ਰਾਪਤ ਜਾਣਕਾਰੀ ਅਨੁਸਾਰ ਪਿੰਡ ਬਿੰਜੋ ਦੇ ਸੁਰਿੰਦਰ ਸਿੰਘ ਪੁੱਤਰ ਆਤਮਾ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਹ ਸ਼ਾਮ ਪੰਜ ਕੁ ਵਜੇ ਦੇ ਕਰੀਬ ਸਥਾਨਕ ਪੀ. ਐੱਨ. ਬੀ. ਬੈੱਕ. ਦੇ ਏ. ਟੀ. ਐੱਮ. ਵਿਚੋਂ ਆਪਣੇ ਡੈਬਿਟ ਕਾਰਡ ਰਾਹੀਂ ਰਕਮ ਕਢਵਾਉਣ ਆਇਆ ਤਾਂ ਉਸ ਦੇ ਪਿੱਛੇ ਇਕ ਹੋਰ 35 ਕੁ ਸਾਲ ਦਾ ਮੋਨਾ ਨੌਜਵਾਨ ਅੰਦਰ ਆ ਗਿਆ। ਜਦੋਂ ਮੈਂ ਆਪਣੀ ਰਕਮ ਕੱਢ ਕੇ ਵਾਪਸ ਜਾਣ ਲੱਗਾ ਤਾਂ ਉਸ ਨੌਜਵਾਨ ਨੇ ਮੈਨੂੰ ਕਿਹਾ ਤੁਸੀਂ ਆਪਣੀ ਸਲਿਪ ਕੱਢ ਲਓ, ਮੈਂ ਵੀ ਰਕਮ ਕਢਵਾਉਣੀ ਹੈ। ਉਸ ਨੇ ਮੈਨੂੰ ਗੱਲਾਂ ਵਿਚ ਉਲਝਾਅ ਕੇ ਮੇਰਾ ਡੈਬਿਟ ਕਾਰਡ ਬਦਲ ਲਿਆ ਤੇ ਮੌਕੇ ਤੋਂ ਫਰਾਰ ਹੋ ਗਿਆ। ਉਸ ਨੇ ਕੁਝ ਸਮੇਂ ਬਾਅਦ ਮੇਰੇ ਅਕਾਊਂਟ ਵਿਚੋਂ ਕਿਸੇ ਦੁਕਾਨ 'ਤੇ ਮੇਰਾ ਡੈਬਿਟ ਕਾਰਡ ਮਸੀਨ ਨਾਲ ਸਵੈਪ ਕਰ ਕੇ 49 ਹਜਾਰ 900 ਰੁਪਏ ਕਢਵਾ ਲਏ। ਮੌਕੇ ਮੈਂ ਬੈਂਕ ਮੁਲਾਜਮਾਂ ਨੂੰ ਇਸ ਸਬੰਧੀ ਜਾਣਕਾਰੀ ਦਿੱਤੀ ਤਾਂ ਉਨ੍ਹਾਂ ਨੇ ਮੇਰਾ ਖਾਤਾ ਤੇ ਮੇਰਾ ਡੈਬਿਟ ਕਾਰਡ ਬੰਦ ਕਰ ਕੇ ਵੱਡਾ ਨੁਕਸਾਨ ਹੋਣ ਤੋਂ ਬਚਾਅ ਕੀਤਾ। ਇਸ ਸਬੰਧ ਵਿਚ ਬੈਂਕ ਨੇ ਮੇਰੇ ਵੱਲੋ ਕੀਤੀ ਸਿ਼ਕਾਇਤ ਕ੍ਰਾਈਮ ਵਿਭਾਗ ਨੂੰ ਈ. ਮੇਲ ਦੁਆਰਾ ਭੇਜ ਦਿੱਤੀ ਹੈ।

# ਭਾਰਤ-ਪਾਕਿਸਤਾਨ ਸਰਹੱਦ ਨੇੜਿਓਂ ਢਾਈ ਕਿਲੋ ਹੈਰੋਇਨ ਬਰਾਮਦ

ਤਰਨਤਾਰਨ 5 ਮਈ। ਜ਼ਿਲ੍ਹੇ ਅਧੀਨ ਆਉਂਦੀ ਭਾਰਤ-ਪਾਕਿਸਤਾਨ ਸਰਹੱਦ ਨਾਲ ਲੱਗਦੇ ਵੱਖ-ਵੱਖ ਇਲਾਕਿਆਂ ਵਿਚੋਂ ਥਾਣਾ ਵਲਟੋਹਾ ਦੀ ਪੁਲਸ ਨੇ ਕੁੱਲ ਢਾਈ ਕਿਲੋ ਹੈਰੋਇਨ ਬਰਾਮਦ ਕਰਨ ਵਿਚ ਵੱਡੀ ਸਫਲਤਾ ਹਾਸਲ ਕੀਤੀ ਹੈ। ਇਸ ਸਬੰਧੀ ਥਾਣਾ ਵਲਟੋਹਾ ਦੀ ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿ਼ਲਾਫ ਪਰਚਾ ਦਰਜ ਕਰ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ। ਜ਼ਿਕਰਯੋਗ ਹੈ ਕਿ ਬਰਾਮਦ ਕੀਤੀ ਗਈ ਹੈਰੋਇਨ ਦੀ ਅੰਤਰਰਾਸ਼ਟਰੀ ਬਾਜ਼ਾਰ ਵਿਚ ਕੀਮਤ 12.5 ਕਰੋੜ ਰੁਪਏ ਤੋਂ ਵੱਧ ਦੱਸੀ ਜਾ ਰਹੀ ਹੈ। ਜਾਣਕਾਰੀ ਦਿੰਦੇ ਹੋਏ ਡੀ. ਐੱਸ. ਪੀ. ਭਿੱਖੀਵਿੰਡ ਪ੍ਰੀਤਇੰਦਰ ਸਿੰਘ ਨੇ ਦੱਸਿਆ ਕਿ ਸਰਹੱਦੀ ਇਲਾਕੇ ਵਿਚ ਪੁਲਸ ਵੱਲੋਂ ਮਾੜੇ ਅਨਸਰਾਂ ਅਤੇ ਨਸ਼ਾ ਤਸਕਰਾਂ ਖਿ਼ਲਾਫ ਸਖਤੀ ਨਾਲ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਥਾਣਾ ਵਲਟੋਹਾ ਦੇ ਮੁਖੀ ਸਬ ਇੰਸਪੈਕਟਰ ਸੁਨੀਤਾ ਰਾਣੀ ਵੱਲੋਂ ਸਮੇਤ ਪੁਲਸ ਪਾਰਟੀ ਪਿੰਡ ਸਕੱਤਰਾ ਵਿਖੇ ਗਸ਼ਤ ਕੀਤੀ ਜਾ ਰਹੀ ਸੀ, ਜਿਸ ਦੌਰਾਨ ਸਲਵਿੰਦਰ ਸਿੰਘ ਪੁੱਤਰ ਬਲਕਾਰ ਸਿੰਘ ਵਾਸੀ ਸਕੱਤਰਾ ਨੇ ਇਤਲਾਹ ਦਿੱਤੀ ਕਿ ਉਸ ਦੇ ਖੇਤਾਂ ਵਿਚ ਇਕ ਪੈਕਟ ਡਿੱਗਾ ਹੋਇਆ ਹੈ, ਜਿਸ ਦੇ ਚੱਲਦਿਆਂ ਪੁਲਸ ਪਾਰਟੀ ਵੱਲੋਂ ਤੁਰੰਤ ਕਾਰਵਾਈ ਕਰਦੇ ਹੋਏ ਇਕ ਪੈਕਟ ਨੂੰ ਬਰਾਮਦ ਕੀਤਾ ਗਿਆ, ਜਿਸ ਨੂੰ ਖੋਲਣ ਦੌਰਾਨ ਉਸ ਵਿਚੋਂ ਦੋ ਕਿਲੋ ਹੈਰੋਇਨ ਬਰਾਮਦ ਕੀਤੀ ਗਈ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਏ. ਐੱਸ. ਆਈ. ਅਵਤਾਰ ਸਿੰਘ ਵੱਲੋਂ ਜਦੋਂ ਸਮੇਤ ਪੁਲਸ ਪਾਰਟੀ ਗਸ਼ਤ ਕੀਤੀ ਜਾ ਰਹੀ ਸੀ ਤਾਂ ਇੰਸਪੈਕਟਰ ਜਤਿੰਦਰ ਸਿੰਘ ਨੇ ਦੱਸਿਆ ਕਿ ਰੂਪ ਸਿੰਘ ਪੁੱਤਰ ਗੁਰਨਾਮ ਸਿੰਘ ਵਾਸੀ ਠੱਠੀ ਜੈਮਲ ਸਿੰਘ ਦੇ ਜ਼ਮੀਨ ਵਿਚੋਂ ਪੀਲੇ ਰੰਗ ਦਾ ਲਿਫਾਫਾ ਬਰਾਮਦ ਹੋਇਆ ਹੈ, ਜਿਸ ਦੀ ਤਲਾਸ਼ੀ ਲੈਣ ਦੌਰਾਨ ਉਸ ਵਿਚੋਂ 505 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ। ਉਨ੍ਹਾਂ ਦੱਸਿਆ ਕਿ ਦੋਵਾਂ ਮਾਮਲਿਆਂ ਵਿਚ ਅਣਪਛਾਤੇ ਤਸਕਰਾਂ ਖਿਲਾਫ ਥਾਣਾ ਵਲਟੋਹਾ ਵਿਖੇ ਪਰਚਾ ਦਰਜ ਕਰ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।



## ਆੜ੍ਹਤੀਏ ਦੇ ਫੜ੍ਹ 'ਚੋਂ 110 ਗੱਟੇ ਕਣਕ ਚੋਰੀ

ਤਪਾ ਮੰਡੀ 5 ਮਈ। ਇੱਥੇ ਤਾਜੋਕੇ ਰੋਡ ਸਥਿਤ ਚੋਰਾਂ ਦੇ ਗਿਰੋਹ ਵਲੋਂ ਆੜ੍ਹਤੀਏ ਦੇ ਇੱਕ ਫੜ੍ਹ 'ਚੋਂ ਕਰੀਬ 110 ਗੱਟੇ ਕਣਕ ਚੋਰੀ ਹੋ ਜਾਣ ਕਾਰਨ ਆੜ੍ਹਤੀਆਂ 'ਚ ਦਹਿਸ਼ਤ ਦਾ ਮਾਹੌਲ ਬਣ ਗਿਆ ਹੈ। ਇਸ ਸੰਬੰਧੀ ਆੜ੍ਹਤੀਆਂ ਪਵਨ ਕੁਮਾਰ ਐਂਡ ਸੰਨਜ ਦੇ ਮਾਲਕ ਪਵਨ ਕੁਮਾਰ ਪੱਖੋ ਨੇ ਦੱਸਿਆ ਕਿ ਉਨ੍ਹਾਂ ਦੇ ਫੜ੍ਹ 'ਚ ਹਜਾਰਾਂ ਦੀ ਗਿਣਤੀ 'ਚ ਕਣਕ ਦੇ ਗੱਟੇ ਪਏ ਸੀ ਪਰ ਰਾਤ ਸਮੇਂ ਚੋਰ ਖੇਤਾਂ ਵਾਲੇ ਪਾਸਿਓਂ ਕਰੀਬ 15 ਫੁੱਟ ਉੱਚੀ ਕੰਧ ਨਾਲ ਕੋਈ ਵ੍ਹੀਕਲ ਖੜ੍ਹਾ ਕਰਕੇ ਕਣਕ ਦੇ ਗੱਟੇ ਲੋਡ ਕਰਕੇ ਲੈ ਗਏ। ਇਸ ਗੱਲ ਦਾ ਉਨ੍ਹਾਂ ਨੂੰ ਸਵੇਰ ਸਮੇਂ ਪਤਾ ਲੱਗਾ, ਜਦ ਉਹ ਫੜ੍ਹ 'ਚ ਗੇੜਾ ਲਾਉਣ ਆਏ। ਮਾਲਕਾਂਅਨੁਸਾਰ ਇੱਕ ਕਮਰੇ 'ਚ ਉਨ੍ਹਾਂ ਦੇ 4-5 ਮਜਦੂਰ



ਵੀ ਸੁੱਤੇ ਪਏ ਸੀ ਪਰ ਦਿਨ ਦੇ ਥੱਕੇ ਹਾਰੇ ਨੀਂਦ ਨਹੀਂ ਖੁੱਲ੍ਹੀ ਜਾਂ ਉਨ੍ਹਾਂ ਨੂੰ ਕੁੱਝ ਸੁੰਘਾ ਦਿੱਤਾ ਹੋਵੇਗਾ ਅਤੇ ਚੋਰ ਕਰੀਬ 110 ਕਣਕ ਦੇ ਗੱਟੇ ਚੋਰੀ ਕਰਕੇ ਲੈ ਗਏ। ਇਸ ਦੀ ਅੰਦਾਜਨ ਕੀਮਤ ਸਵਾ ਲੱਖ ਰੁਪਏ ਬਣਦੀ ਹੈ। ਚੋਰੀ ਸੰਬੰਧੀ ਸੂਚਨਾ ਪੁਲਸ ਨੂੰ ਦੇ ਦਿੱਤੀ ਗਈ ਹੈ। ਥਾਣਾ ਮੁਖੀ ਕੁਲਜਿੰਦਰ ਸਿੰਘ ਗਰੇਵਾਲ ਅਤੇ ਚੌਂਕੀ ਇੰਚਾਰਜ ਕਰਮਜੀਤ ਸਿੰਘ ਦੀ ਅਗਵਾਈ 'ਚ ਪੁੱਜੀ ਪੁਲਸ ਪਾਰਟੀ ਨੇ ਚੋਰੀ ਵਾਲੇ ਥਾਂ 'ਤੇ ਪਹੁੰਚ ਕੇ ਇਲਾਕੇ 'ਚ ਲੱਗੇ ਸੀ. ਸੀ. ਟੀ. ਵੀ. ਕੈਮਰੇ ਖੰਘਾਲਣੇ ਸ਼ੁਰੂ ਕਰ ਦਿੱਤੇ ਹਨ ਅਤੇ ਚੋਰਾਂ ਨੂੰ ਜਲਦੀ ਫੜ੍ਹਨ ਦਾ ਦਾਅਵਾ ਕੀਤਾ ਗਿਆ।

### ਅੰਮ੍ਰਿਤਸਰ ਪੁਲਸ ਨੂੰ ਮਿਲੀ ਵੱਡੀ ਸਫਲਤਾ, 3 ਕਿਲੋ ਹੈਰੋਇਨ ਤੇ 1 ਕਿਲੋ ਆਈਸ ਸਣੇ 2 ਨਸਾ ਤਸਕਰ ਗ੍ਰਿਫਤਾਰ

ਅੰਮ੍ਰਿਤਸਰ 5 ਮਈ। ਸਰਹੱਦ ਪਾਰ ਨਸੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਨੈਟਵਰਕ ਦੇ ਖਿ਼ਲਾਫ ਇੱਕ ਵੱਡੀ ਸਫਲਤਾ ਪ੍ਰਾਪਤ ਕਰਦੇ ਹੋਏ, ਅੰਮ੍ਰਿਤਸਰ ਦਿਹਾਤੀ ਪੁਲਸ ਨੇ ਅੰਤਰਰਾਸਟਰੀ ਨਸਾ ਤਸਕਰੀ ਦਾ ਪਰਦਾਫਾਸ ਕੀਤਾ ਹੈ। ਜਿਸ 'ਚ 3 ਕਿਲੋ ਹੈਰੋਇਨ ਅਤੇ 1 ਕਿਲੋ ਆਈਸ (ਮੇਥਾਮੇਟਾਫਾਈਨ) ਜਬਤ ਕਰਕੇ 2 ਨਸਾ ਤਸਕਰਾਂ ਨੂੰ ਗ੍ਰਿਫਤਾਰ ਗਿਆ ਹੈ। ਇਸ ਦੀ ਜਾਣਕਾਰੀ ਪੰਜਾਬ ਦੇ ਡੀ. ਜੀ. ਪੀ. ਗੌਰਵ ਯਾਦਵ ਨੇ ਆਪਣੇ ਐਕਸ ਅਕਾਊਂਟ 'ਤੇ ਸਾਂਝੀ ਕੀਤੀ ਹੈ। ਉਨ੍ਹਾਂ ਲਿਖਿਆ ਕਿ ਸਰਹੱਦ ਪਾਰ ਨਸੀਲੇ ਪਦਾਰਥਾਂ ਦੀ ਤਸਕਰੀ ਕਰਨ ਵਾਲੇ ਨੈਟਵਰਕ ਦੇ ਖਿ਼ਲਾਫ ਇੱਕ ਵੱਡੀ ਸਫਲਤਾ ਪ੍ਰਾਪਤ ਕਰਦੇ ਹੋਏ,



ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਅੰਤਰਰਾਸਟਰੀ ਨਸਾ ਤਸਕਰੀ ਦਾ ਪਰਦਾਫਾਸ ਕੀਤਾ ਅਤੇ 3 ਕਿਲੋਗ੍ਰਾਮ ਹੈਰੋਇਨ ਅਤੇ 1 ਕਿਲੋ ਆਈਸ (ਮੇਥਾਮੇਟਾਫਾਈਨ) ਜਬਤ ਕਰਕੇ 2 ਨਸਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ। ਉਨ੍ਹਾਂ ਲਿਖਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫਤਾਰ ਕੀਤੇ ਗਏ ਮੁਲਜਮ ਪਾਕਿਸਤਾਨੀ ਸਮੱਗਲਰ ਡੋਗਰ ਰਾਜਪੂਤ ਦੇ ਸੰਪਰਕ ਵਿੱਚ ਸਨ ਅਤੇ ਹੈਰੋਇਨ ਦੀ ਤਸਕਰੀ ਲਈ ਡਰੋਨ ਦੀ ਵਰਤੋਂ ਕਰਦੇ ਸਨ। ਐੱਨ. ਡੀ. ਪੀ. ਐੱਸ. ਐਕਟ ਦੇ ਤਹਿਤ ਐੱਫ. ਆਈ. ਆਰ. ਦਰਜ ਕੀਤੀ ਗਈ ਹੈ ਅਤੇ ਪਿਛੜੇ ਅਤੇ ਅਗਾਂਹਵਧੂ ਸਬੰਧ ਸਥਾਪਤ ਕਰਨ ਲਈ ਜਾਂਚ ਜਾਰੀ ਹੈ। ਡੀ. ਜੀ. ਪੀ. ਗੌਰਵ ਯਾਦਵ ਨੇ ਲਿਖਿਆ ਕਿ ਪੰਜਾਬ ਪੁਲਸ ਨਸਿ਼ਆਂ ਦੇ ਨੈੱਟਵਰਕ ਨੂੰ ਖਤਮ ਕਰਨ ਅਤੇ ਸਾਡੇ ਸੂਬੇ ਨੂੰ ਨਸਾ ਮੁਕਤ ਬਣਾਉਣ ਲਈ ਵਚਨਬੱਧ ਹੈ।

# ਫਾਜਿਲਕਾ 'ਚ ਵੱਡੀ ਵਾਰਦਾਤ: ਘਰ ਦੇ ਕਮਰੇ 'ਚ ਬੰਦ ਕਰ ਕੁੱਟ-ਕੁੱਟ ਕਤਲ ਕਰ 'ਤਾ ਵਿਅਕਤੀ

ਫਾਜਿਲਕਾ 5 ਮਈ। ਫਾਜਿ਼ਲਕਾ ਦੇ ਪਿੰਡ ਘਟਿਆਂਵਾਲੀ ਜੱਟਾਂ 'ਚ ਇਕ ਵਿਅਕਤੀ ਨੂੰ ਕਮਰੇ 'ਚ ਬੰਦ ਕਰਕੇ ਕੁੱਟ-ਕੁੱਟ ਕੇ ਉਸ ਦਾ ਕਤਲ ਕਰ ਦੇਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਮਾਮਲੇ ਦੀ ਜਾਂਚ ਕਰ ਰਹੀ ਪੁਲਸ ਨੇ ਚਾਰ ਲੋਕਾਂ ਖਿ਼ਲਾਫ ਕਤਲ ਦਾ ਮਾਮਲਾ ਦਰਜ ਕਰ ਦਿੱਤਾ। ਇਸ ਤੋਂ ਬਾਅਦ ਪੁਲਸ ਨੇ ਵਿਅਕਤੀ ਦਾ ਕਤਲ ਕੀਤੇ ਜਾਣ ਦੀ ਅਸਰ ਵਜ੍ਹਾ ਦਾ ਪਤਾ ਲਗਾਉਣ ਲਈ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਕਰਨੀ ਸ਼ੁਰੂ ਕਰ ਦਿੱਤੀ ਹੈ। ਥਾਣਾ ਅਰਨੀਵਾਲਾ ਦੇ ਐੱਸ.ਐੱਚ.ਓ ਇੰਸਪੈਕਟਰ ਤਰਸੇਮ ਸਰਮਾ ਨੇ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮ੍ਰਿਤਕ ਸੰਦੀਪ ਕੁਮਾਰ ਪਿੰਡ ਦੁਤਾਰਾਂਵਾਲੀ ਦਾ ਰਹਿਣ ਵਾਲਾ ਸੀ। ਉਹਨਾਂ ਨੇ ਮ੍ਰਿਤਕ ਦੇ ਭਰਾ ਸੁਧੀਰ ਕੁਮਾਰ ਦੇ ਬਿਆਨਾਂ ਦੇ ਆਧਾਰ 'ਤੇ ਕੇਸ ਦਰਜ ਕਰ ਦਿੱਤਾ ਹੈ। ਪੁਲਸ ਦਾ ਕਹਿਣਾ ਹੈ ਕਿ 9 ਮਈ 2024 ਨੂੰ ਪਿੰਡ ਇਸਲਾਮਵਾਲਾ ਵਿਖੇ ਪੰਪ ਦਾ ਕੰਮ ਕਰਨ ਵਾਲਾ ਮ੍ਰਿਤਕ ਸੰਦੀਪ ਕੁਮਾਰ ਪੰਪ 'ਤੇ ਮੌਜੂਦ ਸੀ। ਉਸ ਦੇ ਦੋਸਤ ਦਾ ਦੋਸਤ ਗੁਰਭੇਜ ਸਿੰਘ ਵਾਸੀ ਮਾਹੂਆਣਾ ਬੋਦਲਾ ਉਸ ਨੂੰ ਪੰਪ 'ਤੇ ਆ ਕੇ ਕਹਿਣ ਲੱਗਾ ਕਿ ਉਸ ਨੇ ਕਿਸੇ ਕੰਮ ਲਈ ਪਿੰਡ ਘਟਿਆਂਵਾਲੀ ਜਾਣਾ ਹੈ। ਉਹ ਉਸ ਨੂੰ ਪਿੰਡ ਛੱਡ ਕੇ ਆਵੇ। ਇਸ ਤੋਂ ਬਾਅਦ ਸੰਦੀਪ ਕੁਮਾਰ ਅਤੇ ਗੁਰਭੇਜ ਸਿੰਘ ਅਲਟੋ ਕਾਰ ਵਿਚ ਸਵਾਰ ਹੋ ਕੇ ਪਿੰਡ ਘਟਿਆਂਵਾਲੀ ਚਲੇ ਗਏ। ਕਾਰ ਗੁਰਭੇਜ ਚਲਾ ਰਿਹਾ ਸੀ, ਜਦਕਿ ਮ੍ਰਿਤਕ ਸੰਦੀਪ ਕੰਡਕਟਰ ਵਾਲੀ ਸੀਟ 'ਤੇ ਬੈਠਾ ਸੀ। ਜਦੋਂ ਉਹ ਪਿੰਡ ਘਟਿਆਂਵਾਲੀ ਜੱਟਾਂ ਪਹੁੰਚੇ ਤਾਂ ਮਨਜੀਤ ਸਿੰਘ ਤੇ ਹੋਰ ਲੋਕਾਂ ਨੇ ਕਾਰ ਨੂੰ ਰੋਕ ਲਿਆ ਅਤੇ ਸੰਦੀਪ ਨੂੰ ਬਾਹਰ ਕੱਢ ਕੇ ਆਪਣੇ ਨਾਲ ਘਰ ਲੈ ਗਏ। ਉਹਨਾਂ ਨੇ ਘਰ ਦੇ ਕਮਰੇ 'ਚ ਬੰਦ ਕਰਕੇ ਸੰਦੀਪ ਦੀ ਬੇਰਹਿਮੀ ਨਾਲ ਕੁੱਟ-ਮਾਰ ਕੀਤੀ, ਜਿਸ ਦੀ ਹਾਲਤ ਗੰਭੀਰ ਹੋਣ ਕਾਰਨ ਇਲਾਜ ਦੌਰਾਨ ਹਸਪਤਾਲ ਵਿਚ ਮੌਤ ਹੋ ਗਈ। ਫਿਲਹਾਲ ਇਸ ਮਾਮਲੇ ਦੀ ਜਾਂਚ ਕਰ ਰਹੀ ਪੁਲਸ ਨੇ ਚਾਰ ਵਿਅਕਤੀਆਂ ਮਨਜੀਤ ਸਿੰਘ, ਜਗਸੀਰ ਸਿੰਘ, ਗੁਰਵਿੰਦਰ ਸਿੰਘ ਅਤੇ ਸੁਰਜੀਤ ਸਿੰਘ ਖਿ਼ਲਾਫ ਮਾਮਲਾ ਦਰਜ ਕਰ ਦਿੱਤਾ ਹੈ। ਇਸ ਸਬੰਧ ਵਿਚ ਐੱਸਐੱਚਓ ਦਾ ਕਹਿਣਾ ਹੈ ਕਿ ਇਸ ਮਾਮਲੇ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਪਤਾ ਲਗਾਇਆ ਜਾ ਸਕੇ ਕਿ ਕੁੱਟਮਾਰ ਕਰਨ ਦਾ ਅਸਲ ਕਾਰਨ ਕੀ ਸੀ।

### ਪੇਸ਼ੀ ਦੀ ਵਾਪਸੀ ਤੋਂ ਬਾਅਦ ਤਲਾਸ਼ੀ ਲੈਣ 'ਤੇ ਹਵਾਲਾਤੀ ਕੋਲੋਂ 1 ਮੋਬਾਇਲ ਬਰਾਮਦ

ਫਿਰੋਜ਼ਪੁਰ 5 ਮਈ। ਜਲੰਧਰ ਤੋਂ ਪੇਸ਼ੀ ਭੁਗਤ ਕੇ ਵਾਪਸ ਕੇਂਦਰੀ ਜੇਲ੍ਹ ਫਿਰੋਜ਼ਪੁਰ 'ਚ ਆਏ ਹਵਾਲਾਤੀ ਕੋਲੋਂ ਤਲਾਸ਼ੀ ਦੌਰਾਨ ਇਕ ਮੋਬਾਇਲ ਫੋਨ ਬਰਾਮਦ ਹੋਇਆ ਹੈ। ਇਸ ਸਬੰਧ 'ਚ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਉਕਤ ਹਵਾਲਾਤੀ ਖਿ਼ਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਐੱਸ. ਆਈ. ਸਵਰਨ ਸਿੰਘ ਨੇ ਦੱਸਿਆ ਕਿ ਰਛਪਾਲ ਗੋਇਲ ਸਹਾਇਕ ਸੁਪਰੀਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ 16 ਅਗਸਤ 2024 ਨੂੰ ਜਲੰਧਰ ਤੋਂ ਪੇਸ਼ੀ ਵਾਪਸੀ ਦੌਰਾਨ ਤਲਾਸ਼ੀ ਸਮੇਂ ਹਵਾਲਾਤੀ ਅਰਸ਼ਪ੍ਰੀਤ ਸਿੰਘ ਉਰਫ ਵੱਡਾ ਪੁੱਤਰ ਬੇਅੰਤ ਸਿੰਘ ਵਾਸੀ 06/03 ਸ਼ਹੀਦ ਬਾਬੂ ਲਾਭ ਸਿੰਘ ਨਗਰ ਜਲੰਧਰ ਡਵੀਜ਼ਨ ਨੰਬਰ 1 ਪੁਲਸ ਕਮਿਸ਼ਨਰ ਕੋਲੋਂ 1 ਕੀਪੈਡ ਫੋਨ ਬਰਾਮਦ ਹੋਇਆ।

**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**
I, ANITA BANSAL W/O PAWAN BANSAL residing at B-504, MAYURDHWAJ APARTMENT, I.P EXTN. EAST DELHI-110092 have Change my name to ANITA RANI BANSAL for all future purpose.

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

**PUBLIC NOTICE**
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs.,), & Khasra No. 236 (222.5 sq. mtrs.,), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
**[NAVEEN KUMAR VERMA]**
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**
I, Kulsum w/o Rozuddin R/o B-17, Gali No.3A, Near Mohalla Dilshad Masjid, Old Mustafabad, Delhi-110094, have changed my name to Kulsoom for all future purposes.

**NAME CHANGE**
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

**NAME CHANGE**
I Tajinder Kaur W/o Jaspreet Singh Baweja R/o 52/43 Ramjas Road Karol Bagh Delhi -110005 Have Changed My Name To Tajinder Kaur Baweja For All Purpose.

**NAME CHANGE**
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

**NAME CHANGE**
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

**NAME CHANGE**
I, SIDDHARATH RANA S/O BHAGWAN RANA residing at H NO-1074, SIRASPUR, DELHI-110042 have changed my name to SIDDHARTH RANA for all future purpose.

**NAME CHANGE**
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

**NAME CHANGE**
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHON-NAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

**NAME CHANGE**
I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

**NAME CHANGE**
It is for general information that I, KULDEEP KAUR W/o GURPREET SINGH, R/o #240-SF, Shivjot Enclave, Kharar, SAS Nagar (Mohali), Punjab-140301, declare that name of my minor son has been wrongly written as YASHASHVI SINGH in my minor son MANRAJ SINGH aged 12 years in his Aadhaar Card No. 6418 9734 8673. The actual name of my minor son is MANRAJ SINGH, which may be amended accordingly.

**NAME CHANGE**
I, MEENA DEVI wife of JC-493248F Rank-NB/SUB Name-RAVINDER KUMAR R/O VPO-MURTHAL, TEH-SONIPAT, DISTT-SONIPAT, HARYANA-131027 have changed my name from MEENA DEVI to MEENA for all future purposes vide Affidavit Dated 11/03/2024 before Notary Public, Delhi.

**NAME CHANGE**
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

**NAME CHANGE**
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**PUBLIC NOTICE**
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES
**PINKI LAMBA MANN**
ADVOCATE
OFF. A-205A, NORTH EX.MALL, SECTOR-9, ROHINI, NEW DELHI


## ਮਹੱਤਵਪੂਰਣ ਸੂਚਨਾ

ਸਰਵਸਬੰਧਿਤ ਨੂੰ ਸੂਚਿਤ ਕੀਤਾ ਜਾਦਾ ਹੈ ਕਿ ਰੇਲਵੇ ਦੁਵਾਰਾ ਰੇਲਗੱਡੀ ਨੰ: 04064/04063 ਨਵੀਂ ਦਿੱਲੀ - ਗਯਾ - ਨਵੀਂ ਦਿੱਲੀ ਰਿਜ਼ਰਵਡ ਸਪੈਸ਼ਲ ਦੇ ਸੰਚਾਲਨ ਮਾਰਗ ਦਾ ਵਿਸਤਾਰ ਸ਼ੇਖਪੁਰਾ ਤਕ ਕੀਤਾ ਜਾਂ ਰਿਹਾ ਹੈ ਪੂਰੇ ਮਾਰਗ ਦੇ ਠਹਿਰਾਵਾਂ ਦੀ ਸੰਸ਼ੋਧਿਤ ਸਮੇਂ-ਸਾਰਣੀ ਹੇਠਾ ਅਨੁਸਾਰ ਹੋਵੇਗੀ :-

**04064/04063 ਨਵੀਂ ਦਿੱਲੀ - ਸ਼ੇਖਪੁਰਾ - ਨਵੀਂ ਦਿੱਲੀ ਰਿਜ਼ਰਵਡ ਸੁਪਰਫਾਸਟ ਸਪੈਸ਼ਲ ਟ੍ਰੇਨ**

| ਰੇਲਗੱਡੀ ਨੰ: 04064 | | ↓ ਸਟੇਸ਼ਨ ↑ | ਰੇਲਗੱਡੀ ਨੰ: 04063 | |
|---|---|---|---|---|
| ਆਉਣਾ | ਜਾਣਾ | | ਆਉਣਾ | ਜਾਣਾ |
| ---- | 09:30 | ਨਵੀਂ ਦਿੱਲੀ | 01:10 | ----- |
| 16:05 | 16:10 | ਗੋਬਿੰਦਪੁਰੀ | 17:45 | 17:50 |
| 19:05 | 19:10 | ਪ੍ਰਯਾਗਰਾਜ ਜੰ: | 14:55 | 15:00 |
| 22:25 | 22:35 | ਪੰ. ਦੀਨ ਦਯਾਲ ਉਪਾਦਯੇ ਜੰ: | 11:30 | 11:40 |
| 23:13 | 23:15 | ਭਭੂਆ ਰੋਡ | 10:25 | 10:27 |
| 23:40 | 23:42 | ਸਾਸਾਰਾਮ | 09:50 | 09:52 |
| 23:55 | 23:57 | ਡੇਹਰੀ-ਆਨਸੋਨ | 09:30 | 09:32 |
| 02:20 | 02:25 | ਗਯਾ ਜੰ: | 08:15 | 08:20 |
| 03:10 | 03:12 | ਤਿਲੈਯਾ | 07:05 | 07:07 |
| 03:27 | 03:29 | ਨਵਾਦਾ | 06:48 | 06:50 |
| 03:45 | 03:47 | ਵਾਰਿਸਲੀ ਗੰਜ | 06:25 | 06:27 |
| 04:30 | ---- | ਸ਼ੇਖਪੁਰਾ | ----- | 06:00 |

ਚਲਨ ਦੇ ਦਿਨ : 04064 ਨਵੀਂ ਦਿੱਲੀ ਸਟੇਸ਼ਨ ਤੋਂ 10.07.2025 ਤਕ ਅਤੇ 04063 ਸ਼ੇਖਪੁਰਾ ਸਟੇਸ਼ਨ ਤੋਂ 06.05.2025 ਤੋਂ 11.07.2025 ਤਕ ।

ਨੋਟ : ਬਾਕੀ ਨਿਰਦੇਸ਼ ਪਹਿਲਾ ਵਾਂਗ ਰਹਿਣਗੇ ।

ਰੇਲਯਾਤਰੀਆਂ ਨੂੰ ਅਨੁਰੋਧ ਹੈ ਕਿ ਕਿਸੀ ਵੀ ਹੋਰ ਜਾਣਕਾਰੀ ਦੇ ਲਈ ਟੈਲੀਫੋਨ ਨੰ: 139 ਉਤੇ ਸੰਪਰਕ ਕਰੋ ਜਾਂ ਰੇਲਵੇ ਦੀ ਵੇਬਸਾਈਟ https://enquiry.indianrail.gov.in ਜਾਂ NTES App ਦੇਖੋ ।

ਰੇਲਮਦਦ ਵੇਬਸਾਈਟ ਦੇਖੋ: www.railmadad.indianrailways.gov.in ਰੇਲਮਦਦ ਏਪ ਡਾਊਨਲੋਡ ਕਰੋ

ਉਤੇ ਸਾਨੂੰ ਫਾਲੋ ਕਰੋ

ਉੱਤਰ ਰੇਲਵੇ
ਸਾਨੂੰ www.nr.indianrailways.gov.in ਉਤੇ ਮਿਲੋ

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਸੰਪਾਦਕੀ

### ਕੌਮੀ ਸਿੱਖਿਆ ਨੀਤੀ 'ਚ ਅੜਿੱਕਾ ਪ੍ਰਾਈਵੇਟ ਸਕੂਲਾਂ ਵੱਲੋਂ ਕੀਤੀ ਜਾਂਦੀ ਮਾਪਿਆਂ ਦੀ ਆਰਥਿਕ ਲੁੱਟ

ਕੌਮੀ ਸਿੱਖਿਆ ਨੀਤੀ-2020 ਦਾ ਮੁੱਖ ਟੀਚਾ ਹੈ- ਸਾਰਿਆਂ ਨੂੰ ਕਿਫ਼ਾਇਤੀ ਤੇ ਮਿਆਰੀ ਸਿੱਖਿਆ ਮੁਹੱਈਆ ਕਰਾਉਣਾ। ਇਸ ਉਤਸ਼ਾਹੀ ਮਾਰਗ ਦੇ ਰਾਹ 'ਚ ਵੱਡਾ ਅੜਿੱਕਾ ਕਈ ਪ੍ਰਾਈਵੇਟ ਸਕੂਲਾਂ ਵੱਲੋਂ ਕੀਤੀ ਜਾਂਦੀ ਮਾਪਿਆਂ ਦੀ ਆਰਥਿਕ ਲੁੱਟ ਹੈ ਜੋ ਨਿਰੋਲ ਜਾਂ ਬੁਨਿਆਦੀ ਤੌਰ 'ਤੇ ਮੁਨਾਫ਼ਾ ਕਮਾਉਣ ਦੇ ਮਕਸਦ ਨਾਲ ਚੱਲ ਰਹੇ ਹਨ। ਢੁੱਕਵੇਂ ਨਿਯਮਾਂ ਦੀ ਕਮੀ ਕਾਰਨ ਸਿੱਖਿਆ ਖੇਤਰ ਦਾ ਵਿਆਪਕ ਵਪਾਰੀਕਰਨ ਹੋ ਚੁੱਕਾ ਹੈ। ਸਵਾਗਤਯੋਗ ਕਦਮ ਚੁੱਕਦਿਆਂ ਦਿੱਲੀ ਕੈਬਨਿਟ ਨੇ ਕੌਮੀ ਰਾਜਧਾਨੀ ਦੇ ਸਾਰੇ ਸਕੂਲਾਂ ਦੀ ਫ਼ੀਸ ਨਿਯਮਤ ਕਰਨ ਲਈ ਬਿੱਲ ਮਨਜ਼ੂਰ ਕੀਤਾ ਹੈ, ਜਿਸ 'ਚ ਬਿਨਾਂ ਢੁੱਕਵੀਂ ਪ੍ਰਵਾਨਗੀ ਤੋਂ ਫੀਸ ਵਧਾਉਣ 'ਤੇ 10 ਲੱਖ ਰੁਪਏ ਜੁਰਮਾਨੇ ਦੀ ਤਜਵੀਜ਼ ਰੱਖੀ ਹੈ। ਬਿੱਲ ਜਲਦੀ ਹੀ ਵਿਧਾਨ ਸਭਾ 'ਚ ਰੱਖਿਆ ਜਾਵੇਗਾ, ਜਿਸ 'ਚ ਸਕੂਲ, ਜ਼ਿਲ੍ਹੇ ਤੇ ਰਾਜ ਪੱਧਰ ਉੱਤੇ ਕਮੇਟੀਆਂ ਬਣਾਉਣ ਦਾ ਪ੍ਰਸਤਾਵ ਹੈ। ਇਹ ਕਮੇਟੀਆਂ ਪਾਰਦਰਸ਼ੀ ਰੂਪ 'ਚ ਸਮਾਂਬੱਧ ਢੰਗ ਨਾਲ ਸਕੂਲ ਪ੍ਰਸ਼ਾਸਨਾਂ ਵੱਲੋਂ ਰੱਖੇ ਫੀਸ ਵਾਧੇ ਦੇ ਪ੍ਰਸਤਾਵਾਂ ਨੂੰ ਜਾਂਚਣਗੀਆਂ। ਇਸ ਫ਼ੈਸਲੇ ਦਾ ਟੀਚਾ ਲਾਚਾਰ ਮਾਪਿਆਂ ਨੂੰ ਉਨ੍ਹਾਂ ਇਕਪਾਸੜ ਫ਼ੈਸਲਿਆਂ ਤੋਂ ਬਚਾਉਣਾ ਹੈ ਜਿਨ੍ਹਾਂ ਵਿੱਚੋਂ ਨਿਰੀ ਲੁੱਟ ਦੀ ਝਲਕ ਪੈਂਦੀ ਹੈ।ਮਾਪਿਆਂ ਕੋਲ ਅਜਿਹੀਆਂ ਸਥਿਤੀਆਂ 'ਚ ਕੋਈ ਚਾਰਾ ਨਹੀਂ ਬਚਦਾ ਤੇ ਸਕੂਲ ਦੀ ਪੂਰੀ ਮਰਜ਼ੀ ਚੱਲਦੀ ਹੈ। ਗੁਜਰਾਤ, ਰਾਜਸਥਾਨ ਤੇ ਤਾਮਿਲਨਾਡੂ ਸਣੇ ਕਈ ਰਾਜਾਂ ਨੇ ਸਕੂਲਾਂ ਦੀ ਫੀਸ ਨਿਯਮਤ ਕਰਨ ਲਈ ਆਪੋ-ਆਪਣੇ ਕਾਨੂੰਨ ਬਣਾਏ ਹਨ। ਪ੍ਰਾਈਵੇਟ ਸਕੂਲਾਂ ਵੱਲੋਂ ਮਨਮਾਨੀ ਦਾ ਮੁੱਦਾ ਪੰਜਾਬ 'ਚ ਵੀ ਸਮੇਂ-ਸਮੇਂ ਉੱਠਦਾ ਰਿਹਾ ਹੈ। ਫੀਸਾਂ 'ਚ ਬੇਤਹਾਸ਼ਾ ਵਾਧੇ ਤੋਂ ਇਲਾਵਾ ਕਿਤਾਬਾਂ ਤੇ ਵਰਦੀਆਂ ਖਰੀਦਣ ਲੱਗਿਆਂ ਵੀ ਸਕੂਲਾਂ ਵੱਲੋਂ ਫ਼ੈਸਲੇ ਮਾਪਿਆਂ 'ਤੇ ਥੋਪੇ ਜਾਂਦੇ ਰਹੇ ਹਨ। ਪੰਜਾਬ ਦੀ ਵਰਤਮਾਨ 'ਆਪ' ਸਰਕਾਰ ਨੇ ਇਸ ਸਬੰਧੀ ਕਈ ਵਾਰ ਹਦਾਇਤਾਂ ਜਾਰੀ ਕੀਤੀਆਂ ਹਨ ਪਰ ਜ਼ਮੀਨੀ ਪੱਧਰ 'ਤੇ ਹਕੀਕਤ ਹੋਰ ਹੈ ਹਾਲਾਂਕਿ ਕਈ ਰਾਜ ਸਰਕਾਰਾਂ ਨੂੰ ਇਸ ਮਾਮਲੇ 'ਤੇ ਵਾਰ-ਵਾਰ ਅਦਾਲਤੀ ਮੁਕੱਦਮਿਆਂ ਦਾ ਸਾਹਮਣਾ ਕਰਨਾ ਪਿਆ ਹੈ। 2021 ਵਿੱਚ, ਸੁਪਰੀਮ ਕੋਰਟ ਨੇ ਰਾਜਸਥਾਨ ਸਕੂਲ (ਫੀਸ ਰੈਗੂਲੇਸ਼ਨ) ਕਾਨੂੰਨ-2016 ਦੀ ਸੰਵਿਧਾਨਕ ਵਾਜਬੀਅਤ ਨੂੰ ਕਾਇਮ ਰੱਖਿਆ ਸੀ, ਤੇ ਸਪੱਸ਼ਟ ਕੀਤਾ ਸੀ ਕਿ ਰਾਜ ਸਰਕਾਰ ਕੋਲ ਸਿੱਖਿਆ 'ਚ ਮੁਨਾਫ਼ਾਖੋਰੀ ਨੂੰ ਰੋਕਣ ਦਾ ਹੱਕ ਹੈ। ਨਾਰਾਜ਼ ਮਾਪਿਆਂ ਵੱਲੋਂ ਹਾਲ ਹੀ 'ਚ ਕੀਤੇ ਰੋਸ ਪ੍ਰਦਰਸ਼ਨਾਂ ਨੇ ਦਿੱਲੀ ਦੀ ਭਾਜਪਾ ਸਰਕਾਰ ਨੂੰ ਇਹ ਬਿੱਲ ਲਿਆਉਣ ਲਈ ਮਜਬੂਰ ਕੀਤਾ ਹੈ।ਇਸ ਕਾਨੂੰਨ ਨੇ ਬਿਲਕੁਲ ਸਪੱਸ਼ਟ ਤਜਵੀਜ਼ਾਂ ਨਿਯਮਾਂ ਦੇ ਰੂਪ ਵਿੱਚ ਰੱਖੀਆਂ ਹਨ ਤਾਂ ਕਿ ਵਿਦਿਅਕ ਅਦਾਰਿਆਂ ਤੇ ਸਰਕਾਰ ਵਿਚਾਲੇ ਵਿਵਾਦ ਘੱਟ ਤੋਂ ਘੱਟ ਹੋਣ। ਪ੍ਰਾਈਵੇਟ ਸਕੂਲ ਅਕਸਰ ਫੀਸ ਵਧਾਉਣ ਲਈ ਵਿਦਿਆਰਥੀਆਂ ਨੂੰ ਬਿਹਤਰ ਸਹੂਲਤਾਂ ਦੇਣ ਅਤੇ ਅਧਿਆਪਕਾਂ ਨੂੰ ਚੰਗੀਆਂ ਤਨਖਾਹਾਂ 'ਤੇ ਰੱਖਣ ਦਾ ਹਵਾਲਾ ਦਿੰਦੇ ਹਨ ਹਾਲਾਂਕਿ ਇਨ੍ਹਾਂ ਵਿੱਚੋਂ ਬਹੁਤੇ ਆਪਣੀ ਆਮਦਨੀ ਤੇ ਖਰਚ ਦੇ ਵੇਰਵਿਆਂ ਦਾ ਖ਼ੁਲਾਸਾ ਕਰਨ ਤੋਂ ਝਿਜਕਦੇ ਹਨ। ਇਸ ਤਰ੍ਹਾਂ ਪਰਦਾ ਰੱਖਣ ਨਾਲ ਮਾਪਿਆਂ ਨੂੰ ਪੂਰੀ ਜਾਣਕਾਰੀ ਨਹੀਂ ਮਿਲਦੀ ਤੇ ਉਨ੍ਹਾਂ ਦੀ ਲੁੱਟ ਹੋਣ ਦਾ ਜੋਖ਼ਮ ਹੋਰ ਵਧਦਾ ਜਾਂਦਾ ਹੈ। ਉਮੀਦ ਹੈ ਕਿ ਸਖ਼ਤ ਕਾਨੂੰਨੀ ਹਦਾਇਤਾਂ ਸਕੂਲਾਂ ਨੂੰ ਸਿੱਖਿਆ ਨੂੰ ਮੁਨਾਫ਼ੇ ਦੇ ਸਾਧਨ ਵਜੋਂ ਵਰਤਣ ਤੋਂ ਰੋਕਣਗੀਆਂ।

### ਦਰਿਆਈ ਪਾਣੀਆਂ ਦੀ ਵੰਡ ਦਾ ਵਿਵਾਦ

ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵੱਲੋਂ ਪੰਜਾਬ ਦੇ ਹਿੱਸੇ ਵਿੱਚੋਂ 8500 ਕਿਊਸਕ ਵਾਧੂ ਪਾਣੀ ਹਰਿਆਣਾ ਨੂੰ ਦੇਣ ਦੇ ਫ਼ੈਸਲੇ ਨਾਲ ਦੋਵਾਂ ਸੂਬਿਆਂ ਵਿਚਕਾਰ ਚੱਲ ਰਿਹਾ ਦਰਿਆਈ ਪਾਣੀਆਂ ਦੀ ਵੰਡ ਦਾ ਵਿਵਾਦ ਇੱਕ ਵਾਰ ਫਿਰ ਭਖ ਗਿਆ ਹੈ। 8500 ਕਿਊਸਕ ਪਾਣੀ ਦੀ ਮੰਗ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕੀਤੀ ਸੀ। ਹਰਿਆਣਾ ਸਰਕਾਰ ਦਾ ਕਹਿਣਾ ਹੈ ਕਿ ਗਰਮੀਆਂ ਦੇ ਮੌਸਮ ਵਿੱਚ ਪੀਣ ਵਾਲੇ ਪਾਣੀ ਦੀ ਕਿੱਲਤ ਦੂਰ ਕਰਨ ਲਈ ਉਸ ਨੂੰ ਮਾਨਵੀ ਆਧਾਰ 'ਤੇ ਵਾਧੂ ਪਾਣੀ ਦੀ ਲੋੜ ਹੈ। ਹਰਿਆਣਾ ਇਹ ਵੀ ਆਖ ਰਿਹਾ ਹੈ ਕਿ ਅਤੀਤ ਵਿੱਚ ਉਸ ਨੂੰ ਗਰਮੀ ਦੇ ਮਹੀਨਿਆਂ ਵਿੱਚ ਜ਼ਿਆਦਾ ਪਾਣੀ ਮਿਲਦਾ ਰਿਹਾ ਹੈ। ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੇ ਦਫ਼ਤਰ ਵਿੱਚ ਹੋਈ ਮੀਟਿੰਗ ਵਿੱਚ ਹਰਿਆਣਾ, ਰਾਜਸਥਾਨ, ਦਿੱਲੀ ਅਤੇ ਸਿੰਧ ਕਮਿਸ਼ਨ ਤੇ ਭਾਰਤ ਸਰਕਾਰ ਦੇ ਨੁਮਾਇੰਦਿਆਂ ਨੇ ਹਰਿਆਣਾ ਦੇ ਪੱਖ ਵਿਚ ਪੈਂਤੜਾ ਮੱਲਿਆ। ਹਿਮਾਚਲ ਪ੍ਰਦੇਸ਼ ਦੇ ਨੁਮਾਇੰਦੇ ਨੇ ਨਿਰਪੱਖ ਭੂਮਿਕਾ ਨਿਭਾਈ। ਅਸਲ ਵਿਚ, ਭਾਰਤੀ ਜਨਤਾ ਪਾਰਟੀ ਦੀਆਂ ਸਰਕਾਰਾਂ ਵਾਲੇ ਸੂਬੇ ਇਕਸੁਰ ਹੋ ਗਏ ਅਤੇ ਇਨ੍ਹਾਂ ਦੇ ਨੁਮਾਇੰਦਿਆਂ ਨੇ ਪੰਜਾਬ ਦੇ ਖਿ ?ਲਾਫ਼ ਵੋਟ ਪਾਈ। ਦੂਜੇ ਪਾਸੇ, ਪੰਜਾਬ ਨੇ ਬੋਰਡ ਦਾ ਇਹ ਫ਼ੈਸਲਾ ਮੰਨਣ ਤੋਂ ਸਾਫ਼ ਇਨਕਾਰ ਕਰ ਦਿੱਤਾ ਹੈ। ਮੁੱਖ ਮੰਤਰੀ ਭਗਵੰਤ ਮਾਨ ਪਹਿਲਾਂ ਹੀ ਆਖ ਚੁੱਕੇ ਹਨ ਕਿ ਝੋਨੇ ਦੇ ਸੀਜ਼ਨ ਦੇ ਮੱਦੇਨਜ਼ਰ ਪੰਜਾਬ ਕੋਲ ਆਪਣੀਆਂ ਲੋੜਾਂ ਤੋਂ ਵੀ ਘੱਟ ਪਾਣੀ ਹੈ, ਇਸ ਲਈ ਹਰਿਆਣਾ ਨੂੰ ਹੋਰ ਪਾਣੀ ਨਹੀਂ ਦਿੱਤਾ ਜਾ ਸਕਦਾ। ਉਂਝ ਵੀ ਹਰਿਆਣਾ ਹੁਣ ਤੱਕ ਆਪਣੇ ਹਿੱਸੇ ਤੋਂ ਵੱਧ ਪਾਣੀ ਲੈ ਚੁੱਕਾ ਹੈ। ਪੰਜਾਬ ਸਰਕਾਰ ਦਾ ਕਹਿਣਾ ਹੈ ਕਿ ਪਿਛਲੇ ਕੁਝ ਸਾਲਾਂ ਵਿੱਚ ਇਸ ਨੇ ਬੰਦ ਕੀਤੇ ਰਜਵਾਹੇ ਅਤੇ ਸੂਏ ਕੱਸੀਆਂ ਸੁਰਜੀਤ ਕਰ ਕੇ ਆਪਣੇ ਹਿੱਸੇ ਦਾ ਪਾਣੀ ਵਰਤਣਾ ਸ਼ੁਰੂ ਕੀਤਾ ਹੈ ਕਿਉਂਕਿ ਰਾਜ ਵਿੱਚ ਜ਼ਮੀਨ ਹੇਠਲੇ ਪਾਣੀ ਦਾ ਪੱਧਰ ਬਹੁਤ ਡੂੰਘਾ ਜਾ ਚੁੱਕਾ ਹੈ ਜਿਸ ਕਰ ਕੇ ਆਉਣ ਵਾਲੇ ਸਮੇਂ ਵਿੱਚ ਹਰਿਆਣਾ ਨੂੰ ਵਾਧੂ ਪਾਣੀ ਨਹੀਂ ਦਿੱਤਾ ਜਾ ਸਕੇਗਾ।ਪਾਣੀ ਨੂੰ ਲੈ ਕੇ ਪੰਜਾਬ, ਹਰਿਆਣਾ ਤੇ ਰਾਜਸਥਾਨ ਵਿਚਕਾਰ ਲੰਮੇ ਅਰਸੇ ਤੋਂ ਵਿਵਾਦ ਚਲ ਰਿਹਾ ਹੈ ਅਤੇ ਅਕਸਰ ਵੱਖ-ਵੱਖ ਸਿਆਸੀ ਧਿਰਾਂ ਆਪਣੇ ਸੌੜੇ ਹਿੱਤਾਂ ਲਈ ਵੀ ਇਸ ਮੁੱਦੇ ਨੂੰ ਉਭਾਰਦੀਆਂ ਰਹੀਆਂ ਹਨ। ਹੁਣ ਹਰਿਆਣਾ ਦੇ ਇੱਕ ਆਗੂ ਅਭੈ ਸਿੰਘ ਚੌਟਾਲਾ ਨੇ ਧਮਕੀ ਦਿੱਤੀ ਹੈ ਕਿ ਜੇ ਹਰਿਆਣਾ ਨੂੰ ਵਾਧੂ ਪਾਣੀ ਨਾ ਦਿੱਤਾ ਗਿਆ ਤਾਂ ਕੌਮੀ ਰਾਜਮਾਰਗ ਬੰਦ ਕਰ ਦਿੱਤੇ ਜਾਣਗੇ। ਦੋਵਾਂ ਸੂਬਿਆਂ ਵਿਚਕਾਰ ਇਹ ਟਕਰਾਅ ਉਦੋਂ ਸ਼ੁਰੂ ਹੋਇਆ ਜਦੋਂ ਪਹਿਲਗਾਮ ਹਮਲੇ ਮਗਰੋਂ ਭਾਰਤ ਸਰਕਾਰ ਵੱਲੋਂ ਸਿੰਧ ਜਲ ਸੰਧੀ ਮੁਲਤਵੀ ਕਰ ਕੇ ਪਾਕਿਸਤਾਨ ਨੂੰ ਜਾਂਦਾ ਪਾਣੀ ਬੰਦ ਕਰਨ ਬਾਰੇ ਬਿਆਨਬਾਜ਼ੀ ਚੱਲ ਰਹੀ ਹੈ ਅਤੇ ਦੋਵਾਂ ਦੇਸ਼ਾਂ ਵਿਚਕਾਰ ਤਣਾਅ ਦਿਨ-ਬ-ਦਿਨ ਵਧ ਰਿਹਾ ਹੈ।

ਤਿੰਨਾਂ ਰਾਜਾਂ ਲਈ ਪਾਣੀ ਦੀ ਵੰਡ ਅਤੇ ਨਹਿਰੀ ਸਪਲਾਈ ਦਾ ਕੰਟਰੋਲ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੇ ਹੱਥਾਂ ਵਿੱਚ ਹੈ। ਪਹਿਲੀ ਗੱਲ ਇਹ ਹੈ ਕਿ ਭਾਖੜਾ ਡੈਮ ਅਤੇ ਪੌਂਗ ਡੈਮ ਵਿੱਚ ਪਾਣੀ ਦਾ ਪੱਧਰ (24 ਅਪਰੈਲ 2025 ਤੱਕ) ਕ੍ਰਮਵਾਰ 4 ਅਤੇ 10 ਮੀਟਰ ਤੱਕ ਹੇਠਾਂ ਹੈ। ਪੌਂਗ ਡੈਮ ਦਾ ਪੱਧਰ ਤਾਂ ਆਮ ਨਾਲੋਂ 54.8 ਫ਼ੀਸਦੀ ਹੇਠਾਂ ਹੈ ਤੇ ਇਸ ਦੀ ਚਲੰਤ ਭੰਡਾਰਨ ਸਮੱਰਥਾ ਕੁੱਲ ਸਮੱਰਥਾ ਦਾ ਮਹਿਜ਼ ਕਰੀਬ 13 ਫ਼ੀਸਦੀ ਰਹਿ ਗਈ ਹੈ। ਦੂਜਾ, ਹਰਿਆਣਾ ਦੀ 8500 ਕਿਊਸਕ ਵਾਧੂ ਪਾਣੀ ਦੀ ਮੰਗ ਕਿਵੇਂ ਵੀ ਪੂਰੀ ਨਹੀਂ ਕੀਤੀ ਜਾ ਸਕਦੀ। ਪੰਜਾਬ ਵਿੱਚ ਵੀ ਪੀਣ ਵਾਲੇ ਸਾਫ਼ ਪਾਣੀ ਦੀ ਘਾਟ ਦਾ ਸੰਕਟ ਹਰ ਸਾਲ ਵਧ ਰਿਹਾ ਹੈ। ਜਲਵਾਯੂ ਤਬਦੀਲੀ ਕਰ ਕੇ ਦਰਿਆਵਾਂ ਵਿੱਚ ਪਾਣੀ ਦਾ ਵਹਾਓ ਘਟ ਰਿਹਾ ਹੈ। ਸਮਝਦਾਰੀ ਇਸੇ ਗੱਲ ਵਿੱਚ ਹੈ ਕਿ ਇਸ ਮਸਲੇ 'ਤੇ ਸਿਆਸੀ ਖਿਚਾਓ ਪੈਦਾ ਕਰਨ ਦੀ ਬਜਾਏ ਪਾਣੀ ਅਤੇ ਹੋਰਨਾਂ ਕੁਦਰਤੀ ਸਰੋਤਾਂ ਦੀ ਸਾਂਭ-ਸੰਭਾਲ ਅਤੇ ਇਨ੍ਹਾਂ ਦੀ ਸੰਜਮੀ ਵਰਤੋਂ ਦਾ ਰਾਹ ਅਪਣਾਇਆ ਜਾਵੇ।

## ਟ੍ਰਾਇਡੈਂਟ ਦਾ 10 ਦਿਨਾਂ ਦਾ ਕੈਂਸਰ ਜਾਗਰੂਕਤਾ ਕੈਂਪ ਸਫਲ, 6000 ਤੋਂ ਵੱਧ ਲੋਕਾਂ ਨੇ ਲਿਆ ਹਿੱਸਾ

**ਬਰਨਾਲਾ, 5 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਟ੍ਰਾਈਡੈਂਟ ਸਮੂਹ ਵੱਲੋਂ ਵਰਲਡ ਕੈਂਸਰ ਕੇਅਰ ਸੁਸਾਇਟੀ ਦੇ ਸਹਿਯੋਗ ਨਾਲ ਸੰਸਥਾਪਕ ਪਦਮ ਸ਼੍ਰੀ ਰਾਜਿੰਦਰ ਗੁਪਤਾ ਦੀ ਅਗਵਾਈ ਵਿੱਚ ਆਯੋਜਿਤ 10 ਦਿਨਾਂ ਦਾ ਕੈਂਸਰ ਜਾਗਰੂਕਤਾ ਕੈਂਪ ਬਹੁਤ ਸਫਲ ਰਿਹਾ। ਇਸ ਕੈਂਪ ਵਿੱਚ 6000 ਤੋਂ ਵੱਧ ਲੋਕਾਂ ਨੇ ਵੱਧ-ਚੜ੍ਹ ਕੇ ਹਿੱਸਾ ਲਿਆ। ਕੈਂਪ ਦਾ ਮੁੱਖ ਉਦੇਸ਼ ਲੋਕਾਂ ਨੂੰ ਕੈਂਸਰ ਬਾਰੇ ਜਾਣਕਾਰੀ ਦੇਣਾ, ਇਸ ਤੋਂ ਬਚਾਅ ਦੇ ਤਰੀਕਿਆਂ ਬਾਰੇ ਦੱਸਣਾ ਅਤੇ ਮੁਫ਼ਤ ਜਾਂਚਾਂ ਕਰਕੇ ਜਾਗਰੂਕਤਾ ਫੈਲਾਉਣਾ ਸੀ।



ਕੈਂਪ ਦੀਆਂ ਮੁੱਖ ਗੱਲਾਂ:

* ਮੁਫ਼ਤ ਜਾਂਚਾਂ: ਕੈਂਪ ਵਿੱਚ ਔਰਤਾਂ ਲਈ ਛਾਤੀ ਅਤੇ ਬੱਚੇਦਾਨੀ ਦੇ ਕੈਂਸਰ ਦੀ ਜਾਂਚ, ਮੂੰਹ ਅਤੇ ਚਮੜੀ ਦੇ ਕੈਂਸਰ ਦੀ ਮੁਫ਼ਤ ਜਾਂਚ ਕੀਤੀ ਗਈ।
* ਮਾਹਿਰਾਂ ਦੀ ਸਲਾਹ: ਤਜਰਬੇਕਾਰ ਡਾਕਟਰਾਂ ਅਤੇ ਕੈਂਸਰ ਰੋਗਾਂ ਦੇ ਮਾਹਿਰਾਂ ਨੇ ਲੋਕਾਂ ਨੂੰ ਸਿੱਧੀ ਸਲਾਹ ਦਿੱਤੀ।
* ਜਾਗਰੂਕਤਾ ਲੈਕਚਰ: ਕੈਂਪ ਵਿੱਚ ਕੈਂਸਰ ਬਾਰੇ ਜਾਣਕਾਰੀ ਦੇਣ ਲਈ ਲੈਕਚਰ, ਸੈਸ਼ਨ ਅਤੇ ਵੀਡੀਓ ਦਿਖਾਈਆਂ ਗਈਆਂ।
* ਪ੍ਰੇਰਨਾਦਾਇਕ ਕਹਾਣੀਆਂ: ਕੈਂਸਰ ਤੋਂ ਠੀਕ ਹੋ ਚੁੱਕੇ ਲੋਕਾਂ ਨੇ ਆਪਣੀਆਂ ਕਹਾਣੀਆਂ ਸਾਂਝੀਆਂ ਕੀਤੀਆਂ ਅਤੇ ਮਾਨਸਿਕ ਸਹਾਇਤਾ ਲਈ ਸੈਸ਼ਨ ਵੀ ਆਯੋਜਿਤ ਕੀਤੇ ਗਏ।
* ਵਿਸ਼ੇਸ਼ ਧਿਆਨ: ਕੈਂਪ ਵਿੱਚ ਔਰਤਾਂ ਅਤੇ ਨੌਜਵਾਨਾਂ ਵਿੱਚ ਕੈਂਸਰ ਦੀ ਰੋਕਥਾਮ 'ਤੇ ਵਿਸ਼ੇਸ਼ ਧਿਆਨ ਦਿੱਤਾ ਗਿਆ।ਇਹ ਕੈਂਪ ਟ੍ਰਾਈਡੈਂਟ ਦੇ ਕਾਰਪੋਰੇਟ ਸੋਸ਼ਲ ਰਿਸਪਾਂਸੀਬਿਲਟੀ (CSR) ਪ੍ਰੋਗਰਾਮ ਦਾ ਹਿੱਸਾ ਸੀ। ਇਸਦਾ ਉਦੇਸ਼ ਸਿਰਫ਼ ਬਿਮਾਰੀ ਦੀ ਜਾਂਚ ਕਰਨਾ ਹੀ ਨਹੀਂ, ਸਗੋਂ ਲੋਕਾਂ ਵਿੱਚ ਕੈਂਸਰ ਦੇ ਡਰ, ਭਰਮ ਅਤੇ ਇਸ ਬਾਰੇ ਚੁੱਪ ਰਹਿਣ ਦੀ ਪ੍ਰਵਿਰਤੀ ਨੂੰ ਦੂਰ ਕਰਨਾ ਵੀ ਸੀ। ਕੈਂਪ ਨੂੰ ਸਫਲ ਬਣਾਉਣ ਵਿੱਚ ਸਿਹਤ ਵਿਭਾਗ, ਸਥਾਨਕ ਗੈਰ-ਸਰਕਾਰੀ ਸੰਗਠਨਾਂ (NGOs) ਅਤੇ ਹਸਪਤਾਲਾਂ ਨੇ ਵੀ ਅਹਿਮ ਭੂਮਿਕਾ ਨਿਭਾਈ।

ਟ੍ਰਾਈਡੈਂਟ ਦੇ CSR ਹੈੱਡ ਨੇ ਕਿਹਾ, ਸਾਡਾ ਇਹ ਯਤਨ ਹੈ ਕਿ ਅਸੀਂ ਸਮਾਜ ਨੂੰ ਨਾ ਸਿਰਫ਼ ਰੁਜ਼ਗਾਰ ਦੇਈਏ, ਸਗੋਂ ਸਿਹਤ, ਸੁਰੱਖਿਆ ਅਤੇ ਜਾਗਰੂਕਤਾ ਰਾਹੀਂ ਇੱਕ ਸਵੱਛ ਅਤੇ ਸਿਹਤਮੰਦ ਭਵਿੱਖ ਵੀ ਦੇਈਏ। 6000 ਤੋਂ ਵੱਧ ਲੋਕਾਂ ਦੀ ਹਾਜ਼ਰੀ ਨੇ ਸਾਡੇ ਇਸ ਉਦੇਸ਼ ਨੂੰ ਹੋਰ ਮਜ਼ਬੂਤੀ ਦਿੱਤੀ ਹੈ।

ਕੈਂਪ ਦੌਰਾਨ ਕਈ ਅਜਿਹੇ ਮਾਮਲੇ ਵੀ ਸਾਹਮਣੇ ਆਏ ਜਿਨ੍ਹਾਂ ਵਿੱਚ ਸ਼ੁਰੂਆਤੀ ਲੱਛਣਾਂ ਦੇ ਆਧਾਰ 'ਤੇ ਲੋਕਾਂ ਨੂੰ ਸਲਾਹ ਦਿੱਤੀ ਗਈ ਅਤੇ ਉਨ੍ਹਾਂ ਨੂੰ ਅੱਗੇ ਇਲਾਜ ਲਈ ਭੇਜਿਆ ਗਿਆ। ਇਹ ਕੈਂਪ ਸਿਰਫ਼ ਇੱਕ ਜਾਂਚ ਮੁਹਿੰਮ ਨਹੀਂ ਸੀ, ਸਗੋਂ ਇੱਕ ਉਮੀਦ ਦਾ ਸੰਦੇਸ਼ ਵੀ ਸੀ ਕਿ ਜੇਕਰ ਕੈਂਸਰ ਦੀ ਜਲਦੀ ਪਛਾਣ ਹੋ ਜਾਵੇ ਤਾਂ ਇਸ 'ਤੇ ਜਿੱਤ ਪ੍ਰਾਪਤ ਕੀਤੀ ਜਾ ਸਕਦੀ ਹੈ।

## ਮੋਰਿੰਡਾ ਦੇ ਰਾਜ ਮਹਲ ਰਿਜ਼ੋਰਟ ਵਿਖੇ ਹੋਵੇਗਾ ਜ਼ਿਲ੍ਹਾ ਪੱਧਰੀ ਸਮਾਗਮ



**ਮੋਰਿੰਡਾ, 5 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਅਧੀਨ ਜ਼ਿਲ੍ਹਾ ਰੂਪਨਗਰ ਵਿਖੇ ਵਿਲੇਜ ਡਿਫੈਂਸ ਕਮੇਟੀ/ਵਾਰਡ ਡਿਫੈਂਸ ਕਮੇਟੀ ਪਿੰਡਾਂ ਅਤੇ ਸ਼ਹਿਰਾਂ ਦੇ ਪਹਿਰੇਦਾਰ ਮੁਹਿੰਮ ਦੀ ਸ਼ੁਰੂਆਤ 5 ਮਈ 2025 ਦਿਨ ਸ਼ਨੀਵਾਰ ਨੂੰ ਸਵੇਰੇ 10 ਵਜੇ ਰਾਜ ਮਹਲ ਰਿਜ਼ੋਰਟ ਮੋਰਿੰਡਾ ਵਿਖੇ ਆਯੋਜਿਤ ਪ੍ਰੋਗਰਾਮ ਦੌਰਾਨ ਕੀਤੀ ਜਾਵੇਗੀ।

ਇਸ ਪ੍ਰੋਗਰਾਮ ਵਿੱਚ ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਉਚੇਰੀ ਸਿੱਖਿਆ ਤੇ ਭਾਸ਼ਾ, ਸਕੂਲ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਸ. ਹਰਜੋਤ ਸਿੰਘ ਬੈਂਸ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਣਗੇ ਅਤੇ ਸ਼੍ਰੀ ਦਿਨੇਸ਼ ਚੱਢਾ ਐੱਮ.ਐੱਲ.ਏ. ਹਲਕਾ ਰੂਪਨਗਰ ਅਤੇ ਡਾ. ਇਸ਼ਾਕ ਕੁਮਾਰ ਐੱਮ.ਐੱਲ.ਏ. ਹਲਕਾ ਚੱਬੇਵਾਲ ਵਿਸ਼ੇਸ ਮਹਿਮਾਨ ਵਜੋਂ ਸ਼ਿਰਕਤ ਕਰਨਗੇ।

ਇਸ ਜ਼ਿਲ੍ਹਾ ਪੱਧਰੀ ਸਮਾਗਮ ਸਬੰਧੀ ਢੁੱਕਵੇਂ ਪ੍ਰਬੰਧ ਕਰਨ ਲਈ ਡਿਪਟੀ ਕਮਿਸ਼ਨਰ ਰੂਪਨਗਰ ਸ਼੍ਰੀ ਵਰਜੀਤ ਸਿੰਘ ਵਾਲੀਆ ਨੇ ਵੱਖ-ਵੱਖ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਆਦੇਸ਼ ਜਾਰੀ ਕੀਤੇ ਅਤੇ ਇਸ ਸਮਾਗਮ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਅਧਿਕਾਰੀਆ ਨੂੰ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਸੂਬੇ ਨੂੰ ਨਸ਼ਿਆਂ ਤੋਂ ਮੁਕੰਮਲ ਤੌਰ ਉੱਤੇ ਮੁਕਤ ਕਰਨ ਲਈ ਪੰਜਾਬ ਪੁਲਿਸ ਅਤੇ ਜਿਲ੍ਹਾ ਪ੍ਰਸ਼ਾਸਨ ਵੱਲੋਂ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ, ਪਰ ਨਸ਼ੇ ਨੂੰ ਮੁਕੰਮਲ ਤੌਰ ਉਤੇ ਠੱਲ ਪਾਉਣ ਲਈ ਹਲਕਾ ਵਾਸੀਆਂ ਦੇ ਸਾਥ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਖਿਲਾਫ ਲੜਾਈ ਵਿੱਚ ਸਮੂਹ ਨਾਗਰਿਕਾਂ ਦੇ ਸਰਗਰਮ ਸਹਿਯੋਗ ਦੀ ਲੋੜ ਹੈ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਵੀ ਇਸ ਸਮਾਗਮ ਵਿੱਚ ਵੱਧ ਚੜ੍ਹ ਕੇ ਭਾਗ ਲੈਣ ਦੀ ਅਪੀਲ ਕੀਤੀ।ਇਸ ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ (ਵ) ਚੰਦਰਯਜੋਤੀ ਸਿੰਘ, ਆਈ.ਏ.ਐਸ. ਅੰਡਰ ਟ੍ਰੇਨਿੰਗ ਅਭਿਮਨਯੂ ਮਲਿਕ, ਆਰਟੀਓ ਗੁਰਵਿੰਦਰ ਸਿੰਘ ਜੌਹਲ, ਸਹਾਇਕ ਕਮਿਸ਼ਨਰ (ਜ)ਅਰਵਿੰਦਰਪਾਲ ਸਿੰਘ ਸੋਮਲ, ਮੁੱਖ ਮੰਤਰੀ ਫੀਲਡ ਅਫ਼ਸਰ ਜਸਜੀਤ ਸਿੰਘ, ਐਸਡੀਐਮ ਮੋਰਿੰਡਾ ਸੁਖਪਾਲ ਸਿੰਘ, ਐਸਡੀਐਮ ਸ੍ਰੀ ਚਮਕੌਰ ਸਾਹਿਬ ਅਮਰੀਕ ਸਿੰਘ ਸਿੱਧੂ, ਐਸਡੀਐਮ ਨੰਗਲ ਅਨਮਜੋਤ ਕੌਰ, ਐਸਡੀਐਮ ਰੂਪਨਗਰ ਸਚਿਨ ਪਾਠਕ, ਡੀਐਸਪੀ ਮੋਰਿੰਡਾ ਜਤਿੰਦਰਪਾਲ ਸਿੰਘ, ਜ਼ਿਲ੍ਹੇ ਦੇ ਸਮੂਹ ਬੀਡੀਪੀਓਜ਼ ਅਤੇ ਹੋਰ ਉੱਚ ਅਧਿਕਾਰੀ ਹਾਜ਼ਰ ਸਨ।

## ਭਾਜਪਾ ਸਰਕਾਰ ਪੰਜਾਬ ਨਾਲ ਕਰ ਰਹੀ ਹੈ ਜਬਰਦਸਤੀ, ਪਾਣੀ ਦੀ ਇਕ ਬੂੰਦ ਵੀ ਸਾਂਝੀ ਨਹੀਂ ਕੀਤੀ ਜਾਵੇਗੀ : ਬ੍ਰਮ ਸ਼ੰਕਰ ਜਿੰਪਾ

**ਹੁਸ਼ਿਆਰਪੁਰ, 5 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਕੇਂਦਰ ਦੀ ਭਾਜਪਾ ਸਰਕਾਰ ਦੀ ਸ਼ਹਿ 'ਤੇ ਬੀ.ਬੀ.ਐਮ.ਬੀ ਵਲੋਂ ਹਰਿਆਣਾ ਨੂੰ ਜਬਰਨ 8500 ਕਿਊਸਿਕ ਵਾਧੂ ਪਾਣੀ ਛੱਡੇ ਜਾਣ ਦੇ ਫੈਸਲੇ ਦੇ ਵਿਰੋਧ ਵਿਚ ਅੱਜ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਦੀ ਅਗਵਾਈ ਵੀ ਲੇਬਰ ਸ਼ੈਡ ਤੋਂ ਭਾਜਪਾ ਦਫ਼ਤਰ ਹੁਸ਼ਿਆਰਪੁਰ ਤੱਕ ਜ਼ੋਰਦਾਰ ਰੋਸ ਮਾਰਚ ਕੱਢਿਆ ਗਿਆ।



ਇਸ ਮੌਕੇ ਜਿੰਪਾ ਨੇ ਕਿਹਾ ਕਿ ਪੰਜਾਬ ਕੋਲ ਕੇਵਲ ਆਪਣੇ ਹਿੱਸੇ ਦਾ ਹੀ ਪਾਣੀ ਹੈ ਜਿਸ ਨੂੰ ਜਬਰਦਸਤੀ ਖੋਹਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਮੰਗ ਕੀਤੀ ਕਿ ਭਾਜਪਾ ਵਲੋਂ ਪੰਜਾਬ ਨਾਲ ਕੀਤੀ ਜਾ ਰਹੀ ਜਬਰਦਸਤੀ ਅਤੇ ਅਤਿਆਚਾਰ ਨੂੰ ਤੁਰੰਤ ਰੋਕਿਆ ਜਾਵੇ।

ਆਪ ਪਾਰਟੀ ਦੇ ਵਰਕਰਾਂ ਅਤੇ ਵੱਡੀ ਗਿਣਤੀ ਵਿਚ ਮੌਜੂਦ ਨੇਤਾਵਾਂ ਨੇ ਕੇਂਦਰ ਸਰਕਾਰ, ਹਰਿਆਣਾ ਸਰਕਾਰ, ਭਾਜਪਾ ਅਤੇ ਬੀ.ਬੀ.ਐਮ.ਬੀ ਦੇ ਵਿਰੁੱਧ ਜ਼ੋਰਦਾਰ ਨਾਅਰੇਬਾਜੀ ਕਰਦੇ ਹੋਏ ਵਿਰੋਧ ਪ੍ਰਗਟ ਕੀਤਾ।

ਵਿਧਾਇਕ ਜਿੰਪਾ ਨੇ ਕਿਹਾ ਕਿ ਹਰਿਆਣਾ ਪਹਿਲੇ ਹੀ ਆਪਣੇ ਹਿੱਸੇ ਤੋਂ ਵੱਧ ਪਾਣੀ ਲੈ ਚੁੱਕਾ ਹੈ ਅਤੇ ਹੁਣ 8500 ਕਿਊਸਿਕ ਪਾਣੀ ਜ਼ਬਰਦਸਤੀ ਲੈ ਕੇ ਪੰਜਾਬ ਨਾਲ ਬੇਇਨਸਾਫ਼ੀ ਕਰ ਰਿਹਾ ਹੈ ਜਿਸ ਨੂੰ ਪੰਜਾਬ ਸਰਕਾਰ ਵਲੋਂ ਕਦੇ ਵੀ ਸਹਿਨ ਨਹੀਂ ਕੀਤਾ ਜਾਵੇਗਾ।

ਉਨ੍ਹਾਂ ਦੋਸ਼ ਲਗਾਇਆ ਕਿ ਭਾਜਪਾ ਦੀ ਕੇਂਦਰ ਸਰਕਾਰ ਹਰਿਆਣਾ, ਦਿੱਲੀ ਅਤੇ ਰਾਜਸਥਾਨ ਦੀਆਂ ਸਰਕਾਰਾਂ ਨਾਲ ਮਿਲ ਕੇ ਪੰਜਾਬ ਅਤੇ ਪੰਜਾਬੀਆਂ ਖਿਲਾਫ਼ ਗਹਿਰੀ ਸਾਜਿਸ਼ ਰਚੀ ਜਾ ਰਹੀ ਹੈ। ਇਸ ਦਾ ਮੂੰਹਤੋੜ ਜਵਾਬ ਦਿੱਤਾ ਜਾਵੇਗਾ। ਪੰਜਾਬ ਦਾ ਕਿਸਾਨ ਅਤੇ ਉਦਯੋਗ ਬਿਨਾ ਪਾਣੀ ਦੇ ਬਰਬਾਦ ਹੋ ਜਾਵੇਗਾ ਇਸ ਲਈ ਆਪਣੇ ਹੱਕ ਦੇ ਪਾਣੀ 'ਤੇ ਕਿਸੇ ਵੀ ਸੂਰਤ ਵਿਚ ਡਾਕਾ ਨਹੀਂ ਪੈਣ ਦਿੱਤਾ ਜਾਵੇਗਾ ਵਿਧਾਇਕ ਨੇ ਦੋਸ਼ ਲਗਾਇਆ ਕਿ ਇਹ ਇਕ ਸੋਚੀ-ਸਮਝੀ ਸਾਜਿਸ਼ ਹੈ ਜਿਸ ਤਹਿਤ ਕੇਂਦਰ ਦੀ ਭਾਜਪਾ ਸਰਕਾਰ, ਹਰਿਆਣਾ ਸਰਕਾਰ ਅਤੇ ਬੀ.ਬੀ.ਐਮ.ਬੀ. ਮਿਲ ਕੇ ਪੰਜਾਬ ਦਾ ਪਾਣੀ ਖੋਹਣਾ ਚਾਹੁੰਦੇ ਹਨ ਪਰੰਤੂ ਆਮ ਆਦਮੀ ਪਾਰਟੀ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਇਸ ਨੂੰ ਕਦੇ ਵੀ ਸਫ਼ਲ ਨਹੀਂ ਹੋਣ ਦੇਵੇਗੀ।

ਅਖੀਰ ਵਿਚ ਉਨ੍ਹਾਂ ਸਪੱਸ਼ਟ ਕਿਹਾ ਕਿ ਪੰਜਾਬ ਦਾ ਪਾਣੀ ਸਾਡੀ ਅਮਾਨਤ ਹੈ ਇਸ ਨੂੰ ਕਿਸੇ ਨਾਲ ਸਾਂਝਾ ਨਹੀਂ ਕੀਤਾ ਜਾਵੇਗਾ। ਰਾਜ ਸਰਕਾਰ ਪੰਜਾਬ ਦੇ ਅਧਿਕਾਰਾਂ ਦੀ ਰੱਖਿਆ ਲਈ ਪੂਰੀ ਮਜ਼ਬੂਤ ਨਾਲ ਖੜ੍ਹੀ ਹੈ ਅਤੇ ਭਾਜਪਾ ਦੀ ਜਬਰਦਸਤੀ ਨੂੰ ਕਦੇ ਸਫ਼ਲ ਨਹੀਂ ਹੋਣ ਦੇਵੇਗੀ।

ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਸੰਦੀਪ ਚੇਚੀ, ਕੌਂਸਲਰ ਬਲਵਿੰਦਰ, ਲੱਕੀ ਚੰਦਨ, ਸੰਤੋਸ਼ ਸੈਣੀ, ਸੁਮਨ, ਰਾਜਨ ਬਸੀ ਗੁਲਾਮ ਹੁਸੈਨ, ਪ੍ਰਿਤਪਾਲ, ਰਜਿੰਦਰ, ਬਿੰਦਾ, ਵੰਦਨਾ ਵੀ ਮੌਜੂਦ ਸਨ।

## ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਸਥਾਨਕ ਲੇਬਰ ਸ਼ੈਡ 'ਚ ਮਜ਼ਦੂਰਾਂ ਨਾਲ ਮਨਾਇਆ ਮਜ਼ਦੂਰ ਦਿਵਸ

**ਹੁਸ਼ਿਆਰਪੁਰ, 5 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਅੱਜ ਅੰਤਰਰਾਸ਼ਟਰੀ ਮਜ਼ਦੂਰ ਦਿਵਸ ਮੌਕੇ ਹੁਸ਼ਿਆਰਪੁਰ ਸਥਿਤ ਲੇਬਰ ਸ਼ੈਡ ਵਿਖੇ ਮਜ਼ਦੂਰਾਂ ਨਾਲ ਮਿਲ ਕੇ ਮਜ਼ਦੂਰ ਦਿਵਸ ਮਨਾਇਆ।



ਇਸ ਦੌਰਾਨ ਉਨ੍ਹਾਂ ਨੇ ਮਿਹਨਤਕਸ਼ ਵਰਗ ਨੂੰ ਸਮਾਜ ਦੀ ਰੀੜ੍ਹ ਦੀ ਹੱਡੀ ਦੱਸਿਆ ਅਤੇ ਉਨ੍ਹਾਂ ਦੀ ਮਿਹਨਤ ਨੂੰ ਨਮਨ ਕੀਤਾ।

ਪ੍ਰੋਗਰਾਮ ਦੌਰਾਨ ਵਿਧਾਇਕ ਜਿੰਪਾ ਨੇ ਸਾਰੇ ਮਜ਼ਦੂਰਾਂ ਨੂੰ ਮਠਿਆਈ ਵੰਡੀ ਅਤੇ ਉਨ੍ਹਾਂ ਦੇ ਹੱਕਾਂ ਦੀ ਲੜਾਈ ਵਿਚ ਸਦਾ ਖੜ੍ਹੇ ਰਹਿਣ ਦਾ ਵਿਸ਼ਵਾਸ ਦਿਵਾਇਆ।

ਵਿਧਾਇਕ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਮਜ਼ਦੂਰਾਂ ਦੀ ਭਲਾਈ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਨੇ ਮਜ਼ਦੂਰ ਵਰਗ ਨੂੰ ਸਿੱਧਾ ਲਾਭ ਦੇਣ ਲਈ ਵੱਖ-ਵੱਖ ਯੋਜਨਾਵਾਂ ਚਲਾਈਆਂ ਹਨ।

ਜਿੰਪਾ ਨੇ ਕਿਹਾ ਕਿ ਮਜ਼ਦੂਰ ਵਰਗ ਤੋਂ ਬਿਨਾ ਕੋਈ ਵੀ ਰਾਸ਼ਟਰ ਤਰੱਕੀ ਨਹੀਂ ਕਰ ਸਕਦਾ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਮਜ਼ਦੂਰਾਂ ਦੀਆਂ ਸਮੱਸਿਆਵਾਂ ਦਾ ਨਿਸ਼ਚਿਤ ਸਮੇਂ ਵਿਚ ਹੱਲ ਯਕੀਨੀ ਬਣਾਇਆ ਜਾਵੇਗਾ ਅਤੇ ਹਰ ਲਾਭਪਾਤਰੀ ਨੂੰ ਸਰਕਾਰੀ ਯੋਜਨਾਵਾਂ ਦੀ ਜਾਣਕਾਰੀ ਦਿੱਤੀ ਜਾਵੇਗੀ।

ਇਸ ਮੌਕੇ ਚੇਅਰਮੈਨ ਹੁਸ਼ਿਆਰਪੁਰ ਕੋਅਪਰੇਟਿਵ ਬੈਂਕ ਵਿਕਰਮ ਸ਼ਰਮਾ, ਕੌਂਸਲਰ ਵਿਜੇ ਅਗਰਵਾਲ, ਬਲਵਿੰਦਰ ਬਿੰਦੀ, ਤੀਰਥ ਰਾਮ, ਮੋਹਿਤ ਸੈਣੀ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਮਜ਼ਦੂਰਾਂ ਦੀ ਭਲਾਈ ਲਈ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਨੇ ਮਜ਼ਦੂਰ ਵਰਗ ਨੂੰ ਸਿੱਧਾ ਲਾਭ ਦੇਣ ਲਈ ਵੱਖ-ਵੱਖਪ੍ਰਦੀਪ ਬਿੱਟੂ, ਚੰਦਨ ਲੱਕੀ ਅਤੇ ਹੋਰ ਪਤਵੰਤੇ ਵੀ ਮੌਜੂਦ ਸਨ।

## ਪੰਜਾਬ ਦਾ ਪਾਣੀ ਖੋਹਣ ਲਈ ਹਰਿਆਣਾ ਤੇ ਦਿੱਲੀ ਦੀਆਂ ਸਰਕਾਰਾਂ ਦੇ ਕੋਝੇ ਯਤਨ ਕਦੀ ਸਫਲ ਨਹੀਂ ਹੋਣ ਦਿਆਂਗੇ : ਸ਼ਮਸ਼ੇਰ ਸਿੰਘ

**ਦੀਨਾਨਗਰ, 5 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਜਪਾ ਵੱਲੋਂ ਭਾਖੜਾ ਬਿਆਸ ਪ੍ਰਬੰਧਕ ਬੋਰਡ ਜ਼ਰੀਏ ਪੰਜਾਬ ਤੇ ਪੰਜਾਬੀਆਂ ਦੇ ਹੱਕ ਦਾ ਪਾਣੀ ਖੋਹਣ ਦੇ ਕੋਝੇ ਯਤਨਾਂ ਨੂੰ ਕਦੀ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ ਅਤੇ ਮੁੱਖ ਮੰਤਰੀ ਸ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਇਸ ਡਾਕੇ ਨੂੰ ਕਿਸੇ ਕੀਮਤ ▾ਤੇ ਬਰਦਾਸ਼ਤ ਨਹੀਂ ਕਰੇਗੀ।

ਇਹ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਸ਼ਹਿਰੀ ਪ੍ਰਧਾਨ ਸ਼ਮਸ਼ੇਰ ਸਿੰਘ ਨੇ ਅੱਜ ਦੀਨਾਨਗਰ ਵਿਖੇ ਭਾਜਪਾ ਦੇ ਪੰਜਾਬ ਵਿਰੋਧੀ ਫੈਸਲੇ ਦਾ ਵਿਰੋਧ ਕਰਦਿਆਂ ਲਗਾਏ ਧਰਨੇ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਕੇਂਦਰ ਅਤੇ ਦਿੱਲੀ ਤੇ ਹਰਿਆਣਾ ਦੀ ਭਾਜਪਾ ਸਰਕਾਰ ਪੰਜਾਬ ਦਾ ਪਾਣੀ ਖੋਹਣ ਲਈ ਪੰਜਾਬ ਖਿਲਾਫ਼ ਇੱਕਜੁੱਟ ਹੋ ਗਈਆਂ ਹਨ। ਉਨ੍ਹਾਂ ਕਿਹਾ ਕਿ ਭਾਜਪਾ ਨੂੰ ਆਪਣੇ ਮਨਸੂਬਿਆਂ ਵਿੱਚ ਸਫਲ ਨਹੀਂ ਹੋਣ ਦਿੱਤਾ ਜਾਵੇਗਾ ਅਤੇ ਇਸ ਲਈ ਪੰਜਾਬ ਸਰਕਾਰ ਨੂੰ ਜੋ ਚਾਰਾਜੋਈ ਕਰਨੀ ਹੋਵੇਗੀ, ਉਹ ਕੀਤੀ ਜਾਵੇਗੀ। ਉਨ੍ਹਾਂ ਪੰਜਾਬ ਭਾਜਪਾ ਆਗੂਆਂ ਨੂੰ ਆਪਣਾ ਸਟੈਂਡ ਸਪੱਸ਼ਟ ਕਰਨ ਅਤੇ ਇਸ ਮਾਮਲੇ ਵਿੱਚ ਧਾਰੀ ਚੁੱਪੀ ਬਾਰੇ ਵੀ ਸਵਾਲ ਖੜ੍ਹੇ ਕਰਦਿਆਂ ਇਸ ਨੂੰ ਸੂਬਾ ਵਿਰੋਧੀ ਗਰਦਾਨਦਿਆਂ ਹੈ।

ਚੇਅਰਮੈਨ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਪੰਜਾਬ ਦੇ ਹੱਕਾਂ ਉਤੇ ਕੇਂਦਰ ਦੀਆਂ ਸਰਕਾਰਾਂ ਗੁਆਂਢੀ ਸੂਬੇ ਹਰਿਆਣਾ ਨੇ ਪਹਿਲਾਂ ਵੀ ਡਾਕਾ ਮਾਰਨ ਦੀਆਂ ਚਾਲਾਂ ਚੱਲੀਆਂ ਹਨ। ਗੁਆਂਢੀ ਸੂਬਿਆਂ ਨੂੰ ਰਿਆਇਤਾਂ ਦੇ ਕੇ ਪੰਜਾਬ ਦੇ ਉਦਯੋਗਾਂ ਦਾ ਨੁਕਸਾਨ ਕੀਤਾ। ਹੁਣ ਰਿਪੇਰੀਅਨ ਸੂਬੇ ਦੇ ਹੱਕਾਂ ਉਤੇ ਡਾਕਾ ਮਾਰਨ ਦੀ ਚਾਲ ਚੱਲੀ ਗਈ ਹੈ ਜਿਸ ਨੂੰ ਕਤਈ ਸਫ਼ਲ ਨਹੀਂ ਹੋਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਪਾਣੀਆਂ ਦੀ ਰਾਖੀ ਲਈ ਸੂਬਾ ਸਰਕਾਰ ਵਚਨਬੱਧ ਹੈ ਅਤੇ ਇਸ ਮਾਮਲੇ ਵਿੱਚ ਕਿਸੇ ਦੀ ਦਖਲਅੰਦਾਜ਼ੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਇਸ ਜ਼ਬਰਦਸ਼ਤ ਰੋਸ ਮੁਜ਼ਾਹਰੇ ਦੌਰਾਨ ਜਿੱਥੇ ਭਾਜਪਾ ਵਿਰੋਧੀ ਨਾਅਰੇ ਲਗਾਏ ਗਏ ਓਥੇ ਭਾਜਪਾ ਦੇ ਕੌਮੀ ਪ੍ਰਧਾਨ ਜੇ.ਪੀ. ਨੱਡਾ ਦਾ ਪੁਤਲਾ ਵੀ ਫੂਕਿਆ ਗਿਆ। ਇਸ ਰੋਸ ਧਰਨੇ ਦੌਰਾਨ ਸਰਪੰਚ ਗੁਰਨਾਮ ਸਿੰਘ ਸਿੰਗੋਵਾਲ, ਸਰਪੰਚ ਗੌਰਵ ਠਾਕੁਰ ਸ਼ਾਹਪੁਰ, ਸਰਪੰਚ ਦੋਦਵਾਂ ਨਿਤਨ ਕੁਮਾਰ, ਦੀਪਕ ਕੁਮਾਰ, ਬਲਵਿੰਦਰ ਸਿੰਘ ਬਲਾਕ ਇੰਚਾਰਜ ਦੀਨਾਨਗਰ, ਦੀਪਕ ਕੁਮਾਰ ਸਰਪੰਚ ਮਹਿਰਾਏਪੁਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਆਪ ਆਗੂ ਤੇ ਵਿਧਾਨ ਸਭਾ ਹਲਕਾ ਦੀਨਾਨਗਰ ਦੇ ਆਮ ਲੋਕ ਵੀ ਸ਼ਾਮਲ ਸਨ।

## ਨਵਨਿਯੁਕਤ ਚੇਅਰਮੈਨ ਠਾਕੁਰ ਮਨੋਹਰ ਸਿੰਘ ਨੇ ਆਮ ਆਦਮੀ ਪਾਰਟੀ ਦੀ ਹਾਈ ਕਮਾਨ ਦਾ ਕੀਤਾ ਧੰਨਵਾਦ

**ਪਠਾਨਕੋਟ, 5 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਅੱਜ ਵਿਧਾਨ ਸਭਾ ਹਲਕਾ ਭੋਆ ਦੇ ਲਈ ਬਹੁਤ ਹੀ ਖੁਸੀ ਦੀ ਗੱਲ ਹੈ ਕਿ ਅੱਜ ਠਾਕੁਰ ਮਨੋਹਰ ਸਿੰਘ ਜਿਨ੍ਹਾਂ ਨੂੰ ਆਮ ਆਦਮੀ ਪਾਰਟੀ ਵੱਲੋਂ ਮਾਰਕਿਟ ਕਮੇਟੀ ਨਰੋਟ ਜੈਮਲ ਸਿੰਘ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ ਉਨ੍ਹਾਂ ਨੂੰ ਬਹੁਤ ਬਹੁਤ ਵਧਾਈ ਦਿੰਦਾ ਹਾਂ। ਇਹ ਪ੍ਰਗਟਾਵਾ ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਅੱਜ ਨਰੋਟ ਜੈਮਲ ਸਿੰਘ ਵਿਖੇ ਨਵਨਿਯੁਕਤ ਮਾਰਕਿਟ ਕਮੇਟੀ ਨਰੋਟ ਜੈਮਲ ਸਿੰਘ ਦੇ ਚੇਅਰਮੈਨ ਸ੍ਰੀ ਮਨੋਹਰ ਠਾਕੁਰ ਜੀ ਦੇ ਤਾਜਪੋਸੀ ਸਮਾਰੋਹ ਦੌਰਾਨ ਕੀਤਾ ਗਿਆ। ਇਸ ਮੋਕੇ ਤੇ ਹੋਰਨਾਂ ਤੋਂ ਇਲਾਵਾ ਸਰਵਸ੍ਰੀ ਵਿਕਾਸ ਸੈਣੀ ਚੇਅਰਮੈਨ ਮਾਰਕਿਟ ਕਮੇਟੀ ਪਠਾਨਕੋਟ, ਨਰੇਸ ਸੈਣੀ ਜਿਲ੍ਹਾ ਪ੍ਰਧਾਨ ਬੀ.ਸੀ. ਵਿੰਗ, ਸਾਹਿਬ ਸਿੰਘ ਸਾਬਾ, ਠਾਕੁਰ ਭੁਪਿੰਦਰ ਸਿੰਘ ਮੂੰਨਾ, ਪਵਨ ਕੁਮਾਰ ਫੋਜੀ ਬਲਾਕ ਪ੍ਰਧਾਨ, ਸੂਬੇਦਾਰ ਕੁਲਵੰਤ ਸਿੰਘ ਬਲਾਕ ਪ੍ਰਧਾਨ ਅਤੇ ਹੋਰ ਪਾਰਟੀ ਦੇ ਆਗੂ ਅਤੇ ਕਾਰਜਕਰਤਾ ਹਾਜਰ ਸਨ।



ਉਨ੍ਹਾਂ ਕਿਹਾ ਕਿ ਠਾਕੁਰ ਮਨੋਹਰ ਸਿੰਘ ਜੋ ਕਿ ਲੰਮੇ ਸਮੇਂ ਤੋਂ ਪਾਰਟੀ ਦੀ ਸੇਵਾ ਵਿੱਚ ਹਨ ਅਤੇ ਇਨ੍ਹਾਂ ਵੱਲੋਂ ਆਮ ਆਦਮੀ ਪਾਰਟੀ ਲਈ ਬਹੁਤ ਕਾਰਜ ਕੀਤੇ ਹਨ, ਉਨ੍ਹਾਂ ਦੇ ਕਾਰਜਾਂ ਨੂੰ ਵੇਖਦਿਆਂ ਆਮ ਆਦਮੀ ਪਾਰਟੀ ਹਾਈ ਕਮਾਨ ਵੱਲੋਂ ਉਨ੍ਹਾਂ ਨੂੰ ਮਾਰਕਿਟ ਕਮੇਟੀ ਨਰੋਟ ਜੈਮਲ ਸਿੰਘ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ ਹੈ ਇਸ ਮੋਕੇ ਤੇ ਉਹ ਪਾਰਟੀ ਦੇ ਸਾਰੇ ਪਰਿਵਾਰ ਨੂੰ ਵੀ ਹਾਰਦਿੱਕ ਸੁਭਕਾਮਨਾਵਾਂ ਦਿੰਦੇ ਹਨ । ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਉਮੀਦ ਹੈ ਕਿ ਨਵਨਿਯੁਕਤ ਚੇਅਰਮੈਨ ਮਾਰਕਿੱਟ ਕਮੇਟੀ ਨਰੋਟ ਜੈਮਲ ਸਿੰਘ ਖੇਤਰ ਦੀ ਬਿਹਤਰੀ ਦੇ ਲਈ ਹੋਰ ਵੀ ਮਿਹਨਤ ਦੇ ਨਾਲ ਕਾਰਜ ਕਰਨਗੇ।

ਇਸ ਮੋਕੇ ਤੇ ਮਾਰਕਿਟ ਕਮੇਟੀ ਨਰੋਟ ਜੈਮਲ ਸਿੰਘ ਦੇ ਚੇਅਰਮੈਨ ਸ੍ਰੀ ਮਨੋਹਰ ਠਾਕੁਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਜੋ ਜਿਮ੍ਹੇਦਾਰੀ ਉਨ੍ਹਾਂ ਨੂੰ ਦਿੱਤੀ ਗਈ ਹੈ ਉਸ ਜਿਮ੍ਹੇਦਾਰੀ ਨੂੰ ਪੂਰੀ ਇਮਾਨਦਾਰੀ ਅਤੇ ਲਗਨ ਨਾਲ ਨਿਭਾਵਾਂਗਾ । ਉਨ੍ਹਾਂ ਆਮ ਆਦਮੀ ਪਾਰਟੀ ਹਾਈ ਕਮਾਨ ਦਾ ਬਹੁਤ ਬਹੁਤ ਧੰਨਵਾਦ ਕੀਤਾ।

## ਤੱਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨਾਲੋਂ ਵੀ ਪੰਜਾਬ ਦਾ ਦਰਿਆਈ ਪਾਣੀ ਖੋਹਣ ਚ ਮੋਦੀ ਸਰਕਾਰ ਕਈ ਗੁਣਾ ਅੱਗੇ ਨਿਕਲੀ: ਜਸਬੀਰ ਸੁਰ ਸਿੰਘ

**ਤਰਨ ਤਾਰਨ, 5 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਪਾਵਰਕਾਮ ਦੇ ਪ੍ਰਬੰਧਕੀ ਡਾਇਰੈਕਟਰ ਅਤੇ ਆਮ ਆਦਮੀ ਪਾਰਟੀ (ਕਿਸਾਨ ਵਿੰਗ) ਦੇ ਸੂਬਾ ਉੱਪ ਪ੍ਰਧਾਨ ਸ: ਜਸਬੀਰ ਸਿੰਘ ਸੁਰ ਸਿੰਘ ਨੇ ਕੇਂਦਰੀ ਮੋਦੀ ਸਰਕਾਰ ਤੇ ਕੇਂਦਰੀ ਸੱਤਾਧਾਰੀ ਭਾਜਪਾ ਤੇ ਤਿੱਖੇ ਰਾਜਸੀ ਹਮਲੇ ਕਰਦਿਆਂ ਕਿਹਾ ਕਿ ਪੰਜਾਬ ਦੇ ਦਰਿਆਈ ਪਾਣੀਆਂ ਦਾ ਕੌਮਾਂਤਰੀ ਰਿਪੇਰੀਅਨ ਕਾਨੂੰਨ ਤਹਿਤ ਹੱਲ ਕਰਨ ਦੀ ਬਜਾਏ ਤੱਤਕਾਲੀ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਵਲੋਂ ਅਕਤੂਬਰ 1981 'ਚ ਪੰਜਾਬ ਦੇ ਦਰਿਆਈ ਹੱਕੀ ਪਾਣੀਆਂ ਦੇ ਮੌਲਿਕ ਅਧਿਕਾਰ ਨੂੰ ਖੋਹ ਕੇ ਹਰਿਆਣਾ ਤੇ ਰਾਜਸਥਾਨ ਨੂੰ ਦਿੱਤੇ ਜਾਣ ਦੇ ਪੰਜਾਬ ਵਿਰੋਧੀ ਫੈਸਲੇ ਨਾਲੋਂ ਵੀ ਮੋਦੀ ਸਰਕਾਰ ਤੇ ਭਾਜਪਾ ਕਈ ਗੁਣਾ ਅੱਗੇ ਨਿਕਲ ਗਈ ਹੈ।



ਕਿਉਂਕਿ ਕੇਂਦਰੀ ਮੋਦੀ ਸਰਕਾਰ ਦੇ ਕਥਿਤ ਦਿਸ਼ਾ ਨਿਰਦੇਸ਼ਾਂ ਤੇ ਭਾਜਪਾ ਸ਼ਾਸ਼ਿਤ ਸੂਬਿਆਂ ਹਰਿਆਣਾ, ਰਾਜਸਥਾਨ ਤੇ ਦਿੱਲੀ ਸਰਕਾਰਾਂ ਦੇ ਪ੍ਰਤੀਨਿਧਾਂ ਨੇ ਵੋਟ ਪਰਚੀ ਰਾਹੀਂ ਆਪਣੇ ਹੱਕ 'ਚ ਸਿਰਫ 4-1 ਦੇ ਅੰਤਰ ਨਾਲ ਝੂਠਾ ਤੇ ਬੇ-ਬੁਨਿਆਦ ਫਤਵਾ ਹੀ ਨਹੀਂ ਹਾਸਲ ਕੀਤਾ , ਸਗੋਂ ਬੀ ਬੀ ਐਮ ਬੀ 'ਚ ਪੰਜਾਬ ਸਰਕਾਰ ਦੇ ਸਰਕਾਰੀ ਪ੍ਰਤੀਨਿੱਧ ਦੀਆਂ ਸੇਵਾਵਾਂ ਨੂੰ ਮੁਅੱਤਲ ਕਰਕੇ ਪੰਜਾਬ ਦੇ ਪਾਣੀਆਂ ਤੇ ਡਾਕਾ ਮਾਰਦਿਆਂ ਹਰਿਆਣਾ ਪ੍ਰਦੇਸ਼ ਨੂੰ 8500 ਕਿਊਸਿਕ ਫਿਰ ਪਾਣੀ ਛੱਡ ਦਿੱਤਾ। ਜਦੋਂ ਕਿ ਆਪਣੇ ਹਿੱਸੇ ਦਾ ਸਾਲ ਮਈ 2024 ਤੋਂ ਸਾਲ 2025 ਤੱਕ ਆਪਣੇ ਹਿੱਸੇ ਦਾ ਪਾਣੀ 8550 ਕਿਉਸਿਕ ਬਕਾਇਦਾ ਹਾਸਲ ਕਰਕੇ ਵਰਤੋਂ 'ਚ ਲਿਆ ਚੁੱਕਾ ਹੈ।

ਗੱਲਬਾਤ ਦੌਰਾਨ ਡਾਇਰੈਕਟਰ ਤੇ ਸੂਬਾਈ ਕਿਸਾਨ ਆਗੂ ਜਸਬੀਰ ਸਿੰਘ ਸੁਰ ਸਿੰਘ ਨੇ ਰਾਜਸੀ ਤਿੱਖੇ ਹਮਲੇ ਜਾਰੀ ਰੱਖਦਿਆਂ ਇਹ ਵੀ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਵਲੋਂ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਸਮੇਤ ਕੇਂਦਰੀ ਸਰਕਾਰ ਦੇ ਆਲਾ ਅਧਿਕਾਰੀਆਂ ਨਾਲ ਨਿਰੰਤਰ ਮੀਟਿੰਗਾਂ 'ਚ ਤਰਕ ਪੂਰਨ ਤੱਥ ਪੇਸ਼ ਕਰਕੇ ਸਪੱਸ਼ਟ ਕੀਤਾ ਹੋਇਆ ਹੈ ਕਿ ਪੰਜਾਬ ਕੋਲ ਇੱਕ ਤੁਪਕਾ ਵੀ ਵਾਧੂ ਪਾਣੀ ਨਹੀਂ ਹੈ।

ਹਰਿਆਣਾ ਸਮੇਤ ਹੋਰ ਸੂਬਿਆਂ ਨੂੰ ਪੰਜਾਬ ਦਾ ਦਰਿਆਈ ਪਾਣੀ ਦੇਣ ਦਾ ਸੁਆਲ ਹੀ ਪੈਦਾ ਨਹੀਂ ਹੁੰਦਾ ਅਤੇ ਕੇਂਦਰ ਸਰਕਾਰ ਨੂੰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਚਿੱਠੀਆਂ ਲਿਖਣ ਅਤੇ ਸ਼ੋਸ਼ਲ ਮੀਡੀਆ ਰਾਹੀਂ ਜਨਤਕ ਤੌਰ ਤੇ ਪੰਜਾਬ ਕੋਲ ਇਕ ਵੀ ਬੂੰਦ ਪਾਣੀ ਵਾਧੂ ਨਾ ਹੋਣ ਦਾ ਪੱਖ ਸਪੱਸ਼ਟ ਕੀਤੇ ਜਾਣ ਦੇ ਬਾਵਜੂਦ ਕੇਂਦਰੀ ਮੋਦੀ ਸਰਕਾਰ ਤੇ ਭਾਜਪਾ ਨੇ ਪੰਜਾਬ ਦੇ ਪਾਣੀਆਂ ਤੇ ਬੜੀ ਬੇਕਿਰਕੀ ਨਾਲ ਡਾਕਾ ਮਾਰਨ ਤੋਂ ਸੰਕੋਚ ਨਹੀਂ ਕੀਤਾ।

ਉਨ੍ਹਾਂ ਨੇ ਪੰਜਾਬ ਤੋਂ ਕੇਂਦਰੀ ਭਾਜਪਾ ਸਰਕਾਰ ਪ੍ਰਤੀਨਿੱਧਤਾ ਕਰਦੇ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਤੇ ਪੰਜਾਬ ਭਾਜਪਾ ਪ੍ਰਧਾਨ ਸੁਨੀਲ ਜਾਖੜ ਦੀ ਪੰਜਾਬ ਦੇ ਨਾਲ ਪਾਣੀਆਂ ਦੇ ਮੱਦੇ ਤੇ ਹੋਈ ਧੱਕੇਸ਼ਾਹੀ ਦੇ ਰੋਸ 'ਚ ਪੰਜਾਬ ਨਾਲ ਖੜੇ ਹੋਣ ਦੀ ਬਜਾਏ ਕੇਂਦਰ ਤੇ ਹਰਿਆਣਾ ਭਾਜਪਾ ਸਰਕਾਰ ਦਾ ਪੱਖ ਪੂਰਨ ਜਾਂ ਮੂਕ ਦਰਸ਼ਕ ਬਣੇ ਰਹਿਣ ਤੇ ਸੁਆਲ ਉਠਾਉਂਦਿਆਂ ਪੁਛਿਆ ਕਿ ਪੰਜਾਬ ਭਾਜਪਾ ਤੇ ਪੰਜਾਬ ਤੋਂ ਕੇਂਦਰੀ ਮੰਤਰੀ ਆਪਣਾ ਪੱਖ ਸਪੱਸ਼ਟ ਕਰਨ ਕਿ ਪੰਜਾਬ ਨਾਲ ਪਾਣੀਆਂ ਦੇ ਮੁੱਦੇ ਤੇ ਧੋਖਾ ਕਰਨ ਵਾਲੀ ਹਰਿਆਣਾ ਤੇ ਕੇਂਦਰ ਸਰਕਾਰ ਨਾਲ ਹਨ, ਜਾਂ ਫਿਰ ਪੰਜਾਬ ਦੇ ਹਿੱਤਾਂ ਦੇ ਨਾਲ ਖੜੇ ਹਨ। ਡਾਇਰੈਕਟਰ ਸ: ਸੁਰ ਸਿੰਘ ਨੇ ਸਪੱਸ਼ਟ ਐਲਾਨ ਕੀਤਾ ਕਿ ਪੰਜਾਬ ਦੇ ਪਾਣੀਆਂ ਨੂੰ ਪੰਜਾਬ ਵਾਸੀਆਂ ਲਈ ਸੁਰੱਖਿਅਤ ਰੱਖਣ ਹਿੱਤ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ , ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਦੀ ਅਗਵਾਈ 'ਚ ਆਪ ਦੀ ਸਮੁੱਚੀ ਲੀਡਰਸ਼ਿਪ , ਵਲੰਟੀਅਰ ਤੇ ਕਿਸਾਨ ਵਿੰਗ ਆਪਣੀ ਸਾਰੀ ਸ਼ਕਤੀ ਝੋਂਕ ਦੇਣਗੇ।

## ਬੀ.ਬੀ.ਐਮ.ਬੀ. ਦਾ ਫੈਸਲਾ ਪੰਜਾਬ ਨਾਲ ਧੱਕਾ, ਪੰਜਾਬੀਆਂ ਖਿਲਾਫ਼ ਡੂੰਘੀ ਸਾਜਿਸ਼ : ਡਾ. ਰਾਜ ਕੁਮਾਰ ਚੱਬੇਵਾਲ

**ਹੁਸ਼ਿਆਰਪੁਰ, 5 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਲੋਂ ਪੰਜਾਬ ਸਰਕਾਰ ਦੇ ਤਿੱਖੇ ਵਿਰੋਧ ਦੇ ਬਾਵਜੂਦ ਪੰਜਾਬ ਦੇ ਹਿੱਸੇ 'ਚੋਂ ਗੁਆਂਢੀ ਸੂਬੇ ਹਰਿਆਣਾ ਨੂੰ ਭਾਖੜਾ ਡੈਮ ਤੋਂ ਫੌਰੀ 8500 ਕਿਊਸਿਕ ਵਾਧੂ ਪਾਣੀ ਦੇਣ ਦੇ ਫੈਸਲੇ ਨੂੰ ਪੰਜਾਬ ਨਾਲ ਧੱਕਾ ਅਤੇ ਪੰਜਾਬੀਆਂ ਖਿਲਾਫ਼ ਡੂੰਘੀ ਸਾਜਿਸ਼ ਕਰਾਰ ਦਿੱਤਾ ਹੈ।



ਭਾਖੜਾ ਬਿਆਸ ਮੈਨੇਜਮੈਂਟ ਬੋਰਡ ਦੇ ਫੈਸਲੇ ਨੂੰ ਪੰਜਾਬ ਦੇ ਪਾਣੀਆਂ 'ਤੇ ਡਾਕਾ ਦੱਸਦਿਆਂ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਰਾਜ ਦੇ ਹੱਕਾਂ ਨਾਲ ਸਿੱਧੇ ਤੌਰ 'ਤੇ ਜੁੜੇ ਇਸ ਗੰਭੀਰ ਮੁੱਦੇ 'ਤੇ ਸਾਰੀਆਂ ਸਿਆਸੀ ਪਾਰਟੀਆਂ ਸਮੇਤ ਭਾਜਪਾ ਨੂੰ ਪੰਜਾਬ ਦੇ ਹਿੱਤ ਲਈ ਖੜ੍ਹਨਾ ਚਾਹੀਦਾ ਹੈ ਤਾਂ ਜੋ ਸੰਘੀ ਢਾਂਚੇ 'ਤੇ ਹਮਲੇ ਦੀ ਇਸ ਕੋਝੀ ਸਾਜਿਸ਼ ਨੂੰ ਨਾਕਾਮ ਕੀਤਾ ਜਾ ਸਕੇ।

ਉਨ੍ਹਾਂ ਕਿਹਾ ਕਿ ਕੁਝ ਦਿਨ ਪਹਿਲਾਂ ਦੇ ਅੰਕੜਿਆਂ ਮੁਤਾਬਕ ਭਾਖੜਾ ਡੈਮ ਅਤੇ ਪੌਂਗ ਡੈਮ ਵਿਚ ਪਾਣੀ ਦਾ ਪੱਧਰ ਹੇਠਾਂ ਦਰਜ ਕੀਤਾ ਗਿਆ ਜਦਕਿ ਦੂਸਰੇ ਪਾਸੇ ਹਰਿਆਣਾ ਦੀ 8500 ਕਿਊਸਿਕ ਵਾਧੂ ਪਾਣੀ ਦੀ ਮੰਗ ਕਿੱਦਾਂ ਪੂਰੀ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਪਹਿਲਾਂ ਹੀ ਪੀਣ ਵਾਲੇ ਸਾਫ਼ ਪਾਣੀ ਦੀ ਘਾਟ ਦਾ ਸੰਕਟ ਹਰ ਸਾਲ ਗਹਿਰਾ ਰਿਹਾ ਹੈ ਅਤੇ ਦੂਸਰੇ ਪਾਸੇ ਦਰਿਆਵਾਂ ਵਿਚ ਪਾਣੀ ਦਾ ਵਹਾਅ ਘੱਟ ਹੋਣ ਕਾਰਨ ਸੂਬੇ ਵਿਚ ਪਾਣੀ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨਾ ਵੀ ਮੁਸ਼ਕਲ ਹੋਇਆ ਪਿਆ ਹੈ।

ਉਨ੍ਹਾਂ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਵਲੋਂ ਹਰਿਆਣਾ ਨੂੰ ਗੈਰ-ਕਾਨੂੰਨੀ ਢੰਗ ਨਾਲ ਪਾਣੀ ਦੁਆਉਣ ਲਈ ਪੰਜਾਬ ਦੀ ਬਾਂਹ ਮਰੋੜਨੀ ਸੂਬਿਆਂ ਦੇ ਅਖਤਿਆਰ 'ਤੇ ਸਿੱਧਾ ਹਮਲਾ ਹੈ ਜੋ ਕਿ ਨਾ ਸਹਿਣਯੋਗ ਹੈ।

ਆਉਂਦੇ ਝੋਨੇ ਦੇ ਸੀਜ਼ਨ ਦਾ ਹਵਾਲਾ ਦਿੰਦਿਆਂ ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪਹਿਲਾਂ ਹੀ ਆਖ ਚੁੱਕੇ ਹਨ ਕਿ ਪੰਜਾਬ ਕੋਲ ਆਪਣੀਆ ਜ਼ਰੂਰਤਾਂ ਤੋਂ ਵੀ ਘੱਟ ਪਾਣੀ ਹੈ ਅਤੇ ਹਰਿਆਣਾ, ਜੋ ਹੁਣ ਤੱਕ ਆਪਣੇ ਹਿੱਸੇ ਤੋਂ ਵੱਧ ਪਾਣੀ ਲੈ ਚੁੱਕਾ ਹੈ, ਨੂੰ ਹੋਰ ਪਾਣੀ ਨਹੀਂ ਦਿੱਤਾ ਜਾ ਸਕਦਾ।

# ਧਰਤੁ ਸੁਹਾਵੀ ਤਾਲ ਸੁਹਾਵਾ

*ਰਸਾਇਣਕ ਖਾਦਾਂ ਤੇ ਕੀਟਨਾਸ਼ਕਾਂ ਨੇ ਜਿੱਥੇ ਵਾਤਾਵਰਨ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ, ਉੱਥੇ ਜ਼ਮੀਨ ਤੇ ਮਨੁੱਖੀ ਸਿਹਤ ਉੱਪਰ ਵੀ ਮਾਰੂ ਅਸਰ ਪਾਏ ਹਨ। ਇਸ ਲਈ ਜ਼ਹਿਰ-ਮੁਕਤ ਖੇਤੀ ਨੂੰ ਹੀ ਭਵਿੱਖ ਦੀ ਖੇਤੀ ਕਿਹਾ ਜਾ ਸਕਦਾ ਹੈ...*

## ਜੈਵਿਕ ਤੇ ਕੁਦਰਤੀ ਖੇਤੀ ਵੱਲ ਪਰਤਣ ਦੀ ਲੋੜ



• ਦਿਨੇਸ਼ ਦਮਾਥੀਆ
ਮੋਬਾਈਲ 94177-14390

ਮੁੱਢ ਕਦੀਮ ਤੋਂ ਖੇਤੀ ਸਾਡੀਆਂ ਵਿੱਤੀ ਲੋੜਾਂ ਨੂੰ ਪੂਰੀਆਂ ਕਰਦੀ ਆਈ ਹੈ। ਹੌਲੀ-ਹੌਲੀ ਸਾਡੀਆਂ ਲੋੜਾਂ ਵਧ ਗਈਆਂ ਤੇ ਅਸੀਂ ਖੇਤੀ ਤੋਂ ਜ਼ਿਆਦਾ ਮੁਨਾਫ਼ਾ ਲੈਣ ਦੀਆਂ ਤਰਕੀਬਾਂ ਬਣਾਉਣ ਲੱਗੇ । ਅਸੀ ਖੇਤੀ ਰਸਾਇਣਾਂ ਦੀ ਵਰਤੋਂ ਕਰਦਿਆਂ ਮਨੁੱਖੀ ਸਿਹਤ ਨੂੰ ਖ਼ਤਰੇ 'ਚ ਪਾਉਣ ਤੋਂ ਵੀ ਗੁਰੇਜ਼ ਨਹੀ ਕੀਤਾ। ਰਸਾਇਣਾਂ ਦੀ ਵਰਤੋਂ ਕਰਦਿਆਂ ਪਤਾ ਹੀ ਨਾ ਲੱਗਾ ਕਿ ਕਦੋਂ ਧਰਤੀ, ਪਾਣੀ ਤੇ ਹਵਾ ਜ਼ਹਿਰੀਲੇ ਹੋ ਗਏ।

### ਬਿਮਾਰੀਆਂ ਤੋਂ ਬਚਾਅ ਦੇ ਕੁਦਰਤੀ ਤਰੀਕੇ

ਜ਼ਮੀਨ ਦੀ ਉਪਜਾਊ ਸ਼ਕਤੀ ਨੂੰ ਕਾਇਮ ਰੱਖਣ ਲਈ ਗੰਡੋਇਆਂ ਤੋਂ ਤਿਆਰ ਖਾਦ ਬੇਹੱਦ ਮਦਦਗਾਰ ਹੈ। ਫ਼ਸਲਾਂ ਦੀਆਂ ਬਿਮਾਰੀਆਂ ਤੇ ਕੀੜਿਆਂ ਤੋਂ ਬਚਾਅ ਲਈ ਕੁਝ ਦੇਸੀ ਜਾਂ ਜੈਵਿਕ ਢੰਗਾਂ ਨਾਲ ਪ੍ਰਭਾਵਸ਼ਾਲੀ ਨਤੀਜੇ ਪ੍ਰਾਪਤ ਕੀਤੇ ਜਾ ਸਕਦੇ ਹਨ। ਕੁਝ ਪੌਦਿਆਂ, ਜਿਵੇਂ ਅੱਕ, ਧਤੂਰਾ, ਨਿੰਮ, ਲੱਸਣ ਆਦਿ ਦੀ ਵਰਤੋਂ ਨਾਲ ਵੀ ਕੁਝ ਕੀੜਿਆਂ ਤੇ ਬਿਮਾਰੀਆਂ ਤੋਂ ਰਾਹਤ ਮਿਲਦੀ ਹੈ। ਅਜਿਹੇ ਜੈਵਿਕ ਢੰਗਾਂ ਬਾਰੇ ਖੇਤੀ ਮਾਹਿਰਾਂ ਤੇ ਜੈਵਿਕ ਖੇਤੀ ਕਰਨ ਵਾਲੇ ਕਿਸਾਨਾਂ ਦੇ ਤਜ਼ਰਬੇ ਪ੍ਰਾਪਤ ਕੀਤੇ ਜਾ ਸਕਦੇ ਹਨ। ਜੈਵਿਕ ਖੇਤੀ ਕਰਨ ਵਾਲੇ ਕਿਸਾਨਾਂ ਨੇ ਜੈਵਿਕ ਤੇ ਰਸਾਇਣਕ ਖੇਤੀ 'ਚ ਵੱਡਾ ਅੰਤਰ ਮਹਿਸੂਸ ਕੀਤਾ ਹੈ। ਉਨ੍ਹਾਂ ਦਾ ਮੰਨਣਾ ਹੈ ਕਿ ਜੈਵਿਕ ਢੰਗ ਨਾਲ ਪੈਦਾ ਕੀਤੀਆਂ ਵਸਤੂਆਂ ਸਿਹਤ ਲਈ ਸੁਰੱਖਿਅਤ ਤੇ ਪੌਸ਼ਟਿਕ ਹੁੰਦੀਆਂ ਹਨ।

### ਜੈਵਿਕ ਖੇਤੀ ਸਮੇਂ ਦੀ ਮੁੱਖ ਮੰਗ

*ਅੱਜ ਮੁੱਖ ਲੋੜ ਹੈ ਕਿ ਅਸੀਂ ਇਨ੍ਹਾਂ ਜ਼ਹਿਰਾਂ ਤੇ ਰਸਾਇਣਕ ਖਾਦਾਂ ਤੋਂ ਖੇਤੀ ਨੂੰ ਮੁਕਤ ਕਰੀਏ ਅਤੇ ਮਨੁੱਖੀ ਸਿਹਤ ਨੂੰ ਖ਼ਤਰਨਾਕ ਬਿਮਾਰੀਆਂ ਤੋਂ ਬਚਾਈਏ। ਜ਼ਹਿਰ-ਮੁਕਤੀ ਲਈ ਜੇ ਸਭ ਤੋਂ ਯੋਗ ਉਪਰਾਲਾ ਕੀਤਾ ਜਾ ਸਕਦਾ ਹੈ ਤਾਂ ਉਹ ਇਹੀ ਹੈ ਕਿ ਅਸੀਂ ਖੇਤੀ ਢੰਗਾਂ ਵਿਚ ਵੱਡੀ ਤਬਦੀਲੀ ਲਿਆਈਏ ਤੇ ਜੈਵਿਕ ਖੇਤੀ ਵੱਲ ਆਪਣੇ ਕਦਮਾਂ ਨੂੰ ਮੋੜੀਏ। ਜੈਵਿਕ ਖੇਤੀ ਤੋਂ ਭਾਵ ਬਿਨਾ ਖਾਦਾਂ ਤੇ ਜ਼ਹਿਰਾਂ ਵਾਲੀ ਖੇਤੀ ਤੋਂ ਹੈ। ਖੇਤੀ ਤੋਂ ਭਾਵੇਂ ਘੱਟ ਉਪਜ ਲਈ ਜਾਵੇ ਪਰ ਉਹ ਉਪਜ ਸਾਡੀ ਸਿਹਤ ਲਈ ਨੁਕਸਾਨਦੇਹ ਨਾ ਹੋਵੇ। ਜ਼ਮੀਨ ਦੀ ਸਿਹਤ ਸੰਭਾਲ ਤੇ ਉਸ ਵਿਚਲੇ ਤੱਤਾਂ ਦੀ ਹੋਂਦ ਨੂੰ ਕਾਇਮ ਰੱਖਣ ਲਈ ਖਾਦਾਂ ਤਾਂ ਪਾਈਆਂ ਜਾਣ ਪਰ ਉਹ ਖਾਦਾਂ ਜੈਵਿਕ ਜਾਂ ਕੁਦਰਤੀ ਹੋਣ, ਭਾਵ ਪਸ਼ੂਆਂ ਦੇ ਗੋਹੇ ਤੋਂ ਤਿਆਰ ਕੀਤੀ ਖਾਦ (ਰੂੜੀ) ਦੀ ਵਰਤੋਂ ਕੀਤੀ ਜਾਵੇ।*

### ਸਫਲ ਕਿਸਾਨ ਮਨਿਤ ਮਲਹੋਤਰਾ

ਜੈਵਿਕ ਖੇਤੀ 'ਚ ਸਫਲਤਾ ਹਾਸਲ ਕਰ ਚੁੱਕਾ ਕਿਸਾਨ ਹੈ-ਮਨਿਤ ਮਲਹੋਤਰਾ। ਜਲੰਧਰ ਦਾ ਵਸਨੀਕ ਮਨਿਤ ਮਲਹੋਤਰਾ ਵਕਾਲਤ ਪਾਸ ਹੈ ਤੇ ਉਸ ਨੇ ਵਕਾਲਤ ਨੂੰ ਪੇਸ਼ੇ ਵਜੋਂ ਨਾ ਅਪਣਾਉਂਦੇ ਹੋਏ ਜੈਵਿਕ ਖੇਤੀ ਨੂੰ ਪਹਿਲ ਦਿੱਤੀ ਹੈ। ਮਨਿਤ ਨੇ ਪਿੰਡ ਬੰਬੀਆਂ ਜ਼ਿਲ੍ਹਾ ਜਲੰਧਰ ਵਿਖੇ 47 ਏਕੜ ਖੇਤੀਯੋਗ ਜ਼ਮੀਨ 'ਤੇ ਮੁੱਖ ਫ਼ਸਲਾਂ ਵਜੋਂ ਦੇਸੀ ਕਣਕ, ਝੋਨਾ, ਬਾਸਮਤੀ, ਤਿਲ, ਬੈਂਗਣ, ਫੁੱਲ ਗੋਭੀ, ਗੰਢ ਗੋਭੀ, ਸ਼ਲਗਮ, ਪਾਲਕ, ਚੁਕੰਦਰ, ਧਨੀਆ, ਮੇਥੀ, ਪਿਆਜ਼, ਟਮਾਟਰ, ਗਾਜਰ, ਆਲੂ, ਦੇਸੀ ਸਰ੍ਹੋਂ, ਅਲਸੀ, ਛੋਲੇ, ਕੱਦੂ, ਖੀਰਾ, ਲੱਸਣ ਆਦਿ ਦੀ ਕਾਸ਼ਤ ਸ਼ੁਰੂ ਕੀਤੀ। ਇਸ ਤੋਂ ਇਲਾਵਾ ਉਨ੍ਹਾਂ ਨੇ ਕਰੀਬ 1100 ਰੁੱਖ ਵੀ ਲਗਾਏ ਹੋਏ ਹਨ, ਇਨ੍ਹਾਂ 'ਚ ਨਿੰਮ, ਫਾਲਸਾ, ਖਿੱਲ, ਅਰਜੁਨ, ਕੜ੍ਹੀ ਪੱਤਾ, ਸਫ਼ੈਦਾ, ਜਾਮਣ, ਅੰਬ ਆਦਿ ਦੇ ਰੁੱਖ ਸ਼ਾਮਲ ਹਨ। ਖੇਤੀਬਾੜੀ ਦੇ ਨਾਲ-ਨਾਲ ਉਹ ਡੇਅਰੀ ਦਾ ਧੰਦਾ ਵੀ ਚਲਾਉਂਦੇ ਹਨ। ਉਨ੍ਹਾਂ ਕੋਲ ਚੰਗੀ ਨਸਲ ਦੀਆਂ 27 ਗਾਵਾਂ ਹਨ। ਗਾਵਾਂ ਦਾ ਗੋਬਰ ਤੇ ਪਿਸ਼ਾਬ ਉਹ ਖਾਦਾਂ ਤੇ ਕੀਟਨਾਸ਼ਕਾਂ ਵਜੋਂ ਵਰਤਦੇ ਹਨ। ਮਨਿਤ ਮਲਹੋਤਰਾ ਆਪਣੇ ਖੇਤੀ ਉਤਪਾਦਾਂ ਨੂੰ ਸਿੱਧੇ ਤੌਰ 'ਤੇ ਗਾਹਕਾਂ ਨੂੰ ਵੇਚਦੇ ਹਨ। ਇਸ ਤੋਂ ਇਲਾਵਾ ਹੋਟਲਾਂ, ਰੈਸਟੋਰੈਂਟਾਂ, ਮੈਰਿਜ ਪੈਲੇਸਾਂ ਵਿਚ ਆਪਣੀਆਂ ਜਿਣਸਾਂ ਨੂੰ ਵੇਚ ਕੇ ਆਮਦਨ ਪ੍ਰਾਪਤ ਕਰਦੇ ਹਨ। ਪੰਜਾਬ ਸਰਕਾਰ ਦੇ ਖੇਤੀਬਾੜੀ ਵਿਭਾਗ ਜਲੰਧਰ ਦੇ ਸਹਿਯੋਗ ਨਾਲ ਰੈੱਡ ਕਰਾਸ ਭਵਨ ਵਿਖੇ ਸਥਾਪਿਤ 'ਆਤਮਾ ਕਿਸਾਨ ਹੱਟ' ਵਿਚ ਵੀ ਉਹ ਆਪਣੇ ਖੇਤੀ ਉਤਪਾਦਾਂ ਨੂੰ ਵੇਚਦੇ ਹਨ।

ਪੰਜਾਬ ਦੇ ਕੁਝ ਅਜਿਹੇ ਜ਼ਿਲ੍ਹੇ ਜੋ ਖੇਤੀ ਜ਼ਹਿਰਾਂ ਕਾਰਨ ਕੈਂਸਰ ਵਰਗੀਆਂ ਬਿਮਾਰੀਆਂ ਤੋਂ ਪ੍ਰਭਾਵਿਤ ਹਨ ਅਤੇ ਜਿਹੜੀਆਂ ਜ਼ਮੀਨਾਂ ਹੇਠਲਾ ਪਾਣੀ ਤੇ ਹਵਾ ਆਦਿ ਬੁਰੀ ਤਰ੍ਹਾਂ ਜ਼ਹਿਰੀਲੇ ਹੋ ਚੁਕੇ ਹਨ, ਉਨ੍ਹਾਂ ਜ਼ਮੀਨਾਂ 'ਤੇ ਅਸੀਂ ਹੁਣ ਤੋਂ ਹੀ ਜ਼ਹਿਰਾਂ ਪਾਉਣੀਆ ਬੰਦ ਕਰ ਦੇਈਏ ਤਾਂ ਅਸੀ ਇਨ੍ਹਾਂ ਦੇ ਮਾਰੂ ਪ੍ਰਭਾਵ ਤੋਂ ਬਚ ਸਕਦੇ ਹਾਂ। •



*ਮੂੰਗਫਲੀ ਇਕ ਪ੍ਰਮੁੱਖ ਤੇਲ ਬੀਜ ਫ਼ਸਲ ਹੈ ਅਤੇ ਪੰਜਾਬ ਵਿਚ ਇਸ ਦੀਆਂ ਤਿੰਨ ਕਿਸਮਾਂ ਐੱਸਜੀ-99, ਐੱਮ-522 ਤੇ ਐੱਸਜੀ-84 ਦੀ ਕਾਸ਼ਤ ਲਈ ਸਿਫਾਰਸ਼ ਕੀਤੀ ਗਈ ਹੈ...*



## ਮੂੰਗਫਲੀ ਦੀ ਸਫਲ ਕਾਸ਼ਤ ਦੇ ਜ਼ਰੂਰੀ ਨੁਕਤੇ

• ਪ੍ਰਭਜੋਧ ਸਿੰਘ ਸੰਧੂ, ਅਮਰਜੀਤ ਸਿੰਘ

ਭਾਰਤ 'ਚ ਸਰ੍ਹੋਂ ਤੇ ਸੋਇਆਬੀਨ ਤੋਂ ਬਾਅਦ ਮੂੰਗਫਲੀ ਮਹੱਤਵਪੂਰਨ ਤੇਲ ਬੀਜ ਫ਼ਸਲ ਹੈ। ਕਦੇ ਇਹ ਸਾਉਣੀ ਦੀ ਮੁੱਖ ਫ਼ਸਲ ਸੀ। ਅੱਜ ਇਹ ਕੁਝ ਖ਼ਾਸ ਇਲਾਕਿਆਂ ਤਕ ਸੀਮਤ ਹੈ। ਇਸ ਵੇਲੇ ਕਰੀਬ ਇਕ ਹਜ਼ਾਰ ਹੈਕਟੇਅਰ 'ਚ ਮੂੰਗਫਲੀ ਦੀ ਕਾਸ਼ਤ ਕੀਤੀ ਜਾਂਦੀ ਹੈ ਤੇ ਪੈਦਾਵਾਰ 1.9 ਹਜ਼ਾਰ ਟਨ ਹੈ।

### ਕਾਸ਼ਤ ਦਾ ਸਮਾਂ ਤੇ ਜ਼ਮੀਨ ਦੀ ਚੋਣ

ਮੂੰਗਫਲੀ ਦੀ ਕਾਸ਼ਤ ਬਹਾਰ ਤੇ ਸਾਉਣੀ, ਦੋਵਾਂ ਰੁੱਤਾਂ 'ਚ ਕੀਤੀ ਜਾ ਸਕਦੀ ਹੈ। ਰੇਤਲੀ ਭੱਲ ਵਾਲੀਆਂ ਜ਼ਮੀਨਾਂ ਇਸ ਦੀ ਕਾਸ਼ਤ ਲਈ ਢੁਕਵੀਆਂ ਹਨ। ਪੰਜਾਬ 'ਚ ਇਸ ਦੀ ਕਾਸ਼ਤ ਸਾਉਣੀ ਰੁੱਤੇ ਕੀਤੀ ਜਾਂਦੀ ਹੈ। ਹੁਸ਼ਿਆਰਪੁਰ, ਮਾਨਸਾ ਤੇ ਸੰਗਰੂਰ ਵਿਚ ਬਹੁਤ ਸਾਰੇ ਕਿਸਾਨ ਇਸ ਦੀ ਕਾਸ਼ਤ ਤੇ ਮੰਡੀਕਰਨ ਸਫਲ ਤੇ ਵਿਓਂਤਬੱਧ ਤਰੀਕੇ ਨਾਲ ਕਰ ਰਹੇ ਹਨ। ਮੂੰਗਫਲੀ ਨੂੰ ਖਾਦ-ਪਾਣੀ ਦੀ ਘੱਟ ਲੋੜ, ਵਧੀਆ ਤੇਲ ਤੇ ਹਵਾ ਵਿਚਲੀ ਨਾਈਟ੍ਰੋਜਨ ਨੂੰ ਸਾਂਭਣ ਦੀ ਸਮਰਥਾ ਕਰਕੇ ਇਸ ਨੂੰ ਪਾਣੀ ਦੀ ਕਮੀ ਵਾਲੇ ਇਲਾਕਿਆਂ 'ਚ ਅਪਣਾਇਆ ਜਾ ਸਕਦਾ ਹੈ। ਜ਼ਮੀਨਦੋਜ਼ ਪਾਣੀ ਦੇ ਡਿੱਗਦੇ ਹੋਏ ਪੱਧਰ ਨੂੰ ਮੁੱਖ ਰੱਖ ਕੇ ਵੀ ਅਪਣਾਇਆ ਜਾ ਸਕਦਾ ਹੈ। ਵਿਗਿਆਨਕ ਤਰੀਕੇ ਨਾਲ ਮੂੰਗਫਲੀ ਦੀ ਕਾਸ਼ਤ ਕਰ ਕੇ ਇਸ ਫ਼ਸਲ ਤੋਂ ਚੰਗਾ ਮੁਨਾਫ਼ਾ ਕਮਾਇਆ ਜਾ ਸਕਦਾ ਹੈ।

### ਕਿਸਮਾਂ

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਮੂੰਗਫਲੀ ਦੀਆਂ ਤਿੰਨ ਕਿਸਮਾਂ ਐੱਸਜੀ-99, ਐੱਮ-522 ਤੇ ਐੱਸਜੀ-84 ਦੀ ਪੰਜਾਬ 'ਚ ਕਾਸ਼ਤ ਲਈ ਸਿਫਾਰਸ਼ ਕੀਤੀ ਗਈ ਹੈ। ਇਹ ਕਿਸਮਾਂ ਸਾਉਣੀ ਰੁੱਤ 'ਚ ਬੀਜੀਆਂ ਜਾ ਸਕਦੀਆਂ ਹਨ ਤੇ ਐੱਸਜੀ-84 ਬਹਾਰ ਰੁੱਤ 'ਚ ਵੀ ਬੀਜੀ ਜਾ ਸਕਦੀ ਹੈ। ਐੱਸਜੀ-99 ਦੀਆਂ ਗਿਰੀਆਂ ਮੋਟੀਆਂ ਤੇ ਝਾੜ 10 ਕੁਇੰਟਲ ਪ੍ਰਤੀ ਏਕੜ ਹੈ। ਇਹ ਪੱਕਣ ਲਈ 125 ਦਿਨ ਲੈਂਦੀ ਹੈ ਤੇ 'ਕਰੂੰਬਲਾਂ ਦੇ ਸੋਕੇ' ਵਰਗੇ ਵਿਸ਼ਾਣੂ ਰੋਗ ਨੂੰ ਸਹਾਰ ਸਕਦੀ ਹੈ। ਐੱਮ-522 ਦਾ ਝਾੜ 9 ਕੁਇੰਟਲ ਹੈ ਤੇ ਇਹ ਪੱਕਣ ਲਈ 120 ਦਿਨ ਲੈਂਦੀ ਹੈ। ਐੱਸਜੀ-84 ਬਹਾਰ ਰੁੱਤ 'ਚ 130 ਦਿਨਾਂ 'ਚ ਪੱਕਦੀ ਹੈ ਤੇ ਝਾੜ 10 ਕੁਇੰਟਲ ਹੈ ਸਾਉਣੀ ਰੁੱਤੇ ਇਹ 120 ਦਿਨਾਂ 'ਚ ਪੱਕਦੀ ਹੈ ਤੇ 8 ਕੁਇੰਟਲ ਪ੍ਰਤੀ ਏਕੜ ਝਾੜ ਦਿੰਦੀ ਹੈ।

### ਬੀਜ ਦੀ ਮਾਤਰਾ

ਐੱਸਜੀ-99 ਕਿਸਮ ਲਈ 40 ਕਿੱਲੋ ਬੀਜ ਪ੍ਰਤੀ ਏਕੜ ਕਾਫ਼ੀ ਹੈ। ਬਾਕੀ ਕਿਸਮਾਂ ਲਈ 38 ਕਿੱਲੋ ਬੀਜ ਪ੍ਰਤੀ ਏਕੜ ਵਰਤੋ। ਬਿਜਾਈ ਤੋਂ ਪਹਿਲਾਂ ਬੀਜ ਨੂੰ ਉੱਲੀ ਨਾਸ਼ਕ ਥੀਰਮ 5 ਗ੍ਰਾਮ ਜਾਂ ਇੰਡੋਫਿਲ ਐੱਮ-45, 3 ਗ੍ਰਾਮ ਪ੍ਰਤੀ ਕਿੱਲੋ ਬੀਜ ਦੇ ਹਿਸਾਬ ਨਾਲ ਸੋਧ ਲਵੋ ਤਾਂ ਕਿ ਬੀਜ ਤੇ 'ਗਿੱਚੀ ਗਲਣ' ਦੇ ਰੋਗ ਤੋਂ ਬਚਾਅ ਰਹੇ। ਜੇ ਖੇਤ ਵਿਚ 'ਚਿੱਟੇ ਸੁੰਡ' ਦੀ ਸਮੱਸਿਆ ਹੋਵੇ ਤਾਂ ਉੱਲੀ ਨਾਸ਼ਕ ਨਾਲ ਸੋਧ ਤੋਂ ਪਹਿਲਾਂ ਕੀਟਨਾਸ਼ਕ ਡਰਸਬਾਨ 20 ਤਾਕਤ, 12.5 ਮਿਲੀਲਿਟਰ ਪ੍ਰਤੀ ਕਿੱਲੋ ਨਾਲ ਬੀਜ ਦੀ ਸੋਧ ਜ਼ਰੂਰੀ ਹੈ। ਕੀਟਨਾਸ਼ਕ ਨਾਲ ਸੋਧ ਤੋਂ ਪਿੱਛੋਂ ਬੀਜ ਨੂੰ ਛਾਵੇਂ ਸੁਕਾ ਲਵੋ ਤੇ ਫਿਰ ਉੱਲੀ ਨਾਸ਼ਕ ਨਾਲ ਸੋਧ ਲਵੋ। ਬਿਜਾਈ ਲਈ ਕਤਾਰਾਂ ਤੇ ਬੂਟਿਆਂ ਵਿਚਕਾਰ ਫ਼ਾਸਲਾ ਐੱਸਜੀ-99 ਅਤੇ ਐੱਸਜੀ-84 ਕਿਸਮ ਲਈ 3015 ਸੈਂਟੀਮੀਟਰ ਅਤੇ ਐੱਮ-522 ਕਿਸਮ ਲਈ 30 22.5 ਸੈਂਟੀਮੀਟਰ ਰੱਖੋ। ਜੰਮ ਤੋਂ ਬਾਅਦ ਫ਼ਸਲ ਨੂੰ ਲੋੜ ਅਨੁਸਾਰ 2 ਜਾਂ 3 ਹਲਕੇ ਪਾਣੀ ਲਗਾਓ ਤੇ ਖੇਤ ਨੂੰ ਨਦੀਨ ਰਹਿਤ ਰੱਖੋ।



### ਕਾਸ਼ਤ

ਮੂੰਗਫਲੀ ਦੇ ਮਿਆਰੀ ਉਤਪਾਦਨ ਲਈ ਬੀਜ ਦਾ ਸਿਹਤਮੰਦ ਹੋਣਾ ਲਾਜ਼ਮੀ ਹੈ। ਬੀਜ ਦੀ ਚੋਣ ਵੇਲੇ ਛੋਟੇ, ਸੁੱਕੇ ਤੇ ਬਦਰੰਗ ਬੀਜ ਕੱਢ ਦੇਵੋ ਅਤੇ ਮੋਟੇ ਤੇ ਤੰਦਰੁਸਤ ਬੀਜ ਹੀ ਵਰਤੋ। ਸਾਉਣੀ ਦੀ ਬਿਜਾਈ ਅਪ੍ਰੈਲ ਦੇ ਅਖ਼ੀਰਲੇ ਹਫ਼ਤੇ ਤੋਂ ਮਈ ਦੇ ਅਖ਼ੀਰ ਤਕ ਕਰ ਲੈਣੀ ਚਾਹੀਦੀ ਹੈ। ਬਹਾਰ ਰੁੱਤ ਦੀ ਬਿਜਾਈ ਫਰਵਰੀ ਦੇ ਦੂਸਰੇ ਪੰਦਰਵਾੜੇ ਦੌਰਾਨ ਕਰੋ। ਚੰਗੇ ਜਲ ਨਿਕਾਸ ਤੇ ਰੇਤਲੀਆਂ ਜ਼ਮੀਨਾਂ ਇਸ ਦੀ ਕਾਸ਼ਤ ਲਈ ਢੁਕਵੀਆਂ ਹਨ। ਖੇਤ ਦੀ ਤਿਆਰੀ ਇੱਕੋ ਸਮੇਂ ਕਰਨ ਦੀ ਬਜਾਏ ਇਕ-ਇਕ ਦਿਨ ਛੱਡ ਕੇ 2-3 ਵਾਹੀਆਂ ਕਰੋ ਤਾਂ ਕਿ ਧੁੱਪ ਨਾਲ ਜ਼ਮੀਨ ਵਿਚਲੇ ਕੀੜੇ ਤੇ ਬਿਮਾਰੀਆਂ, ਜੋ ਉੱਗਦੇ ਬੀਜ ਦਾ ਨੁਕਸਾਨ ਕਰਦੇ ਹਨ, ਖ਼ਤਮ ਹੋ ਜਾਣ।

### ਖਾਦਾਂ

ਮੂੰਗਫਲੀ ਨੂੰ ਸਿਰਫ਼ 13 ਕਿੱਲੋ ਯੂਰੀਆ, 50 ਕਿੱਲੋ ਸਿੰਗਲ ਸੁਪਰਫਾਸਫੇਟ, 17 ਕਿੱਲੋ ਮਿਊਰੇਟ ਆਫ ਪੋਟਾਸ਼ ਤੇ 50 ਕਿੱਲੋ ਜਿਪਸਮ ਦੀ ਜ਼ਰੂਰਤ ਹੁੰਦੀ ਹੈ। ਇਹ ਸਾਰੀ ਖਾਦ ਬਿਜਾਈ ਤੋਂ ਪਹਿਲਾਂ ਹੀ ਪਾ ਦੇਣੀ ਚਾਹੀਦੀ ਹੈ।

### ਕਟਾਈ ਤੇ ਗਹਾਈ

ਮੂੰਗਫਲੀ ਦੀ ਫ਼ਸਲ 120 ਤੋਂ 125 ਦਿਨਾਂ 'ਚ ਪੱਕ ਜਾਂਦੀ ਹੈ। ਪੁਟਾਈ ਤੋਂ ਪਹਿਲਾਂ ਕੁਝ ਬੂਟੇ ਪੁੱਟ ਕੇ ਵੇਖੋ। ਜੇ ਗੱਠੀਆਂ ਹਲਕੀਆਂ ਭੂਰੀਆਂ ਹੋਣ, ਗਿਰੀਆਂ ਗੁਲਾਬੀ ਰੰਗ ਦੀਆਂ ਹੋਣ ਤੇ 70 ਤੋਂ 80 ਫ਼ੀਸਦੀ ਗੱਠੀਆਂ ਪੱਕੀਆਂ ਹੋਈਆਂ ਹੋਣ ਤਾਂ ਫ਼ਸਲ ਪੁੱਟਣ ਲਈ ਤਿਆਰ ਹੈ। ਪੁਟਾਈ ਸੌਖੀ ਕਰਨ ਲਈ ਖੇਤ ਨੂੰ ਹਲਕਾ ਪਾਣੀ ਲਗਾ ਲਵੋ। ਪੁਟਾਈ ਤੋਂ ਬਾਅਦ ਫ਼ਸਲ ਨੂੰ 3-4 ਦਿਨ ਖੇਤ ਵਿਚ ਹੀ ਪਈ ਰਹਿਣ ਦਿਓ ਤੇ ਬਾਅਦ 'ਚ ਤਰੰਗਲੀ ਨਾਲ ਫਰੋਲ ਕੇ ਗੱਠੀਆਂ ਵੱਖ ਕਰ ਲਓ। ਮੂੰਗਫਲੀ ਦੀ ਗਹਾਈ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਤਿਆਰ ਕੀਤੀ ਗਈ ਮਸ਼ੀਨ ਨਾਲ ਵੀ ਕੀਤੀ ਜਾ ਸਕਦੀ ਹੈ। •

ਮੋਬਾਈਲ 98555-19676



### 168 ਕਰੋੜ ਦਾ ਕਾਰੋਬਾਰ

*ਪੰਜਾਬ ਵਿਚ ਹਰ ਸਾਲ ਕਰੀਬ 28 ਲੱਖ ਹੈਕਟੇਅਰ ਰਕਬੇ 'ਚ ਝੋਨੇ ਤੇ ਬਾਸਮਤੀ ਦੀ ਬਿਜਾਈ ਕੀਤੀ ਜਾਂਦੀ ਹੈ। ਇਸ ਦੇ ਲਈ 20 ਕਿੱਲੋ ਪ੍ਰਤੀ ਹੈਕਟੇਅਰ ਦੇ ਹਿਸਾਬ ਨਾਲ ਕਰੀਬ 5 ਲੱਖ 60 ਹਜ਼ਾਰ ਕੁਇੰਟਲ ਬੀਜ ਦੀ ਲੋੜ ਪੈਂਦੀ ਹੈ। ਬੀਜ ਦੀ ਔਸਤ ਕੀਮਤ ਤਿੰਨ ਹਜ਼ਾਰ ਰੁਪਏ ਪ੍ਰਤੀ ਕੁਇੰਟਲ ਦੇ ਹਿਸਾਬ ਨਾਲ ਪੰਜਾਬ ਵਿਚ ਕਰੀਬ 168 ਕਰੋੜ ਰੁਪਏ ਦਾ ਬੀਜ ਦਾ ਕਾਰੋਬਾਰ ਹੈ।*

*ਗ਼ੈਰ-ਮਿਆਰੀ ਬੀਜਾਂ ਦੀ ਕਾਸ਼ਤ ਨਾਲ ਜਿੱਥੇ ਪੈਦਾਵਾਰ ਘਟਦੀ ਹੈ, ਉੱਥੇ ਫ਼ਸਲ ਉੱਪਰ ਬਿਮਾਰੀਆਂ ਤੇ ਕੀੜਿਆਂ ਦਾ ਹਮਲਾ ਵੀ ਜ਼ਿਆਦਾ ਹੁੰਦਾ ਹੈ। ਇਨ੍ਹਾਂ ਦੀ ਰੋਕਥਾਮ ਲਈ ਦਵਾਈਆਂ ਉੱਪਰ ਖ਼ਰਚਾ ਵਧ ਜਾਂਦਾ ਹੈ। ਅਜਿਹੀਆਂ ਫ਼ਸਲਾਂ ਪੱਕਣ 'ਚ ਵੀ ਵੱਧ ਸਮਾਂ ਲੈਂਦੀਆਂ ਹਨ...*



## ਝੋਨਾ/ਬਾਸਮਤੀ ਮਿਆਰੀ ਬੀਜ ਕਰਦੈ ਉਤਪਾਦਨ 'ਚ ਵਾਧਾ

• ਡਾ. ਅਮਰੀਕ ਸਿੰਘ

ਹਾੜੀ ਦੇ ਸੀਜ਼ਨ ਦੌਰਾਨ ਬੀਜੀਆਂ ਫ਼ਸਲਾਂ ਦੀ ਕਟਾਈ ਦਾ ਕੰਮ ਖਤਮ ਤੇ ਸਾਉਣੀ ਰੁੱਤ ਦੀਆਂ ਫ਼ਸਲਾਂ ਦੀ ਬਿਜਾਈ ਦਾ ਕੰਮ ਸ਼ੁਰੂ ਹੋ ਰਿਹਾ ਹੈ। ਫ਼ਸਲਾਂ ਦੀ ਬਿਜਾਈ ਲਈ ਬੀਜ ਹੀ ਅਜਿਹੀ ਖੇਤੀ ਸਮੱਗਰੀ ਹੈ ਜਿਸ ਉੱਪਰ ਫ਼ਸਲ ਦੀ ਸਫਲਤਾ ਨਿਰਭਰ ਕਰਦੀ ਹੈ। ਜੇ ਬੀਜ ਸਹੀ ਨਾ ਹੋਵੇ ਤਾਂ ਖਾਦਾਂ, ਕੀਟਨਾਸ਼ਕ, ਉੱਲੀਨਾਸ਼ਕ ਤੇ ਹੋਰ ਸਮੱਗਰੀ 'ਤੇ ਕੀਤੇ ਜਾਣ ਵਾਲੇ ਖ਼ਰਚੇ ਦਾ ਵੀ ਬਹੁਤਾ ਫ਼ਾਇਦਾ ਨਹੀਂ ਹੁੰਦਾ।

### ਮਿਲਾਵਟੀ ਬੀਜ

ਝੋਨੇ ਦੀ ਕਾਸ਼ਤ 'ਚ ਕਿਸਮ ਅਤੇ ਬੀਜ ਦਾ ਬਹੁਤ ਵੱਡਾ ਰੋਲ ਹੈ। ਆਮ ਤੌਰ 'ਤੇ ਬੀਜ ਵਿਕ੍ਰੇਤਾ ਤੇ ਆੜ੍ਹਤੀ ਕਿਸਾਨਾਂ ਨੂੰ ਸਬਜ਼ਬਾਗ ਵਿਖਾ ਕੇ ਗ਼ੈਰ ਸਿਫਾਰਸ਼ੀ ਕਿਸਮਾਂ ਦਾ ਬੀਜ ਕਿਸਾਨਾਂ ਨੂੰ ਮਹਿੰਗੇ ਭਾਅ 'ਤੇ ਵੇਚ ਦਿੰਦੇ ਹਨ। ਪਿਛਲੇ ਸਮੇਂ ਦੀਆਂ ਕਈ ਉਦਾਹਰਣਾਂ ਮਿਲ ਜਾਣਗੀਆਂ ਕਿ ਕਿਸਾਨਾਂ ਵੱਲੋਂ ਬਾਜ਼ਾਰ 'ਚੋਂ ਬੀਜ ਖ਼ਰੀਦ ਕੇ ਬੀਜੀ ਗਈ ਫ਼ਸਲ 'ਚੋਂ ਦੋ ਤੋਂ ਵਧੇਰੇ ਕਿਸਮਾਂ ਦਾ ਮਿਸ਼ਰਣ ਨਿਕਲਦਾ ਹੈ। ਕਿਸਾਨ ਆਮ ਤੌਰ 'ਤੇ ਹਰਿਆਣੇ ਤੋਂ ਆਏ ਬੀਜ ਦੀ ਖ਼ਰੀਦ ਨੂੰ ਬਹੁਤ ਤਰਜੀਹ ਦਿੰਦੇ ਹਨ ਪਰ ਹੁਣ ਹਰਿਆਣੇ ਦੇ ਬੀਜ ਵਿਚ ਬਹੁਤ ਮਿਲਾਵਟ ਹੋਣ ਕਾਰਨ ਕਿਸਾਨਾਂ ਦਾ ਨੁਕਸਾਨ ਹੁੰਦਾ ਹੈ। ਕਿਸਾਨਾਂ ਅੰਦਰ ਹਰ ਸਾਲ ਨਵੀਂ ਕਿਸਮ ਬੀਜਣ ਦਾ ਰੁਝਾਨ ਵੀ ਵਧ ਰਿਹਾ ਹੈ, ਜਿਸ ਨਾਲ ਬਹੁਤ ਵਾਰ ਉਨ੍ਹਾਂ ਨਾਲ ਧੋਖਾ ਹੋ ਜਾਂਦਾ ਹੈ।

### ਮਿਲਾਵਟ ਦੇ ਕਾਰਨ

ਕਈ ਵਾਰ ਤਾਂ ਜਿਸ ਕਿਸਮ ਦਾ ਬੀਜ ਖ਼ਰੀਦਿਆ ਹੁੰਦਾ ਹੈ, ਉਹ ਉਸ ਕਿਸਮ ਦਾ ਨਹੀਂ ਨਿਕਲਦਾ ਜਾਂ 2-3 ਕਿਸਮਾਂ ਦਾ ਰਲਵਾਂ ਬੀਜ ਹੁੰਦਾ ਹੈ। ਇਸ ਦਾ ਮੁੱਖ ਕਾਰਨ ਬੀਜ ਉਤਪਾਦਕਾਂ ਦੁਆਰਾ ਫ਼ਸਲ ਦੀ ਕਟਾਈ ਤੋਂ ਪਹਿਲਾਂ ਕੰਬਾਈਨ ਦੀ ਸਫ਼ਾਈ ਨਾ ਕਰਨਾ, ਮੰਡੀ ਵਿੱਚੋਂ ਜਿਣਸ ਦੀ ਖ਼ਰੀਦ ਕਰ ਕੇ ਉਸ ਨੂੰ ਬੀਜ ਦੇ ਤੌਰ 'ਤੇ ਵੇਚਣਾ, ਕਟਾਈ ਤੋਂ ਪਹਿਲਾਂ ਫ਼ਸਲ ਵਿੱਚੋਂ ਹੋਰਨਾਂ ਕਿਸਮਾਂ ਦੇ ਬੂਟਿਆਂ ਦੀ ਕਟਾਈ ਨਾ ਕਰਨਾ, ਪੁਰਾਣੀਆਂ ਕਿਸਮਾਂ ਨੂੰ ਨਵੇਂ ਨਾਂ ਦੇ ਕੇ ਵੇਚਣਾ ਆਦਿ ਹਨ। ਨਵੀਆਂ ਕਿਸਮਾਂ ਦੀ ਮੰਗ ਹੋਣ ਕਾਰਨ ਵੀ ਕਈ ਵਾਰ ਕਿਸਾਨ ਦਾ ਆਰਥਿਕ ਸ਼ੋਸ਼ਣ ਹੁੰਦਾ ਹੈ। ਕੁਝ ਅਜਿਹੀਆਂ ਕਿਸਮਾਂ, ਜਿਨ੍ਹਾਂ ਦੀ ਪੰਜਾਬ ਲਈ ਸਿਫਾਰਸ਼ ਨਹੀਂ ਕੀਤੀ ਗਈ ਹੁੰਦੀ, ਉਨ੍ਹਾਂ ਨੂੰ ਨਿੱਜੀ ਅਦਾਰਿਆਂ ਵੱਲੋਂ ਨਵਾਂ ਨਾਂ ਦੇ ਕੇ ਮਹਿੰਗੇ ਭਾਅ 'ਤੇ ਵੇਚ ਦਿੱਤਾ ਜਾਂਦਾ ਹੈ।

### ਗ਼ੈਰ ਸਿਫਾਰਸ਼ੀ ਕਿਸਮਾਂ ਦੇ ਨੁਕਸਾਨ

ਮੌਜੂਦਾ ਸਮੇਂ ਬਾਜ਼ਾਰ ਵਿਚ ਨਿੱਜੀ ਅਦਾਰਿਆਂ ਵੱਲੋਂ ਕੁਝ ਗ਼ੈਰ ਸਿਫਾਰਸ਼ੀ ਕਿਸਮਾਂ, ਜਿਵੇਂ ਪੀਲੀ ਪੂਸਾ, ਗੋਲਡ-76, ਗੋਲਡੀ, ਜੀਕੇ-668, ਜੀਕੇ-4042, ਹਾਈਬ੍ਰਿਡ-47, ਹਰਿਤ ਕ੍ਰਾਂਤੀ-901 ਆਦਿ ਨਾਵਾਂ ਨਾਲ ਨਵੀਆਂ ਕਿਸਮਾਂ ਦਾ ਬੀਜ ਆਖ ਕੇ ਕਿਸਾਨਾਂ ਨੂੰ ਮਹਿੰਗੇ ਭਾਅ 'ਤੇ ਵੇਚਿਆ ਜਾ ਰਿਹਾ ਹੈ। ਇਨ੍ਹਾਂ ਕਿਸਮਾਂ ਦੀ ਪੀਏਯੂ ਵੱਲੋਂ ਪੰਜਾਬ ਵਿਚ ਕਾਸ਼ਤ ਲਈ ਸਿਫਾਰਸ਼ ਨਹੀ ਕੀਤੀ ਗਈ।

ਇਨ੍ਹਾਂ ਕਿਸਮਾਂ ਦੀ ਕਾਸ਼ਤ ਨਾਲ ਜਿੱਥੇ ਪੈਦਾਵਾਰ ਘੱਟ ਮਿਲਦੀ ਹੈ, ਉੱਥੇ ਇਨ੍ਹਾਂ ਉੱਪਰ ਬਿਮਾਰੀਆਂ ਤੇ ਕੀੜਿਆਂ ਦਾ ਹਮਲਾ ਵੀ ਜ਼ਿਆਦਾ ਹੁੰਦਾ ਹੈ। ਜਿਸ ਕਾਰਨ ਕਿਸਾਨਾਂ ਦਾ ਬਿਮਾਰੀਆਂ ਤੇ ਕੀੜਿਆਂ ਦੀ ਰੋਕਥਾਮ ਲਈ ਵਰਤੀਆਂ ਜਾਣ ਵਾਲੀਆਂ ਦਵਾਈਆਂ ਉੱਪਰ ਖ਼ਰਚਾ ਵਧ ਜਾਂਦਾ ਹੈ। ਇਸ ਨਾਲ ਬੱਚਤ ਵਿਚ ਗਿਰਾਵਟ ਆਉਂਦੀ ਹੈ। ਅਜਿਹੀਆਂ ਕਿਸਮਾਂ ਪੱਕਣ ਲਈ ਵੀ ਜ਼ਿਆਦਾ ਸਮਾਂ ਲੈਂਦੀਆਂ ਹਨ। ਜਿਸ ਕਾਰਨ ਇਨ੍ਹਾਂ ਕਿਸਮਾਂ ਦੀ ਕਟਾਈ ਅਤੇ ਕਣਕ ਦੀ ਬਿਜਾਈ ਵਿਚ ਸਮਾਂ ਘੱਟ ਹੋਣ ਕਾਰਨ ਖੇਤ ਨੂੰ ਛੇਤੀ ਖਾਲੀ ਕਰਨ ਲਈ ਪਰਾਲੀ ਨੂੰ ਅੱਗ ਲਗਾਉਣ ਦੇ ਰੁਝਾਨ 'ਚ ਵੀ ਵਾਧਾ ਹੁੰਦਾ ਹੈ। ਪਛੇਤੀਆਂ ਕਿਸਮਾਂ ਦੇ ਪੱਕਣ ਸਮੇਂ ਦਾਣਿਆਂ ਵਿਚ ਨਮੀ ਜ਼ਿਆਦਾ ਰਹਿਣ ਕਾਰਨ ਮੰਡੀਕਰਨ ਵਿਚ ਵੀ ਮੁਸ਼ਕਲ ਆਉਂਦੀ ਹੈ। ਇਨ੍ਹਾਂ ਦਾ ਵਾਜਬ ਮੁੱਲ ਵੀ ਨਹੀ ਮਿਲਦਾ। ਇਨ੍ਹਾਂ ਉੱਪਰ ਪਾਣੀ ਦੀ ਖਪਤ ਵੀ ਜ਼ਿਆਦਾ ਹੁੰਦੀ ਹੈ। ਇਨ੍ਹਾਂ ਉੱਪਰ ਭੂਰੇ ਟਿੱਡੇ ਦਾ ਹਮਲਾ ਵੀ ਜ਼ਿਆਦਾ ਹੁੰਦਾ ਹੈ।

### ਸਿਫਾਰਸ਼ ਕੀਤੀਆਂ ਕਿਸਮਾਂ ਹੀ ਬੀਜੋ

ਕਿਸਾਨਾਂ ਨੂੰ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਤੇ ਖੇਤੀਬਾੜੀ ਵਿਭਾਗ ਵੱਲੋਂ ਸਿਫਾਰਸ਼ ਕੀਤੀਆਂ ਕਿਸਮਾਂ ਦੀ ਹੀ ਕਾਸ਼ਤ ਕਰਨੀ ਚਾਹੀਦੀ ਹੈ। 2016-17 ਵਿਚ ਪੀਏਯੂ ਵੱਲੋਂ ਪੀਆਰ-126 ਕਿਸਮ ਆਰਜ਼ੀ ਤੌਰ 'ਤੇ ਪੰਜਾਬ ਵਿਚ ਕਾਸ਼ਤ ਲਈ ਜਾਰੀ ਕੀਤੀ ਗਈ ਸੀ। ਇਹ ਕਿਸਮ ਪੱਕਣ ਲਈ 123 ਦਿਨ ਲੈਂਦੀ ਹੈ ਤੇ ਝੁਲਸ ਰੋਗ ਦੇ ਜੀਵਾਣੂਆਂ ਦੀਆਂ ਦਸ ਵਿੱਚੋਂ ਸੱਤ ਕਿਸਮਾਂ ਦਾ ਟਾਕਰਾ ਕਰਨ ਦੇ ਸਮਰੱਥ ਹੈ। ਇਸ ਕਿਸਮ ਦਾ ਔਸਤ ਪੈਦਾਵਾਰ 30 ਕੁਇੰਟਲ ਪ੍ਰਤੀ ਏਕੜ ਹੈ।

ਇਹ ਅਕਤੂਬਰ ਦੇ ਪਹਿਲੇ ਹਫ਼ਤੇ ਪੱਕ ਕੇ ਤਿਆਰ ਹੋ ਜਾਂਦੀ ਹੈ, ਜਿਸ ਕਾਰਨ ਝੋਨੇ ਦੀ ਕਟਾਈ ਤੇ ਕਣਕ ਦੀ ਬਿਜਾਈ ਵਿਚ ਵਧੇਰੇ ਸਮਾਂ ਮਿਲਣ ਕਾਰਨ ਪਰਾਲੀ ਦੀ ਸੰਭਾਲ ਵੀ ਸੌਖੀ ਹੋ ਜਾਂਦੀ ਹੈ। ਆਮ ਕਿਸਮਾਂ ਨਾਲੋਂ 20-25 ਦਿਨ ਪਹਿਲਾਂ ਪੱਕਣ ਕਾਰਨ ਇਸ ਦੀ ਸਿੰਚਾਈ ਉੱਪਰ ਜ਼ਮੀਨਦੋਜ਼ ਪਾਣੀ ਦੀ ਵੀ ਬੱਚਤ ਹੁੰਦੀ ਹੈ। ਇਸ ਤੋਂ ਇਲਾਵਾ ਪੀਆਰ-124, ਪੀਆਰ-123, ਪੀਆਰ-122, ਪੀਆਰ-121, ਪੀਆਰ-114, ਪੀਆਰ-115, ਪੀਆਰ-113 ਕਿਸਮਾਂ ਦੀ ਵੀ ਪੰਜਾਬ ਵਿਚ ਕਾਸ਼ਤ ਲਈ ਸਿਫਾਰਸ਼ ਕੀਤੀ ਗਈ ਹੈ। ਬਾਸਮਤੀ ਦੀਆਂ ਪੂਸਾ-1121, ਪੂਸਾ ਬਾਸਮਤੀ-1509, ਪੰਜਾਬ ਬਾਸਮਤੀ ਨੰਬਰ-4, ਪੰਜਾਬ ਬਾਸਮਤੀ ਨੰਬਰ-5, ਸੀਐੱਸਆਰ-30, ਬਾਸਮਤੀ-386 ਤੇ ਬਾਸਮਤੀ-370 ਕਿਸਮਾਂ ਸਿਫਾਰਸ਼ ਕੀਤੀਆਂ ਗਈਆਂ ਹਨ। •

ਮੋਬਾਈਲ 94630-71919

### ਖ਼ਰੀਦ ਦਾ ਲਵੋ ਬਿੱਲ

*ਬੀਜ ਦੀ ਖ਼ਰੀਦ ਖੇਤੀਬਾੜੀ ਵਿਭਾਗ, ਪੀਏਯੂ ਜਾਂ ਲਾਇਸੰਸ-ਹੋਲਡਰ ਬੀਜ ਵਿਕ੍ਰੇਤਾ ਪਾਸੋਂ ਹੀ ਕਰੋ। ਇਸ ਵਾਰ ਪੀਆਰ-126 ਕਿਸਮ ਦੀ ਮੰਗ ਵਧੇਰੇ ਹੋਣ ਕਾਰਨ ਬੀਜ ਵਿਕ੍ਰੇਤਾ ਇਸ ਕਿਸਮ ਦੇ ਨਾਂ ਹੇਠ ਹੋਰ ਕਿਸੇ ਬੀਜ ਦੀ ਵਿਕਰੀ ਨਾ ਕਰਨ, ਇਸ ਲਈ ਕਿਸਾਨਾਂ ਨੂੰ ਸੁਚੇਤ ਹੋਣ ਦੀ ਲੋੜ ਹੈ। ਬੀਜ ਦੀ ਖ਼ਰੀਦ ਸਮੇਂ ਬਿੱਲ ਜ਼ਰੂਰ ਲਵੋ ਤੇ ਇਸ ਨੂੰ ਸੰਭਾਲ ਕੇ ਰੱਖੋ। ਇਸ ਤੋਂ ਇਲਾਵਾ ਬੀਜ ਵਾਲਾ ਥੈਲਾ ਤੇ ਇਕ ਕਿੱਲੋ ਬੀਜ ਦਾ ਨਮੂਨਾ ਵੀ ਸਾਂਭ ਲਵੋ, ਤਾਂ ਜੋ ਬਾਅਦ ਵਿਚ ਜੇ ਕੋਈ ਸਮੱਸਿਆ ਆਵੇ ਤਾਂ ਲੋੜੀਂਦੀ ਕਾਰਵਾਈ ਸਮੇਂ ਇਨ੍ਹਾਂ ਦੀ ਵਰਤੋਂ ਕੀਤੀ ਜਾ ਸਕੇ। ਜੇ ਘਰੇਲੂ ਪੱਧਰ 'ਤੇ ਝੋਨੇ ਜਾਂ ਬਾਸਮਤੀ ਦਾ ਬੀਜ ਸੰਭਾਲ ਕੇ ਰੱਖਿਆ ਹੈ ਤਾਂ ਉਸ ਦੀ ਖੇਤੀਬਾੜੀ ਵਿਭਾਗ ਦੀਆਂ ਬੀਜ ਪਰਖ ਪ੍ਰਯੋਗਸ਼ਾਲਾਵਾਂ ਤੋਂ ਪਰਖ ਕਰਵਾ ਲਈ ਜਾਵੇ। ਨਾਮਾਤਰ ਫੀਸ ਨਾਲ ਅਜਿਹੀ ਪਰਖ ਆਸਾਨੀ ਨਾਲ ਕਰਵਾਈ ਜਾ ਸਕਦੀ ਹੈ।*



## ਵਰਮੀਕੰਪੋਸਟ ਇਕ ਮੁਕੰਮਲ ਖਾਦ

• ਡਾ. ਸੁਖਦੀਪ ਸਿੰਘ ਹੁੰਦਲ

*ਦੇਸ਼ 'ਚ ਰਸਾਇਣਕ ਖਾਦਾਂ ਦਾ ਉਤਪਾਦਨ ਘੱਟ ਹੋਣ ਕਾਰਨ ਵਿਦੇਸ਼ਾਂ 'ਤੇ ਨਿਰਭਰਤਾ ਵਧੀ ਹੈ। ਖਾਦਾਂ ਦੀਆਂ ਕੀਮਤਾਂ ਵੀ ਅਸਮਾਨ ਛੋਹਣ ਲੱਗੀਆਂ ਹਨ। ਅਜਿਹੀ ਸਥਿਤੀ ਵਿਚ ਜ਼ਰੂਰੀ ਹੈ ਕਿ ਰਸਾਇਣਕ ਖਾਦਾਂ ਉੱਪਰ ਨਿਰਭਰਤਾ ਘਟਾਉਣ ਲਈ ਗੰਡੋਇਆਂ ਦੀ ਖਾਦ (ਵਰਮੀਕੰਪੋਸਟ) ਦੀ ਵਰਤੋਂ ਕੀਤੀ ਜਾਵੇ...*

ਅੱਜ ਜਦੋਂ ਵੀ ਉਤਪਾਦਨ ਵਿਚ ਵਾਧੇ ਦੀ ਗੱਲ ਕੀਤੀ ਜਾਂਦੀ ਹੈ ਤਾਂ ਸਭ ਤੋਂ ਪਹਿਲਾਂ ਸਾਡਾ ਧਿਆਨ ਰਸਾਇਣਕ ਖਾਦਾਂ ਦੀ ਵਰਤੋਂ ਵੱਲ ਹੀ ਜਾਂਦਾ ਹੈ, ਕਿਉਂਕਿ ਇਹ ਬਾਜ਼ਾਰ ਵਿੱਚੋਂ ਆਸਾਨੀ ਨਾਲ ਮਿਲ ਜਾਂਦੀ ਹੈ। ਰਸਾਇਣਕ ਖਾਦਾਂ ਵਿੱਚੋਂ ਤਿੰਨ ਮੁੱਖ ਤੱਤ-ਨਾਈਟਰੋਜਨ, ਫਾਸਫੋਰਸ ਅਤੇ ਪੋਟਾਸ਼ ਦੀ ਪੂਰਤੀ ਵਧੇਰੇ ਕੀਤੀ ਜਾਂਦੀ ਹੈ। ਇਨ੍ਹਾਂ ਤੱਤਾਂ ਦੀ ਲਗਾਤਾਰ ਵਰਤੋਂ ਕੀਤੇ ਜਾਣ ਕਾਰਨ ਜ਼ਮੀਨ ਦੀ ਭੌਤਿਕ ਸਥਿਤੀ ਅਤੇ ਪੈਦਾਵਾਰ ਉੱਪਰ ਮਾੜਾ ਅਸਰ ਵੇਖਣ ਨੂੰ ਮਿਲ ਰਿਹਾ ਹੈ। ਇਸ ਦੇ ਨਤੀਜੇ ਵਜੋਂ ਜ਼ਮੀਨ ਵਿਚ ਲਘੂ ਤੱਤਾਂ ਅਤੇ ਜੈਵਿਕ ਤੱਤਾਂ ਦੀ ਘਾਟ ਕਾਰਨ ਜ਼ਮੀਨ ਦੀ ਸਿਹਤ ਵਿਚ ਲਗਾਤਾਰ ਵਿਗਾੜ ਪੈਦਾ ਹੋ ਰਹੇ ਹਨ।

### ਖਾਦ ਲਈ ਗੰਡੋਇਆਂ ਦੀ ਕਿਸਮ

ਗੰਡੋਆ ਖਾਦ ਤਿਆਰ ਕਰਨ ਲਈ ਗੰਡੋਏ ਦੀ ਕਿਸਮ 'ਏਸੀਨੀਆ ਫੋਟਿਡਾ' ਦੀ ਵਰਤੋਂ ਕੀਤੀ ਜਾਂਦੀ ਹੈ। ਇਹ ਕਿਸਮ ਬਾਕੀ ਕਿਸਮਾਂ ਨਾਲੋਂ ਆਸਾਨੀ ਨਾਲ ਪਾਲੀ ਜਾ ਸਕਦੀ ਹੈ। ਇਸ ਦੀ ਲੰਬਾਈ 3-4 ਇੰਚ ਅਤੇ ਭਾਰ 0.5 ਤੋਂ 1.0 ਗ੍ਰਾਮ ਤਕ ਹੁੰਦਾ ਹੈ। ਇਹ ਕਿਸਮ ਘੱਟ ਸਮੇਂ ਵਿਚ ਆਪਣਾ ਨਸਲੀ ਵਾਧਾ ਕਰ ਲੈਂਦੀ ਹੈ ਅਤੇ ਨਤੀਜੇ ਵਜੋਂ ਇਸ ਕਿਸਮ ਦੇ ਗੰਡੋਏ ਜਲਦੀ ਖਾਦ ਤਿਆਰ ਕਰਦੇ ਹਨ।



### ਗੰਡੋਆ ਖਾਦ-ਸਮੇਂ ਦੀ ਮੁੱਖ ਲੋੜ

ਅਜੋਕੇ ਸਮੇਂ ਜਦੋਂ ਦੇਸ਼ ਵਿਚ ਰਸਾਇਣਕ ਖਾਦਾਂ ਦਾ ਉਤਪਾਦਨ ਘੱਟ ਹੋਣ ਕਾਰਨ ਵਿਦੇਸ਼ਾਂ 'ਤੇ ਨਿਰਭਰਤਾ ਵਧੀ ਹੈ। ਇਨ੍ਹਾਂ ਦੀਆਂ ਕੀਮਤਾਂ ਵੀ ਅਸਮਾਨ ਛੋਹਣ ਲੱਗੀਆਂ ਹਨ। ਅਜਿਹੀ ਸਥਿਤੀ ਵਿਚ ਇਹ ਜ਼ਰੂਰੀ ਹੋ ਗਿਆ ਹੈ ਕਿ ਰਸਾਇਣਕ ਖਾਦਾਂ ਉੱਪਰ ਨਿਰਭਰਤਾ ਘਟਾਈ ਜਾਵੇ ਅਤੇ ਜ਼ਮੀਨ ਵਿਚ ਕੁਦਰਤੀ ਖਾਦਾਂ, ਜਿਵੇਂ ਰੂੜੀ ਦੀ ਦੇਸੀ ਖਾਦ, ਹਰੀ ਖਾਦ ਅਤੇ ਗੰਡੋਇਆਂ ਦੀ ਖਾਦ (ਵਰਮੀਕੰਪੋਸਟ) ਦੀ ਵਰਤੋਂ ਕੀਤੀ ਜਾਵੇ ਤਾਂ ਜੋ ਜ਼ਮੀਨ ਨੂੰ ਲੋੜੀਂਦੇ ਸਾਰੇ ਪੌਸ਼ਟਿਕ ਤੱਤਾਂ ਦੀ ਪੂਰਤੀ ਦੇ ਨਾਲ-ਨਾਲ ਜੈਵਿਕ ਤੱਤਾਂ ਦੀ ਵੀ ਪੂਰਤੀ ਕੀਤੀ ਜਾ ਸਕੇ। ਰੂੜੀ ਦੀ ਦੇਸੀ ਖਾਦ ਘੱਟੋ ਘੱਟ ਇਕ ਸਾਲ ਪੁਰਾਣੀ ਹੋਣੀ ਚਾਹੀਦੀ ਹੈ। ਕੱਚਾ ਗੋਹਾ ਸਿਓਂਕ ਨੂੰ ਖੁੱਲ੍ਹਾ ਸੱਦਾ ਦੇਣ ਵਾਲੀ ਗੱਲ ਹੋਵੇਗੀ। ਘਣੀ ਖੇਤੀ ਕਾਰਨ ਹਰੀ ਖਾਦ ਦਾ ਰੁਝਾਨ ਵੀ ਘਟਦਾ ਜਾ ਰਿਹਾ ਹੈ। ਇਸ ਲਈ ਜ਼ਮੀਨ ਵਿੱਚੋਂ ਲਘੂ ਅਤੇ ਜੈਵਿਕ ਤੱਤਾਂ ਦੀ ਘਾਟ ਨੂੰ ਪੂਰਾ ਕਰਨ ਲਈ ਗੰਡੋਆ ਖਾਦ ਜਾਂ ਵਰਮੀਕੰਪੋਸਟ ਨੂੰ ਅਸੀ ਆਸਾਨੀ ਨਾ ਘਰ ਜਾਂ ਖੇਤ ਵਿਚ ਲੋੜ ਅਨੁਸਾਰ ਤਿਆਰ ਕਰ ਸਕਦੇ ਹਾਂ।

### ਕਿਵੇਂ ਤਿਆਰ ਕੀਤੀ ਜਾਵੇ ਖਾਦ?

ਗੰਡੋਆ ਖਾਦ ਤਿਆਰ ਕਰਨ ਲਈ ਅਜਿਹੀ ਥਾਂ ਦੀ ਚੋਣ ਕਰਨੀ ਚਾਹੀਦੀ ਹੈ ਜਿੱਥੇ ਪੱਕੇ ਸ਼ੈੱਡ ਜਾਂ ਕਾਨਿਆਂ ਦੀ ਛੰਨ ਜਾਂ ਦਰੱਖ਼ਤਾਂ ਦੀ ਛਾਂ ਹੋਵੇ ਤਾਂ ਕਿ ਗੰਡੋਇਆਂ ਨੂੰ ਸਿੱਧੀ ਧੁੱਪ, ਗਰਮੀ ਅਤੇ ਮੀਂਹ ਆਦਿ ਤੋਂ ਬਚਾਇਆ ਜਾ ਸਕੇ, ਕਿਉਂਕਿ ਗੰਡੋਏ ਆਪਣੀ ਚਮੜੀ ਰਾਹੀ ਆਕਸੀਜਨ ਲੈਂਦੇ ਹਨ ਅਤੇ ਸਿੱਧੀ ਧੁੱਪ ਪੈਣ ਨਾਲ ਇਹ ਮਰ ਜਾਂਦੇ ਹਨ। ਅਜਿਹੀ ਥਾਂ 'ਤੇ 10 ਫੁੱਟ ਲੰਬਾ, 3 ਫੁੱਟ ਚੌੜਾ ਅਤੇ 2.5 ਫੁੱਟ ਡੂੰਘਾ ਇੱਟਾਂ ਦਾ ਖੁਰਲੀਨੁਮਾ ਬੈੱਡ ਬਣਾਇਆ ਜਾਂਦਾ ਹੈ। ਬੈੱਡ ਦੀ ਲੰਬਾਈ ਜਗ੍ਹਾਂ ਅਨੁਸਾਰ ਵਧਾਈ ਜਾ ਸਕਦੀ ਹੈ ਪਰ ਚੌੜਾਈ ਅਤੇ ਉਚਾਈ ਏਨੀ ਹੀ ਰੱਖਣੀ ਚਾਹੀਦੀ ਹੈ। ਬੈੱਡ ਦੀ ਹੇਠਲੀ ਤਹਿ 'ਤੇ ਇੱਟਾਂ ਜਾਂ ਰੇਤ, ਸੀਮਿੰਟ, ਬਜਰੀ ਨਾਲ ਫਰਸ਼ ਲਾ ਦਿੱਤਾ ਜਾਂਦਾ ਹੈ ਤਾਂ ਜੋ ਗੰਡੋਏ ਜ਼ਮੀਨ ਵਿਚ ਨਾ ਜਾ ਸਕਣ। ਇਸ ਬੈੱਡ ਵਿਚ 2-3 ਦਿਨ ਪੁਰਾਣਾ ਗੋਹਾ, ਪੱਤੇ ਅਤੇ ਹੋਰ ਖੇਤੀ ਰਹਿੰਦ-ਖੂੰਹਦ ਪਾ ਦਿੱਤੀ ਜਾਂਦੀ ਹੈ।

ਇਸ ਬੈੱਡ ਵਿਚ ਇਕ ਵਰਗ ਮੀਟਰ ਰਕਬੇ 'ਚ ਲਗਪਗ ਇਕ ਹਜ਼ਾਰ ਗੰਡੋਏ ਪਾ ਦਿੱਤੇ ਜਾਂਦੇ ਹਨ। ਬੈੱਡ ਦਾ ਤਾਪਮਾਨ 25 ਤੋਂ 35 ਡਿਗਰੀ ਸੈਂਟੀਗ੍ਰੇਡ ਹੋਣਾ ਚਾਹੀਦਾ ਹੈ। ਬੈੱਡ ਵਿਚ ਤਾਜ਼ਾ ਗੋਹਾ ਨਹੀ ਪਾਉਣਾ ਚਾਹੀਦਾ, ਕਿਉਂਕਿ ਇਸ ਦਾ ਤਾਪਮਾਨ ਵਧੇਰੇ ਹੋਣ ਕਾਰਨ ਗੰਡੋਏ ਮਰ ਸਕਦੇ ਹਨ। ਇਸ ਤੋਂ ਬਾਅਦ ਬੈੱਡ ਨੂੰ ਪੱਤਿਆਂ, ਬੋਰੀਆਂ ਆਦਿ ਨਾਲ ਢਕ ਦੇਣਾ ਚਾਹੀਦਾ ਹੈ ਤਾਂ ਕਿ ਗੰਡੋਏ ਹਨੇਰੇ ਵਿਚ ਰਹਿ ਕੇ ਪੱਤੇ ਅਤੇ ਗੋਹਾ ਆਦਿ ਖਾ ਕੇ ਖਾਦ ਬਣਾਉਂਦੇ ਰਹਿਣ।



*ਵਰਮੀਕੰਪੋਸਟ ਬੈੱਡ ਵਿਚ ਇਕ ਵਰਗ ਮੀਟਰ ਰਕਬੇ 'ਚ ਲਗਪਗ ਇਕ ਹਜ਼ਾਰ ਗੰਡੋਏ ਪਾ ਦਿੱਤੇ ਜਾਂਦੇ ਹਨ। ਬੈੱਡ ਦਾ ਤਾਪਮਾਨ 25 ਤੋਂ 35 ਡਿਗਰੀ ਸੈਂਟੀਗ੍ਰੇਡ ਹੋਣਾ ਚਾਹੀਦਾ ਹੈ। ਬੈੱਡ ਵਿਚ ਤਾਜ਼ਾ ਗੋਹਾ ਨਹੀਂ ਪਾਉਣਾ ਚਾਹੀਦਾ...*

### ਵਰਮੀਕੰਪੋਸਟ ਦੇ ਫ਼ਾਇਦੇ

ਗੰਡੋਆ ਖਾਦ ਜ਼ਮੀਨ ਦੀ ਉਪਜਾਊ ਸ਼ਕਤੀ ਵਧਾਉਣ ਵਿਚ ਮਦਦ ਕਰਦੀ ਹੈ ਅਤੇ ਪਸ਼ੂਆਂ ਦਾ ਗੋਹਾ ਤੇ ਫ਼ਸਲੀ ਰਹਿੰਦ-ਖੂੰਹਦ ਦਾ ਵੀ ਵੀ ਉਚਿਤ ਨਿਪਟਾਰਾ ਹੋ ਜਾਂਦਾ ਹੈ। ਇਸ ਖਾਦ ਦੀ ਵਰਤੋਂ ਨਾਲ ਖੇਤੀ ਵਿਚ ਰਸਾਇਣਕ ਖਾਦਾਂ 'ਤੇ ਨਿਰਭਰਤਾ ਵੀ ਘਟੇਗੀ ਅਤੇ ਨਦੀਨ ਵੀ ਘੱਟ ਪੈਦਾ ਹੋਣਗੇ। ਇਸ ਤੋਂ ਇਲਾਵਾ ਸਿਉਂਕ ਦਾ ਖ਼ਤਰਾ ਵੀ ਘਟਦਾ ਹੈ ਅਤੇ ਜ਼ਮੀਨ ਦੀ ਸਿਹਤ ਵਿਚ ਵੀ ਸੁਧਾਰ ਹੁੰਦਾ ਹੈ।

ਗੰਡੋਆ ਖਾਦ ਵਿਚ 1.0 ਤੋਂ 2.25 ਫ਼ੀਸਦੀ ਨਾਈਟਰੋਜਨ, 1.0 ਤੋਂ 1.5 ਫ਼ੀਸਦੀ ਫਾਸਫੋਰਸ, 2.0 ਤੋਂ 3.0 ਫ਼ੀਸਦੀ ਪੋਟਾਸ਼ ਅਤੇ ਕੈਲਸ਼ੀਅਮ, ਮੈਗਨੀਸ਼ੀਅਮ, ਲੋਹਾ, ਜ਼ਿੰਕ, ਬੋਰੋਨ, ਤਾਂਬਾ ਆਦਿ ਲਘੂ ਤੱਤ ਵੀ ਕਾਫੀ ਮਾਤਰਾ ਵਿਚ ਹੁੰਦੇ ਹਨ। ਗੰਡੋਆ ਖਾਦ ਦੀ ਵਰਤੋਂ ਫ਼ਸਲਾਂ ਵਿਚ 20 ਕੁਇੰਟਲ ਪ੍ਰਤੀ ਏਕੜ, ਸਬਜ਼ੀਆਂ ਵਿਚ 15 ਤੋਂ 20 ਕੁਇੰਟਲ ਪ੍ਰਤੀ ਏਕੜ, ਫਲਦਾਰ ਬੂਟਿਆਂ ਨੂੰ 1 ਤੋਂ 20 ਕਿੱਲੋ (ਬੂਟੇ ਦੀ ਉਮਰ ਅਨੁਸਾਰ) ਅਤੇ ਗਮਲਿਆਂ ਨੂੰ 100 ਤੋਂ 250 ਗ੍ਰਾਮ ਪ੍ਰਤੀ ਪੌਦਾ ਪਾਉਣੀ ਚਾਹੀਦੀ ਹੈ।

ਬਾਗ਼ਬਾਨੀ ਵਿਭਾਗ ਪੰਜਾਬ ਵੱਲੋਂ ਗੰਡੋਆ ਖਾਦ ਤਿਆਰ ਕਰਨ ਵਾਸਤੇ ਬੈੱਡ ਬਣਾਉਣ ਲਈ ਵਿੱਤੀ ਸਹਾਇਤਾ ਦਿੰਦਾ ਹੈ। ਕਿਸਾਨ ਅਤੇ ਬਾਗ਼ਬਾਨ ਇਸ ਦਾ ਲਾਭ ਲੈ ਸਕਦੇ ਹਨ।

ਮੋਬਾਈਲ 75080-18842

### ਦੋ ਮਹੀਨੇ 'ਚ ਤਿਆਰ ਹੋਵੇਗੀ ਵਰਮੀਕੰਪੋਸਟ

ਬੈੱਡ ਵਿਚ 40-60 ਫ਼ੀਸਦੀ ਨਮੀ ਰੱਖਣ ਲਈ ਗਰਮੀਆਂ ਵਿਚ ਦੋ ਵਾਰ ਅਤੇ ਸਰਦੀਆਂ ਵਿਚ ਇਕ ਵਾਰ ਪਾਣੀ ਦਾ ਛਿੜਕਾਅ ਜ਼ਰੂਰ ਕਰਨਾ ਚਾਹੀਦਾ ਹੈ। ਗੰਡੋਏ ਬੈੱਡ ਵਿਚ ਗੋਹੇ ਅਤੇ ਹੋਰ ਰਹਿੰਦ-ਖੂੰਹਦ ਨੂੰ ਖਾਂਦੇ ਹੋਏ ਉੱਪਰ ਤੋਂ ਹੇਠਾਂ ਵੱਲ ਜਾਂਦੇ ਰਹਿੰਦੇ ਹਨ ਅਤੇ ਇਸ ਨੂੰ ਦੋ ਮਹੀਨਿਆਂ ਵਿਚ ਖਾਦ 'ਚ ਤਬਦੀਲ ਕਰ ਦਿੰਦੇ ਹਨ। ਜਦੋਂ ਖਾਦ ਭੁਰਭੁਰੀ ਜਿਹੀ ਹੋ ਜਾਵੇ ਤਾਂ ਬੈੱਡ ਨੂੰ ਪਾਣੀ ਲਗਾਉਣਾ ਬੰਦ ਕਰ ਦੇਵੋ ਤਾਂ ਕਿ ਗੰਡੋਏ ਹੇਠਾਂ ਵੱਲ ਚਲੇ ਜਾਣ। ਬੈੱਡ ਦੇ ਉੱਪਰਲੀ ਖਾਦ ਇਕੱਠੀ ਕਰ ਲਵੋ ਅਤੇ ਗੰਡੋਇਆਂ ਨੂੰ ਬੈੱਡ ਵਿਚ ਹੀ ਇਕ ਪਾਸੇ ਛਾਨਣੇ ਨਾਲ ਛਾਣ ਕੇ ਵੱਖ ਕਰ ਦੇਵੋ। ਇਸ ਤਰ੍ਹਾਂ ਇਕ ਚੱਕਰ ਪੂਰਾ ਹੋ ਜਾਂਦਾ ਹੈ। ਮੁੜ ਬੈੱਡ ਵਿਚ ਗੋਹਾ ਅਤੇ ਜੈਵਿਕ ਰਹਿੰਦ-ਖੂੰਹਦ ਪਾਕੇ ਕੇ ਇਸ ਵਿਚ ਗੰਡੋਏ ਰਲਾ ਦੇਵੋ।

# ਪੰਜਾਬ ਸਰਕਾਰ; ਕਿਰਤੀਆਂ ਦੀ ਭਲਾਈ ਦੀ ਸਰਕਾਰ: ਸੌਂਦ

**➢ ਉਸਾਰੀ ਅਤੇ ਇਮਾਰਤੀ ਕਿਰਤੀਆਂ ਦੀ ਭਲਾਈ ਲਈ ਪੰਜਾਬ ਸਰਕਾਰ ਵੱਲੋਂ ਕਈ ਉਪਰਾਲੇ ➢ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ 1 ਲੱਖ 30 ਹਜ਼ਾਰ ਉਸਾਰੀ ਕਾਮਿਆਂ ਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਕਵਰ ਕੀਤਾ ➢ ਹੁਣ ਕਾਮੇ ਨਿੱਜੀ ਹਸਪਤਾਲਾਂ ਵਿੱਚ ਵੀ ਸਰਜਰੀਆਂ, ਆਪ੍ਰੇਸ਼ਨ ਆਦਿ ਮੁਫ਼ਤ ਕਰਵਾ ਸਕਦੇ ਹਨ ➢ ਸਿਰਫ਼ 4 ਮਹੀਨਿਆਂ ਵਿੱਚ 80,000 ਲੇਬਰ ਅਤੇ ਹੋਰ ਭਲਾਈ ਸਕੀਮ ਕਾਰਡ ਜਾਰੀ ਕੀਤੇ**

**ਚੰਡੀਗੜ੍ਹ, 5 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਕਿਰਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਮਈ ਦਿਵਸ ’ਤੇ ਸਾਰੇ ਕਿਰਤੀਆਂ ਨੂੰ ਵਧਾਈ ਦਿੱਤੀ ਹੈ। ਸਥਾਨਕ ਪੰਜਾਬ ਭਵਨ ਵਿਖੇ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਕਿਰਤੀਆਂ ਦੀ ਭਲਾਈ ਲਈ ਅਤੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਕਈ ਪਹਿਲ ਕਦਮੀਆਂ ਕੀਤੀਆਂ ਹਨ ਅਤੇ ਕਈ ਭਲਾਈ ਸਕੀਮਾਂ ਚਲਾਈਆਂ ਜਾ ਰਹੀਆਂ ਹਨ।

ਉਨ੍ਹਾਂ ਦੱਸਿਆ ਕਿ ਬਿਲਡਿੰਗ ਐਂਡ ਅਦਰ ਕੰਸਟਰੱਕਸ਼ਨ ਵਰਕਰਜ਼ ਵੈਲਫੇਅਰ ਬੋਰਡ ਵਲੋਂ 41 ਹਜ਼ਾਰ ਤੋਂ ਜ਼ਿਆਦਾ ਰਜਿਸਟਰਡ ਕਿਰਤੀਆਂ ਨੂੰ ਵੱਖ-ਵੱਖ ਸਕੀਮਾਂ ਤਹਿਤ ਪਿਛਲੇ ਵਿੱਤੀ ਸਾਲ ਵਿੱਚ ਕਰੀਬ 90 ਕਰੋੜ ਰੁਪਏ ਵੰਡੇ ਜਾ ਚੁੱਕੇ ਹਨ। ਇਸ ਵਿੱਚ ਸਭ ਤੋਂ ਵੱਧ 45 ਕਰੋੜ ਰੁਪਏ ਉਸਾਰੀ ਕਾਮਿਆਂ ਦੇ ਬੱਚਿਆਂ ਲਈ ਸਿੱਖਿਆ ਵਜ਼ੀਫ਼ਾ, ਐਕਸ-ਗ੍ਰੇਸ਼ੀਆ ਤਹਿਤ 28 ਕਰੋੜ ਰੁਪਏ, ਸਿਹਤ ਬੀਮਾ ਤੇ ਸਰਜਰੀ ਲਈ 11 ਕਰੋੜ ਰੁਪਏ ਅਤੇ ਬਾਲੜੀ ਤੋਹਫਾ ਸਕੀਮ ਤਹਿਤ 85 ਲੱਖ ਰੁਪਏ ਤੋਂ ਵੱਧ ਦੀ ਰਾਸ਼ੀ ਵੰਡੀ ਗਈ ਹੈ। ਇਸੇ ਤਰ੍ਹਾਂ ਲੇਬਰ ਵੈਲਫੇਅਰ ਬੋਰਡ ਵਲੋਂ ਵੀ ਇਸ ਸਮੇਂ ਦੌਰਾਨ 6,737 ਲਾਭ ਪਾਤਰੀਆਂ ਨੂੰ 17.15 ਕਰੋੜ ਰੁਪਏ ਜਾਰੀ ਕੀਤੇ ਗਏ ਹਨ।

ਉਨ੍ਹਾਂ ਦੱਸਿਆ ਕਿ ਲੇਬਰ ਕਾਰਡ ਤੇ ਸਕੀਮਾਂ ਨਾਲ ਸਬੰਧਤ ਕਿਰਤੀਆਂ ਦੀਆਂ ਪੈਂਡਿੰਗ ਪਈਆਂ 80 ਹਜ਼ਾਰ ਅਰਜ਼ੀਆਂ ਦਾ ਜਨਵਰੀ ਤੋਂ ਅਪ੍ਰੈਲ ਤੱਕ ਦੇ 4 ਮਹੀਨਿਆਂ ਦੇ ਅੰਦਰ ਨਿਪਟਾਰਾ ਕਰ ਦਿੱਤਾ ਗਿਆ ਹੈ। ਪਹਿਲਾਂ ਇਹ ਗਿਣਤੀ 1 ਲੱਖ 10 ਹਜ਼ਾਰ ਸੀ ਜੋ ਕਿ ਹੁਣ ਸਿਰਫ 30,000 ਰਹਿ ਗਈ ਹੈ।

ਇਸ ਤੋਂ ਇਲਾਵਾ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਤਹਿਤ 1 ਲੱਖ 30 ਹਜ਼ਾਰ ਉਸਾਰੀ ਕਾਮਿਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਕਵਰ ਕੀਤਾ ਗਿਆ ਹੈ। ਇਸ ਯੋਜਨਾ ਤਹਿਤ ਪ੍ਰਤੀ ਪਰਿਵਾਰ ਗੰਭੀਰ ਬਿਮਾਰੀਆਂ ਦੇ ਇਲਾਜ ਲਈ 5 ਲੱਖ ਰੁਪਏ ਤੱਕ ਦਾ ਸਿਹਤ ਬੀਮਾ ਮਿਲਦਾ ਹੈ। ਜਿਸ ਵਿੱਚ ਦਿਲ ਦੀ ਦੇਖਭਾਲ, ਕੈਂਸਰ ਦਾ ਇਲਾਜ, ਨਿਊਰੋ ਸਰਜਰੀ, ਆਰਥੋਪੀਡਿਕ (ਹੱਡੀਆਂ) ਸਰਜਰੀਆਂ ਅਤੇ ਡਾਇਲਸਿਸ ਅਤੇ ਗੁਰਦੇ ਦੀ ਦੇਖਭਾਲ ਸ਼ਾਮਲ ਹੈ।

ਸੌਂਦ ਨੇ ਕਿਹਾ ਕਿ ਵਿੱਤੀ ਸਾਲ 2024-25 ਵਿੱਚ ਰਿਕਾਰਡ 287 ਕਰੋੜ ਰੁਪਏ ਲੇਬਰ ਸੈੱਸ ਵੱਜੋਂ ਇਕੱਠਾ ਕੀਤੇ ਗਏ ਹਨ। 4 ਸਾਲਾਂ ਦੌਰਾਨ ਇਹ ਰਾਸ਼ੀ ਸਭ ਤੋਂ ਵੱਧ ਹੈ। 2021-22 ਵਿੱਚ 203.94 ਕਰੋੜ ਰੁਪਏ, 2022-23 ਵਿੱਚ 208.92 ਕਰੋੜ ਰੁਪਏ ਅਤੇ 2023-24 ਵਿੱਚ 180 ਕਰੋੜ ਰੁਪਏ ਲੇਬਰ ਸੈੱਸ ਇਕੱਠਾ ਕੀਤਾ ਗਿਆ ਸੀ।

ਸੌਂਦ ਨੇ ਦੱਸਿਆ ਕਿ ਕਿਰਤੀਆਂ ਨੂੰ ਦਿੱਤੀਆਂ ਜਾਣ ਵਾਲੀਆਂ ਕਈ ਭਲਾਈ ਸਕੀਮਾਂ ਦਾ ਮੌਜੂਦਾ ਸਰਕਾਰ ਦੌਰਾਨ ਸਰਲੀਕਰਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਉਸਾਰੀ ਕਿਰਤੀ ਭਲਾਈ ਬੋਰਡ ਦੀ ਸ਼ਗਨ ਸਕੀਮ ਵਿੱਚ ਪਹਿਲਾਂ ਰਜਿਸਟਰਡ ਮੈਰਿਜ ਸਰਟੀਫਿਕੇਟ ਤਹਿਸੀਲਦਾਰ ਤੋਂ ਲੈਣਾ ਲਾਜ਼ਮੀ ਸੀ, ਜੋ ਕਿ ਹੁਣ ਖਤਮ ਕਰ ਦਿੱਤਾ ਗਿਆ ਹੈ। ਇਸ ਦੀ ਥਾਂ ਹੁਣ



ਸਿਰਫ ਧਾਰਮਿਕ ਸੰਸਥਾਵਾਂ ਜਿੱਥੇ ਵਿਆਹ ਦੀ ਰਸਮ ਹੋਈ ਹੋਵੇ, ਦਾ ਸਰਟੀਫਿਕੇਟ ਅਤੇ ਦੋਵੇਂ ਪਰਿਵਾਰਾਂ ਦੇ ਮਾਪਿਆਂ ਵਲੋਂ ਸਵੈ-ਤਸਦੀਕ ਦਰਖਾਸਤ ਚਾਹੀਦੀ ਹੈ। ਇਸ ਸਕੀਮ ਤਹਿਤ 51,000 ਰੁਪਏ ਦਿੱਤੇ ਜਾਂਦੇ ਹਨ। ਇਸੇ ਤਰ੍ਹਾਂ ਔਰਤ ਉਸਾਰੀ ਮਜ਼ਦੂਰਾਂ ਨੂੰ 21,000 ਰੁਪਏ ਅਤੇ ਪੁਰਸ਼ ਉਸਾਰੀ ਮਜ਼ਦੂਰਾਂ ਨੂੰ 5000 ਰੁਪਏ ਜਣੇਪਾ ਲਾਭ ਵਜੋਂ ਪ੍ਰਦਾਨ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਲਾਭ ਲੈਣ ਲਈ ਹੁਣ ਸਿਰਫ ਬੱਚੇ ਦਾ ਜਨਮ ਸਰਟੀਫਿਕੇਟ ਦੇਣਾ ਲਾਜ਼ਮੀ ਕੀਤਾ ਗਿਆ ਹੈ। ਜਦਕਿ ਪਹਿਲਾਂ ਬਾਲ ਆਧਾਰ ਕਾਰਡ ਦੇਣਾ ਪੈਂਦਾ ਸੀ।

ਕਿਰਤ ਮੰਤਰੀ ਨੇ ਦੱਸਿਆ ਕਿ ਲੇਬਰ ਵੈਲਫੇਅਰ ਬੋਰਡ ਵਿੱਚ ਵੀ ਮੈਰਿਜ ਸਰਟੀਫਿਕੇਟ ਦੀ ਸ਼ਰਤ ਖ਼ਤਮ ਕਰ ਦਿੱਤੀ ਗਈ ਹੈ ਅਤੇ ਕੇਵਲ ਧਾਰਮਿਕ ਸੰਸਥਾ ਜਿੱਥੇ ਵਿਆਹ ਦੀ ਰਸਮ ਹੋਈ ਹੋਵੇ, ਦਾ ਸਰਟੀਫਿਕੇਟ ਅਤੇ ਫੋਟੋਗ੍ਰਾਫ ਨਾਲ ਇਸ ਸਕੀਮ ਦਾ ਲਾਭ ਲਿਆ ਜਾ ਸਕਦਾ ਹੈ। ਇਸ ਸਕੀਮ ਅਧੀਨ 31,000 ਰੁਪਏ ਦਾ ਲਾਭ ਦਿੱਤਾ ਜਾਂਦਾ ਹੈ। ਲੇਬਰ ਵੈਲਫੇਅਰ ਬੋਰਡ ਵੱਲੋਂ ਦਿੱਤੀ ਜਾਣ ਵਾਲੀ ਪ੍ਰਸੂਤਾ ਸਕੀਮ ਦਾ ਲਾਭ ਲੈਣ ਲਈ ਪਹਿਲਾਂ ਬੱਚੇ ਦੇ ਜਨਮ ਤੋਂ ਤਿੰਨ ਮਹੀਨੇ ਪਹਿਲਾਂ ਅਤੇ ਤਿੰਨ ਮਹੀਨੇ ਦੇ ਬਾਅਦ ਦੇ ਸਮੇਂ ਦੇ ਵਿੱਚ-ਵਿੱਚ ਅਪਲਾਈ ਕਰਨਾ ਹੁੰਦਾ ਸੀ। ਪਰ ਹੁਣ ਅਪਲਾਈ ਕਰਨ ਦਾ ਸਮਾਂ ਬੱਚੇ ਦੇ ਜਨਮ ਤੋਂ ਬਾਅਦ ਦੇ ਛੇ ਮਹੀਨੇ ਕਰ ਦਿੱਤਾ ਗਿਆ ਹੈ।

ਸੌਂਦ ਨੇ ਦੱਸਿਆ ਕਿ ਜਿਹੜੇ ਮਨਰੇਗਾ ਵਰਕਰਾਂ ਨੇ 90 ਦਿਨ ਤੋਂ ਵੱਧ ਕੰਮ ਕੀਤਾ ਹੈ, ਉਨ੍ਹਾਂ ਨੂੰ ਬਿਲਡਿੰਗ ਐਂਡ ਅਦਰ ਕੰਸਟਰੱਕਸ਼ਨ ਬੋਰਡ ਨਾਲ ਰਜਿਸਟਰ ਹੋਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ ਤਾਂ ਜੋ ਉਹ ਬੋਰਡ ਅਧੀਨ ਦਿੱਤੇ ਜਾਣ ਵਾਲੇ ਸਾਰੇ ਲਾਭ ਲੈ ਸਕਣ। ਇਸ ਤੋਂ ਇਲਾਵਾ ਫਾਰਮ ਨੰਬਰ 27 ਜੋ ਕਿ ਕਿਰਤੀ ਵਲੋਂ ਰਜਿਸਟਰ ਹੋਣ ਵੇਲੇ ਦੇਣਾ ਹੁੰਦਾ ਹੈ, ਨੂੰ ਹੋਰ ਆਸਾਨ ਕਰ ਦਿੱਤਾ ਗਿਆ ਹੈ ਤਾਂ ਜੋ ਆਮ ਕਿਰਤੀ ਵੀ ਇਸ ਨੂੰ ਪੰਜਾਬੀ ਜਾਂ ਹਿੰਦੀ ਵਿੱਚ ਭਰ ਸਕੇ।

ਉਨ੍ਹਾਂ ਦੱਸਿਆ ਕਿ ਕਿਰਤੀਆਂ ਦੇ ਬੱਚਿਆਂ ਨੂੰ ਦਿੱਤੀ ਜਾਣ ਵਾਲੀ ਵਜੀਫਾ ਸਕੀਮ ਲਈ ਵੀ ਸ਼ਰਤਾਂ ਸੌਖੀਆਂ ਕਰ ਦਿੱਤੀਆਂ ਗਈਆਂ ਹਨ। ਕਿਰਤੀਆਂ ਦੇ ਬੱਚਿਆਂ ਨੂੰ ਵਜ਼ੀਫਾ ਪ੍ਰਾਪਤ ਕਰਨ ਲਈ ਪਹਿਲਾਂ ਕਿਸੇ ਵੀ ਕਿਰਤੀ ਦਾ ਘੱਟੋ-ਘੱਟ ਦੋ ਸਾਲ ਤੋਂ ਲੇਬਰ ਵੈਲਫੇਅਰ ਬੋਰਡ ਨਾਲ ਰਜਿਸਟਰ ਹੋਣਾ ਲਾਜ਼ਮੀ ਸੀ ਪਰ ਹੁਣ ਇਹ ਸ਼ਰਤ ਖ਼ਤਮ ਕਰ ਦਿੱਤੀ ਗਈ ਹੈ। ਹੁਣ ਕੋਈ ਵੀ ਕਿਰਤੀ ਜੋ ਲੇਬਰ ਵੈਲਫੇਅਰ ਬੋਰਡ ਨਾਲ ਰਜਿਸਟਰ ਹੁੰਦਾ ਹੈ, ਉਹ ਆਪਣੇ ਬੱਚਿਆਂ ਦੇ ਵਜ਼ੀਫ਼ੇ ਲਈ ਅਪਲਾਈ ਕਰ ਸਕਦਾ ਹੈ ਅਤੇ ਵਜ਼ੀਫ਼ਾ ਪ੍ਰਾਪਤ ਕਰ ਸਕਦਾ ਹੈ।

ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਨੇ ਭਲਾਈ ਸਕੀਮਾਂ ਦਾ ਪ੍ਰੋਸੈਸਿੰਗ ਟਾਈਮ ਵੀ ਘਟਾ ਦਿੱਤਾ ਹੈ। ਪਹਿਲਾਂ ਸਾਰੀਆਂ ਸਕੀਮਾਂ ਐਸ.ਡੀ.ਐਮ. ਦੀ ਕਮੇਟੀ ਅਤੇ ਡਿਪਟੀ ਕਮਿਸ਼ਨਰ ਤੋਂ ਪ੍ਰਵਾਨ ਹੁੰਦੀਆਂ ਸਨ। ਹੁਣ ਸਿਰਫ਼ ਤਿੰਨ ਸਕੀਮਾਂ ਐਕਸ-ਗ੍ਰੇਸ਼ੀਆ, ਬਾਲੜੀ ਅਤੇ ਸ਼ਗਨ ਸਕੀਮਾਂ ਤੋਂ ਇਲਾਵਾ ਬਾਕੀ ਸਾਰੀਆਂ ਸਕੀਮਾਂ ਵਿੱਚ ਐਸ.ਡੀ.ਐਮ. ਕਮੇਟੀ ਅਤੇ ਡਿਪਟੀ ਕਮਿਸ਼ਨਰ ਦੀ ਪ੍ਰਵਾਨਗੀ ਹਟਾ ਦਿੱਤੀ ਗਈ ਹੈ। ਪਹਿਲਾਂ ਪ੍ਰਵਾਨਗੀਆਂ ਦੇ 9 ਪੱਧਰ ਸਨ ਜੋ ਕਿ ਹੁਣ ਸਿਰਫ 7 ਰਹਿ ਗਏ ਹਨ। ਇਸ ਨਾਲ ਲਾਭਪਾਤਰੀਆਂ ਨੂੰ ਮਿਲਣ ਵਾਲੀ ਰਾਸ਼ੀ 6 ਮਹੀਨਿਆਂ ਤੋਂ ਘਟ ਕੇ ਸਿਰਫ਼ ਇੱਕ ਮਹੀਨਾ ਹੋ ਜਾਵੇਗੀ।

ਤਰੁਨਪ੍ਰੀਤ ਸਿੰਘ ਸੌਂਦ ਨੇ ਪੰਜਾਬ ਦੇ ਉਨ੍ਹਾਂ ਸਾਰੇ ਕਿਰਤੀਆਂ ਨੂੰ, ਜਿਹੜੇ ਮਜ਼ਦੂਰੀ ਜਾਂ ਹੋਰ ਉਸਾਰੀ ਦਾ ਕੰਮ ਕਰਦੇ ਹਨ ਅਤੇ ਜਿਨ੍ਹਾਂ ਨੇ ਇੱਕ ਸਾਲ ਵਿੱਚ 90 ਦਿਨ ਤੋਂ ਵੱਧ ਕੰਮ ਕੀਤਾ ਹੈ, ਨੂੰ ਅਪੀਲ ਕੀਤੀ ਹੈ ਕਿ ਉਹ ਖੁਦ ਨੂੰ ਬਿਲਡਿੰਗ ਐਂਡ ਅਦਰ ਕੰਸਟਰੱਕਸ਼ਨ ਬੋਰਡ ਨਾਲ ਰਜਿਸਟਰ ਕਰਵਾਉਣ ਤਾਂ ਜੋ ਇਸ ਅਧੀਨ ਮਿਲਣ ਵਾਲੇ ਲਾਭਾਂ ਨੂੰ ਉਹ ਪ੍ਰਾਪਤ ਕਰ ਸਕਣ। ਇਹ ਰਜਿਸਟ੍ਰੇਸ਼ਨ ਸੇਵਾ ਕੇਂਦਰ ਵਿੱਚ ਜਾ ਕੇ ਜਾਂ ਗੂਗਲ ਪਲੇਅ ਸਟੋਰ ਤੇ ’ਕਿਰਤੀ ਸਹਾਇਕ ਐਪ’ ’ਤੇ ਜਾ ਕੇ ਕਰਵਾਈ ਜਾ ਸਕਦੀ ਹੈ।

ਉਨ੍ਹਾਂ ਨੇ ਪੰਜਾਬ ਦੇ ਸਾਰੇ ਉਦਯੋਗਪਤੀਆਂ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਆਪਣੇ ਕਾਮਿਆਂ ਨੂੰ ਲੇਬਰ ਵੈਲਫੇਅਰ ਬੋਰਡ ਨਾਲ ਰਜਿਸਟਰ ਕਰਵਾਉਣ ਅਤੇ ਉਨ੍ਹਾਂ ਨੂੰ ਮਿਲ ਸਕਣ ਵਾਲੀਆਂ ਭਲਾਈ ਸਕੀਮਾਂ ਲਈ ਅਪਲਾਈ ਕਰਵਾਉਣ।

## ਮੋਦੀ ਸਰਕਾਰ ਵੱਲੋਂ ਪੰਜਾਬ ਦੇ ਹੱਕਾਂ ’ਤੇ ਡਾਕਾ ਨਿੰਦਨਯੋਗ; ਪੰਜਾਬ ਦਾ ਪਾਣੀ ਬਚਾਉਣ ਲਈ ਲੜਾਈ ਜਾਰੀ ਰਹੇਗੀ: ਡਾ. ਬਲਜੀਤ ਕੌਰ

**ਚੰਡੀਗੜ੍ਹ, 5 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਜਨਤਾ ਪਾਰਟੀ (ਭਾਜਪਾ) ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਪੰਜਾਬ ਨੂੰ ਉਸਦੇ ਦਰਿਆਈ ਪਾਣੀ ਦੇ ਹੱਕ ਤੋਂ ਵਾਂਝਿਆਂ ਰੱਖਣ ਦੀ ਕੋਸ਼ਿਸ਼ ਨੂੰ ਸਖ਼ਤ ਨਿੰਦਣਯੋਗ ਕਰਾਰ ਦਿੰਦਿਆਂ ਪੰਜਾਬ ਦੀ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਇਹ ਕਦਮ ਲੋਕਤੰਤਰ ਤੇ ਸੰਘੀ ਢਾਂਚੇ ਦੀਆਂ ਮੂਲ ਭਾਵਨਾਵਾਂ ਦੇ ਖਿਲਾਫ ਹੈ।

ਉਨ੍ਹਾਂ ਕਿਹਾ ਕਿ ਪਾਣੀ ਪੰਜਾਬ ਦੀ ਜੀਵਨ ਰੇਖਾ ਹੈ ਅਤੇ ਇਸ ਧਰਤੀ ਦੀ ਰੀੜ੍ਹ ਉਸਦੇ ਮਿਹਨਤੀ ਕਿਸਾਨਾਂ ਤੇ ਮਜ਼ਦੂਰਾਂ ਦੀ ਦਿਨ-ਰਾਤ ਦੀ ਮਿਹਨਤ ਹੈ, ਜੋ ਪੂਰੀ ਤਰ੍ਹਾਂ ਖੇਤੀਬਾੜੀ ਅਤੇ ਪਾਣੀ ਉੱਤੇ ਨਿਰਭਰ ਕਰਦੇ ਹਨ।

ਅੰਤਰਰਾਸ਼ਟਰੀ ਮਜ਼ਦੂਰ ਦਿਵਸ ਦੇ ਮੌਕੇ ’ਤੇ ਡਾ. ਬਲਜੀਤ ਕੌਰ ਨੇ ਕੇਂਦਰ ਸਰਕਾਰ ਵੱਲੋਂ ਪੰਜਾਬ ਦੇ ਹਿੱਸੇ ਦਾ ਪਾਣੀ



ਹੋਰ ਰਾਜਾਂ ਨੂੰ ਦੇਣ ਦੀ ਕੋਸ਼ਿਸ਼ ਦੀ ਸਖਤ ਸ਼ਬਦਾਂ ’ਚ ਨਿੰਦਾ ਕਰਦਿਆਂ ਕਿਹਾ ਕਿ ਇਹ ਪੰਜਾਬ ਦੀ ਪਿੱਠ ’ਚ ਛੁਰਾ ਮਾਰਨ ਦੇ ਬਰਾਬਰ ਹੈ।

ਉਨ੍ਹਾਂ ਕਿਹਾ, ÷ਇਹ ਕੋਈ ਪਹਿਲੀ ਵਾਰ ਨਹੀਂ ਹੈ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਪੰਜਾਬ ਨਾਲ ਮਤਰੇਈ ਮਾਂ ਵਾਲਾ ਸਲੂਕ ਕੀਤਾ ਹੋਇਆ ਹੋਵੇ। ਮੋਦੀ ਸਰਕਾਰ ਲਗਾਤਾਰ ਪੰਜਾਬ ਵਿਰੋਧੀ ਨੀਤੀ ਅਪਣਾ ਰਹੀ ਹੈ ਅਤੇ ਸਾਡੇ ਰਾਜ ਦੇ ਜਾਇਜ਼ ਹੱਕਾਂ ਤੇ ਭਾਵਨਾਵਾਂ ਦੀ ਅਣਦੇਖੀ ਕਰ ਰਹੀ ਹੈ।

ਡਾ. ਬਲਜੀਤ ਕੌਰ ਨੇ ਜ਼ੋਰ ਦਿੰਦੇ ਹੋਏ ਕਿਹਾ ਕਿ ਪੰਜਾਬ, ਜੋ ਕਿ ਖੇਤੀ-ਪ੍ਰਧਾਨ ਸੂਬਾ ਹੈ, ਆਪਣੀ ਮਿੱਟੀ ਦੇ ਪਾਣੀ ’ਚੋਂ ਇਕ ਬੂੰਦ ਵੀ ਕਿਸੇ ਨੂੰ ਨਹੀਂ ਦੇ ਸਕਦਾ। ਪੰਜਾਬ ਦਾ ਕਿਸਾਨ ਤੇ ਮਜ਼ਦੂਰ ਹਮੇਸ਼ਾ ਆਪਣੇ ਹੱਕਾਂ ਲਈ ਲੜਦੇ ਆਏ ਹਨ ਅਤੇ ਭਵਿੱਖ ਵਿਚ ਵੀ ਕਿਸੇ ਵੀ ਹਾਲਤ ਵਿੱਚ ਇਹ ਜ਼ੁਲਮ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਹੋਰ ਕਿਹਾ ਕਿ ਇਹ ਫੈਸਲਾ ਕੇਵਲ ਪੰਜਾਬ ਹੀ ਨਹੀਂ, ਸਗੋਂ ਪੂਰੇ ਦੇਸ਼ ਦੇ ਅੰਨਦਾਤਿਆਂ ਅਤੇ ਮਜ਼ਦੂਰ ਵਰਗ ’ਤੇ ਸਿੱਧਾ ਹਮਲਾ ਹੈ। ਅਸੀਂ ਕੇਂਦਰ ਸਰਕਾਰ ਦੀ ਇਸ ਵਿਸ਼ਵਾਸਘਾਤੀ ਨੀਤੀ ਦਾ ਡੱਟ ਕੇ ਵਿਰੋਧ ਕਰਾਂਗੇ ਅਤੇ ਪੰਜਾਬ ਦੇ ਪਾਣੀ ਅਤੇ ਹੱਕਾਂ ਦੀ ਲੜਾਈ ਹਰ ਮੰਚ ’ਤੇ ਪੂਰੀ ਦਲੇਰੀ ਅਤੇ ਜਜ਼ਬੇ ਨਾਲ ਲੜਦੇ ਰਹਾਂਗੇ, ਉਨ੍ਹਾਂ ਕਿਹਾ।

## ਭਾਰਤੀ ਚੋਣ ਕਮਿਸ਼ਨ ਵੱਲੋਂ ਤਿੰਨ ਨਵੀਆਂ ਪਹਿਲਕਦਮੀਆਂ ਸ਼ੁਰੂ: ਸਿਬਿਨ ਸੀ

**ਵੋਟਰ ਸੂਚੀਆਂ ਨੂੰ ਅੱਪਡੇਟ ਕਰਨ ਲਈ ਮੌਤ ਰਜਿਸਟ੍ਰੇਸ਼ਨ ਦਾ ਡਾਟਾ ਇਲੈਕਟ੍ਰਾਨਿਕ ਢੰਗ ਨਾਲ ਕੀਤਾ ਜਾਵੇਗਾ ਪ੍ਰਾਪਤ**



**ਚੰਡੀਗੜ੍ਹ, 5 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਹੈ ਕਿ ਭਾਰਤੀ ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਦੀ ਸ਼ੁੱਧਤਾ ਨੂੰ ਬਿਹਤਰ ਬਣਾਉਣ ਅਤੇ ਨਾਗਰਿਕਾਂ ਲਈ ਵੋਟਿੰਗ ਪ੍ਰਕਿਰਿਆ ਨੂੰ ਵਧੇਰੇ ਸੁਵਿਧਾਜਨਕ ਬਣਾਉਣ ਦੇ ਉਦੇਸ਼ ਨਾਲ ਨਵੀਆਂ ਪਹਿਲਕਦਮੀਆਂ ਸ਼ੁਰੂ ਕੀਤੀਆਂ ਗਈਆਂ ਹਨ। ਇਹ ਪਹਿਲਕਦਮੀਆਂ ਭਾਰਤ ਦੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵੱਲੋਂ ਇਸ ਸਾਲ ਮਾਰਚ ਵਿੱਚ ਚੋਣ ਕਮਿਸ਼ਨਰ ਡਾ. ਸੁਖਬੀਰ ਸਿੰਘ ਸੰਧੂ ਅਤੇ ਡਾ. ਵਿਵੇਕ ਜੋਸ਼ੀ ਦੀ ਮੌਜੂਦਗੀ ਵਿੱਚ ਮੁੱਖ ਚੋਣ ਅਧਿਕਾਰੀਆਂ (ਸੀ.ਈ.ਓ.) ਦੀ ਕਾਨਫਰੰਸ ਦੌਰਾਨ ਵਿਚਾਰ ਕੀਤੇ ਉਪਰਾਲਿਆਂ ਦੇ ਅਨੁਸਾਰ ਹਨ।

ਕਮਿਸ਼ਨ ਵੱਲੋਂ ਹੁਣ ਰਜਿਸਟ੍ਰੇਸ਼ਨ ਆਫ਼ ਇਲੈਕਟਰਜ਼ ਰੂਲਜ਼, 1960 ਦੇ ਨਿਯਮ 9 ਅਤੇ ਜਨਮ ਅਤੇ ਮੌਤ ਰਜਿਸਟ੍ਰੇਸ਼ਨ ਐਕਟ, 1969 (2023 ਵਿੱਚ ਕੀਤੀ ਸੋਧੇ ਮੁਤਾਬਕ) ਦੀ ਧਾਰਾ 3(5)(ਬੀ) ਅਨੁਸਾਰ, ਭਾਰਤ ਦੇ ਰਜਿਸਟਰਾਰ ਜਨਰਲ ਤੋਂ ਇਲੈਕਟ੍ਰਾਨਿਕ ਤੌਰ ’ਤੇ ਮੌਤ ਰਜਿਸਟ੍ਰੇਸ਼ਨ ਸਬੰਧੀ ਡੇਟਾ ਪ੍ਰਾਪਤ ਕੀਤਾ ਜਾਵੇਗਾ। ਇਸ ਨਾਲ ਚੋਣ ਰਜਿਸਟ੍ਰੇਸ਼ਨ ਅਫ਼ਸਰ (ਈ.ਆਰ.ਓ) ਰਜਿਸਟਰਡ ਮੌਤਾਂ ਬਾਰੇ ਸਮੇਂ ਸਿਰ ਜਾਣਕਾਰੀ ਪ੍ਰਾਪਤ ਕਰ ਸਕਣਗੇ ਅਤੇ ਬੂਥ ਲੈਵਲ ਅਫ਼ਸਰ (ਬੀ.ਐਲ.ਓ) ਫਾਰਮ 7 ਤਹਿਤ ਰਸਮੀ ਬੇਨਤੀ ਦੀ ਉਡੀਕ ਕੀਤੇ ਬਿਨਾਂ, ਫੀਲਡ ਵਿਜ਼ਿਟ ਰਾਹੀਂ ਜਾਣਕਾਰੀ ਦੀ ਮੁੜ ਪੁਸ਼ਟੀ ਕਰਨ ਦੇ ਯੋਗ ਹੋ ਜਾਣਗੇ।

ਵੋਟਰ ਸੂਚਨਾ ਸਲਿੱਪ (ਵੀ.ਆਈ.ਐਸ.) ਨੂੰ ਹੋਰ ਵੋਟਰ-ਪੱਖੀ ਬਣਾਉਣ ਲਈ, ਕਮਿਸ਼ਨ ਨੇ ਇਸਦੇ ਡਿਜ਼ਾਈਨ ਵਿੱਚ ਸੋਧ ਕਰਨ ਦਾ ਫੈਸਲਾ ਕੀਤਾ ਹੈ। ਵੋਟਰ ਦਾ ਸੀਰੀਅਲ ਨੰਬਰ ਅਤੇ ਭਾਗ ਨੰਬਰ ਹੁਣ ਵਧੇਰੇ ਪ੍ਰਮੁੱਖਤਾ ਨਾਲ ਪ੍ਰਦਰਸ਼ਿਤ ਕੀਤਾ ਜਾਵੇਗਾ ਅਤੇ ਅੱਖਰਾਂ ਦੇ ਆਕਾਰ ਵਿੱਚ ਵਾਧਾ ਕੀਤਾ ਜਾਵੇਗਾ ਜਿਸ ਨਾਲ ਵੋਟਰ ਆਸਾਨੀ ਨਾਲ ਆਪਣੇ ਪੋਲਿੰਗ ਸਟੇਸ਼ਨ ਦੀ ਪਛਾਣ ਕਰ ਸਕਣਗੇ ਅਤੇ ਪੋਲਿੰਗ ਅਧਿਕਾਰੀ ਵੋਟਰ ਸੂਚੀ ਵਿੱਚ ਵੋਟਰਾਂ ਦੇ ਨਾਮ ਕੁਸ਼ਲਤਾ ਨਾਲ ਲੱਭ ਸਕਣਗੇ। ਕਮਿਸ਼ਨ ਨੇ ਇਹ ਵੀ ਨਿਰਦੇਸ਼ ਦਿੱਤਾ ਹੈ ਕਿ ਲੋਕ ਪ੍ਰਤੀਨਿਧਤਾ ਐਕਟ, 1950 ਦੀ ਧਾਰਾ 13ਬੀ(2) ਤਹਿਤ ਈ.ਆਰ.ਓਜ਼ ਵੱਲੋਂ ਨਿਯੁਕਤ ਕੀਤੇ ਗਏ ਸਾਰੇ ਬੀ.ਐਲ.ਓਜ਼ ਨੂੰ ਮਿਆਰੀ ਫੋਟੋ ਪਛਾਣ ਪੱਤਰ ਜਾਰੀ ਕੀਤੇ ਜਾਣ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਨਾਗਰਿਕ ਵੋਟਰ ਤਸਦੀਕ ਅਤੇ ਰਜਿਸਟ੍ਰੇਸ਼ਨ ਮੁਹਿੰਮ ਦੌਰਾਨ ਬੀ.ਐਲ.ਓਜ਼ ਦੀ ਪਛਾਣ ਕਰ ਸਕਣ ਅਤੇ ਉਨ੍ਹਾਂ ਨਾਲ ਵਿਸ਼ਵਾਸ ਨਾਲ ਗੱਲਬਾਤ ਕਰ ਸਕਣ। ਚੋਣ ਨਾਲ ਸਬੰਧਤ ਡਿਊਟੀਆਂ ਨਿਭਾਉਣ ਸਮੇਂ ਵੋਟਰਾਂ ਅਤੇ ਚੋਣ ਕਮਿਸ਼ਨ ਵਿਚਕਾਰ ਪਹਿਲੇ ਇੰਟਰਫੇਸ ਦੇ ਰੂਪ ਵਿੱਚ, ਇਹ ਮਹੱਤਵਪੂਰਨ ਹੈ ਕਿ ਘਰ-ਘਰ ਦੌਰੇ ਕਰਦੇ ਸਮੇਂ ਲੋਕਾਂ ਵੱਲੋਂ ਬੀ.ਐਲ.ਓਜ਼ ਦੀ ਆਸਾਨੀ ਨਾਲ ਪਛਾਣ ਕੀਤੀ ਜਾ ਸਕੇ।

## ਕੌਮੀ ਲੋਕ ਅਦਾਲਤ 10 ਮਈ ਨੂੰ

**ਬਠਿੰਡਾ, 5 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਹੁਕਮਾਂ ਅਤੇ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਸਹਿਤ-ਚੇਅਰਮੈਨ, ਸ੍ਰੀ ਕਰੁਨੇਸ਼ ਕੁਮਾਰ ਅਤੇ ਮਾਨਯੋਗ ਸੀ.ਜੇ.ਐਮ. ਕਮ-ਸਕੱਤਰ ਸ੍ਰੀਮਤੀ ਬਲਜਿੰਦਰ ਕੌਰ ਮਾਨ ਜ਼ਿਲ੍ਹਾ ਕਾਨੂੰਨੀ ਸੇਵਾਵਾ ਅਥਾਰਟੀ ਬਠਿੰਡਾ ਦੀ ਰਹਿਨਮਾਈ ਹੇਠ ਕੌਮੀ ਲੋਕ ਅਦਾਲਤ 10 ਮਈ 2025 ਨੂੰ ਲੱਗ ਰਹੀ ਹੈ। ਇਸ ਮੌਕੇ ਉਹਨਾਂ ਪੁਲੀਸ ਤੇ ਵੱਖ-ਵੱਖ ਵਿਭਾਗਾਂ ਅਤੇ ਟ੍ਰੈਫਿਕ ਪੁਲਿਸ ਨੂੰ ਲੋਕ ਅਦਾਲਤ ਦੇ ਸਬੰਧ ਬਾਰੇ ਜਾਣਕਾਰੀ ਮੁਹਈਆ ਕਰਵਾਈ ਗਈ। ਉਹਨਾਂ ਕਿਹਾ ਕਿ ਲੋਕ ਹਿਤ ਸਬੰਧੀ ਵੱਧ ਤੋਂ ਵੱਧ ਕੇਸ ਲਗਾਏ ਜਾਣ ਤਾਂ ਜੋ ਆਮ ਲੋਕਾਂ ਨੂੰ ਬਣਦਾ ਹੱਕ ਮਿਲ ਸਕੇ।

ਇਸ ਮੌਕੇ ਉਹਨਾਂ ਆਮ ਲੋਕਾਂ ਨੂੰ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਲੱਗ ਰਹੀ ਇਸ ਲੋਕ ਅਦਾਲਤ ਦਾ ਵੱਧ ਤੋਂ ਵੱਧ ਲਾਹਾ ਲਿਆ ਜਾਵੇ।

## ਤਰੁਨਪ੍ਰੀਤ ਸਿੰਘ ਸੌਂਦ ਕਰਨਗੇ ਡਿਫੈਂਸ ਕਮੇਟੀਆਂ ਦੀ ਮੀਟਿੰਗ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ

**ਵਧੀਕ ਡਿਪਟੀ ਕਮਿਸ਼ਨਰ ਸੁਰਿੰਦਰ ਸਿੰਘ ਧਾਲੀਵਾਲ ਵੱਲੋਂ ਅਧਿਕਾਰੀਆਂ ਨੂੰ ਆਪਣੀ ਜ਼ਿੰਮੇਵਾਰੀ ਤਨਦੇਹੀ ਨਾਲ ਨਿਭਾਉਣ ਦੀ ਹਦਾਇਤ**




**ਫਤਹਿਗੜ੍ਹ ਸਾਹਿਬ, 5 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ @ਯੁੱਧ ਨਸ਼ਿਆਂ ਵਿਰੁੱਧ@ ਅਭਿਆਨ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਨਸ਼ਾ ਮੁਕਤੀ ਮੋਰਚਾ ਦੇ ਸਹਿਯੋਗ ਨਾਲ 5 ਮਈ ਨੂੰ ਸੋਹਣ ਫਾਰਮ ਵਿਖੇ ਡਿਫੈਂਸ ਕਮੇਟੀਆਂ ਦੀ ਉੱਚ ਪੱਧਰੀ ਮੀਟਿੰਗ ਕਰਵਾਈ ਜਾ ਰਹੀ ਹੈ, ਜਿਸ ਵਿਚ ਪੰਜਾਬ ਦੇ ਪੇਂਡੂ ਵਿਕਾਸ ਤੇ ਪੰਚਾਇਤ, ਉਦਯੋਗ ਤੇ ਵਣਜ, ਪੂੰਜੀ ਨਿਵੇਸ਼ ਪ੍ਰੋਤਸਾਹਨ, ਕਿਰਤ ਅਤੇ ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਦੇ ਦਿਸ਼ਾ ਨਿਰਦੇਸ਼ਾਂ ਹੇਠ ਅੱਜ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ ਧਾਲੀਵਾਲ ਨੇ ਸਥਾਨਕ ਬੱਚਤ ਭਵਨ ਵਿਖੇ ਅਧਿਕਾਰੀਆਂ ਨਾਲ ਇਸ ਮੀਟਿੰਗ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਸਾਂਝੀ ਕੀਤੀ।

ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸੋਹਣ ਫਾਰਮ ਸਰਹਿੰਦ ਵਿਖੇ ਹੋਣ ਵਾਲੀ ਇਸ ਮੀਟਿੰਗ ਵਿੱਚ ਵਿਧਾਇਕ ਅਨਮੋਲ ਗਗਨ ਮਾਨ ਅਤੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਵਿਸ਼ੇਸ਼ ਮਹਿਮਾਨ ਹੋਣਗੇ। ਉਨ੍ਹਾਂ ਦੱਸਿਆ ਕਿ ਨਸ਼ਾ ਮੁਕਤੀ ਮੋਰਚਾ ਦੇ ਮਾਲਵਾ ਸੈਂਟਰਲ ਦੇ ਜੋਨਲ ਕੋਆਰਡੀਨੇਟਰ ਸੁਖਜੀਤ ਸਿੰਘ ਢਿੱਲਵਾਂ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਣਗੇ ਅਤੇ ਜ਼ਿਲ੍ਹੇ ਭਰ ਤੋਂ ਡਿਫੈਂਸ ਕਮੇਟੀਆਂ ਦੇ ਵੱਡੀ ਗਿਣਤੀ ਮੈਂਬਰ ਮੀਟਿੰਗ ਵਿੱਚ ਹਿੱਸਾ ਲੈਣਗੇ ਜਿਨਾਂ ਨੂੰ ਨਸ਼ਿਆਂ ਦੇ ਮੁਕੰਮਲ ਖਾਤਮੇ ਨੂੰ ਯਕੀਨੀ ਬਣਾਉਣ ਸਬੰਧੀ ਯੋਜਨਾਬੱਧ ਜਾਣਕਾਰੀ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਹ ਡਿਫੈਂਸ ਕਮੇਟੀਆਂ ਆਮ ਲੋਕਾਂ, ਪੁਲਿਸ ਅਤੇ ਸਿਵਲ ਪ੍ਰਸ਼ਾਸਨ ਨਾਲ ਤਾਲਮੇਲ ਕਰਕੇ ਨਸ਼ਿਆਂ ਦੇ ਖਿਲਾਫ਼ ਲੋਕਾਂ ਨੂੰ ਜਾਗਰੂਕ ਕਰਨ, ਨਸ਼ਿਆਂ ਤੋਂ ਪੀੜਤ ਵਿਅਕਤੀਆਂ ਨੂੰ ਨਸ਼ਾ ਛੱਡਣ ਲਈ ਉਤਸ਼ਾਹਿਤ ਕਰਨ ਅਤੇ ਨਸ਼ਾ ਤਸਕਰਾਂ ਦੀਆਂ ਹਰਕਤਾਂ ਬਾਰੇ ਪੁਲਿਸ ਨਾਲ ਗੁਪਤ ਜਾਣਕਾਰੀ ਨੂੰ ਸਾਂਝਾ ਕਰਨ ਲਈ ਕਾਰਜਸ਼ੀਲ ਹਨ।

ਵਧੀਕ ਡਿਪਟੀ ਕਮਿਸ਼ਨਰ ਨੇ ਸਮੂਹ ਉਪ ਮੰਡਲ ਮੈਜਿਸਟਰੇਟਸ ਅਤੇ ਬਲਾਕ ਵਿਕਾਸ ਤੇ ਪੰਚਾਇਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਨਸ਼ਿਆਂ ਦੀ ਦਲਦਲ ਵਿੱਚ ਫਸੇ ਲੋਕਾਂ ਨੂੰ ਤੰਦਰੁਸਤ ਕਰਨ ਲਈ ਅਤੇ ਨਸ਼ਾ ਤਸਕਰਾਂ ਨੂੰ ਸਲਾਖਾਂ ਪਿੱਛੇ ਪਹੁੰਚਾਉਣ ਲਈ ਚਲਾਈ ਜਾ ਰਹੀ ਇਸ ਮੁਹਿੰਮ ਨੂੰ ਜਮੀਨੀ ਪੱਧਰ @ਤੇ ਲਾਗੂ ਕਰਨ ਵਿੱਚ ਸਰਗਰਮ ਸਹਿਯੋਗ ਪਾਉਣਾ ਯਕੀਨੀ ਬਣਾਇਆ ਜਾਵੇ। ਮੀਟਿੰਗ ਦੌਰਾਨ ਸਿਵਲ ਸਰਜਨ ਦਵਿੰਦਰਜੀਤ ਕੌਰ, ਐਕਸੀਅਨ ਪੰਚਾਇਤੀ ਰਾਜ ਜਸਬੀਰ ਸਿੰਘ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਜਸਪ੍ਰੀਤ ਕੌਰ ਸਮੇਤ ਵੱਖੋ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

## ਮਈ ਦਿਹਾੜੇ ਨੂੰ ਨਿੱਜੀਕਰਨ ਵਿਰੋਧੀ ਦਿਵਸ ਵਜੋਂ ਸਰਕਲ ਦਫਤਰ ਅੱਗੇ ਧਰਨਾ ਲਗਾ ਕੇ ਮਨਾਇਆ



**ਪਟਿਆਲਾ, 5 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਟੈਕਨੀਕਲ ਸਰਵਿਸ ਯੂਨੀਅਨ ਸਰਕਲ ਪਟਿਆਲਾ ਦੇ ਪ੍ਰਧਾਨ ਹਰਜੀਤ ਸਿੰਘ ਸੇਖੋਂ ਅਤੇ ਸਰਕਲ ਸਕੱਤਰ ਬਿਰੇਸ਼ ਕੁਮਾਰ ਨੇ ਸਾਂਝੇ ਬਿਆਨ ਰਾਹੀਂ ਦੱਸਿਆ ਕਿ ਟੈਕਨੀਕਲ ਸਰਵਿਸ ਯੂਨੀਅਨ ਸਰਕਲ ਪਟਿਆਲਾ ਯੂਨੀਅਨ ਪਾਵਰ ਕਮ ਟਰਾਂਸਕੋ ਠੇਕਾ ਕਾਮਾ ਯੂਨੀਅਨ, ਜਲ ਸਪਲਾਈ ਯੂਨੀਅਨ, ਭਾਰਤੀ ਕਿਸਾਨ ਯੂਨੀਅਨ ਏਕਤਾ ਗੁਰਾਹਾਂ, ਪੈਸਕੋ ਪੀ.ਐਸ.ਪੀ.ਐਲ. ਕੰਟਰੈਕਟਰ ਯੂਨੀਅਨ ਨੇ ਸਾਂਝੇ ਤੌਰ ਤੇ ਮਈ ਦਿਹਾੜਾ ਮਨਾਇਆ ਗਿਆ। ਇਸ ਮਈ ਦਿਹਾੜੇ ਨੂੰ ਨਿਜੀਕਰਨ ਵਿਰੋਧੀ ਦਿਵਸ ਵਜੋਂ ਮਨਾਇਆ ਗਿਆ। ਸਾਰੇ ਬੁਲਾਰਿਆਂ ਨੇ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਦੇ ਨਿਜੀਕਰਨ ਦੀ ਨੀਤੀ ਨੂੰ ਰੱਦ ਕੀਤਾ ਅਤੇ ਧਰਨੇ ਨੂੰ ਸੰਬੋਧਨ ਕਰਦੇ ਹੋਏ ਟੀ.ਐਸ.ਯੂ. ਵਲੋਂ ਵਿਜੇ ਦੇਵ, ਜਤਿੰਦਰ ਚੱਢਾ, ਜ਼ੋਗਿੰਦਰ ਮੋਜੀ, ਇੰਦਰਜੀਤ ਸਿੰਘ, ਕਰਮਜੀਤ ਸਿੰਘ, ਭਗਵਾਨ ਸਿੰਘ, ਅਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਹਰਦੇਵ ਘੱਗਾ, ਬਲਰਾਜ ਜ਼ੋਸ਼ੀ, ਦਵਿੰਦਰ ਸਿੰਘ ਸੀਲ, ਠੇਕਾ ਕਾਮਾ ਯੂਨੀਅਨ ਵਲੋਂ ਦਿਲਪ੍ਰੀਤ ਸਿੰਘ, ਬਿਕਰ ਖਾਨ, ਜਲ ਸਪਲਾਈ ਯੂਨੀਅਨ ਵੱਲੋਂ ਹਾਕਮ ਸਿੰਘ ਧਨੇਠਾ, ਵਰਿੰਦਰ ਸਿੰਘ ਮੋਮੀ, ਪੈਸਕੋ ਵੱਲੋਂ ਸੰਦੀਪ ਖਤਰੀ ਨੇ ਸੰਬੋਧਨ ਕੀਤਾ। ਸਾਰੇ ਬੁਲਾਰਿਆਂ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਕਿਸੇ ਮਹਿਕਮੇ ਵਿੱਚ ਨਿਜੀਕਰਨ ਦੀ ਨੀਤੀ ਲਾਗੂ ਕੀਤੀ ਗਈ ਤਾਂ ਸਾਰੇ ਇਕੱਠੇ ਹੋ ਕੇ ਇਸ ਨੀਤੀ ਦਾ ਵਿਰੋਧ ਕਰਨਗੇ। ਇੱਕ ਮਤੇ ਰਾਹੀਂ ਮੰਗ ਕੀਤੀ ਗਈ ਕਿ ਬਿਜਲੀ ਬੋਰਡ ਵਿੱਚ ਨਿਜੀਕਰਨ ਵਿਰੁੱਧ ਲੜਦੇ ਦੋ ਕਾਮਿਆਂ ਬਨਾਰਸੀ ਦਾਸ ਅਤੇ ਰਾਮ ਸਿੰਘ ਨੂੰ ਕੋਰਟ ਦੇ ਫੈਸਲੇ ਅਨੁਸਾਰ ਬਹਾਲ ਕਰਕੇ ਅਦਾਇਗੀਆਂ ਤੁਰੰਤ ਜਾਰੀ ਕੀਤੀਆਂ ਜਾਣ। ਬਾਅਦ ਵਿੱਚ ਸਰਕਲ ਦਫਤਰ ਪਟਿਆਲਾ ਤੋਂ ਪੁਰਾਣੇ ਬੱਸ ਸਟੈਂਡ ਤੱਕ ਵਿਸ਼ਾਲ ਮਾਰਚ ਵੀ ਕੀਤਾ ਗਿਆ।

## ਸੰਧਵਾਂ ਵੱਲੋਂ ਮੁੱਖ ਮੰਤਰੀ ਦਾ ਸਮੇਂ ਸਿਰ ਪਾਣੀ ਦੇ ਮਸਲੇ ਤੇ ਸਾਫ ਅਤੇ ਸਪਸ਼ਟ ਸਟੈਂਡ ਲੈਣ ਲਈ ਧੰਨਵਾਦ ਕੀਤਾ

**ਚੰਡੀਗੜ੍ਹ, 5 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਸ. ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦਾ ਪੰਜਾਬ ਤੇ ਹਰਿਆਣਾ ਵਿੱਚਕਾਰ ਪਾਣੀ ਦੇ ਮਸਲੇ ਦਾ ਸਹੀ ਸਮੇਂ ਤੇ ਸਾਫ ਅਤੇ ਸਪਸ਼ਟ ਸਟੈਂਡ ਲੈਣ ਲਈ ਤਹਿ ਦਿਲੋਂ ਧੰਨਵਾਦ ਤੇ ਭਰਪੂਰ ਸ਼ਲਾਗਾ ਕੀਤੀ , ਜਿਨ੍ਹਾਂ ਨੇ ਪੰਜਾਬ ਦੀ ਕਿਸਾਨੀ ਅਤੇ ਪੰਜਾਬ ਦੇ ਲੋਕਾਂ ਨੂੰ ਉਹਨਾਂ ਦਾ ਬਣਦਾ ਹੱਕ ਦਵਾਉਣ ਲਈ ਸਮੇਂ ਸਿਰ ਕਦਮ ਚੁੱਕਿਆ ਹੈ ।

ਸਪੀਕਰ ਸੰਧਵਾਂ ਨੇ ਅੱਗੇ ਕਿਹਾ ਕਿ ਪੰਜਾਬ ਅੰਨ ਦੀ ਪੈਦਾਵਾਰ ਕਰਨ ਲਈ ਪਾਣੀ ਦੀ ਵਰਤੋਂ ਕਰਦਾ ਹੈ, ਪਾਣੀ ਪੰਜਾਬ ਦੀ ਜਿੰਦ ਜਾਨ ਹੈ, ਅਤੇ ਦੇਸ਼ ਦੇ ਅਨਾਜ ਭੰਡਾਰ ਵਿੱਚ ਹਿੱਸਾ ਪਾਉਣ ਲਈ ਪੰਜਾਬ ਪਾਣੀ



ਦੀ ਵਰਤੋਂ ਕਰਦਾ ਹੈ । ਦੇਸ਼ ਨੂੰ ਹੋਰ ਤਕੜਾ ਕਰਨ ਲਈ ਪੰਜਾਬ ਨੂੰ ਆਪਣੇ ਹਿੱਸੇ ਦਾ ਪੂਰਾ ਪਾਣੀ ਚਾਹੀਦਾ ਹੈ । ਉਹਨਾਂ ਕਿਹਾ ਕਿ ਪੰਜਾਬ ਪੈਦਾਵਾਰ ਕਰਨ ਲਈ ਆਪਣੇ ਸਾਰੇ ਕੁਦਰਤੀ ਸੋਮਿਆਂ ਦੀ ਪਹਿਲੇ ਹੀ ਵਰਤੋਂ ਕਰ ਚੁੱਕਿਆ ਹੈ।

ਇਸ ਦੇ ਨਾਲ ਹੀ ਸ. ਕੁਲਤਾਰ ਸਿੰਘ ਸੰਧਵਾਂ ਨੇ ਅੱਗੇ ਕਿਹਾ ਕਿ ਪੰਜਾਬ ਦੀ ਧਰਤੀ ਦੇ ਹੇਠਲਾ ਪਾਣੀ ਪਹਿਲਾਂ ਹੀ ਥੱਲੇ ਜਾ ਚੁੱਕਾ ਹੈ ਅਤੇ ਪੰਜਾਬ ਜੋ ਕਿ ਖੇਤੀਬਾੜੀ ਤੇ ਨਿਰਭਰ ਸੂਬਾ ਹੈ ਆਪਣੇ ਹਿੱਸੇ ਦੇ ਪਾਣੀ ਨੂੰ ਕਿਸੇ ਹੋਰ ਸੂਬੇ ਨਾਲ ਸਾਂਝਾ ਨਹੀਂ ਕਰ ਸਕਦਾ । ਉਹਨਾਂ ਕਿਹਾ ਕਿ ਇਹ ਪਹਿਲਾਂ ਹੀ ਭਵਿੱਖਬਾਣੀ ਹੋ ਚੁੱਕੀ ਹੈ ਕਿ ਪੰਜਾਬ ਆਉਣ ਵਾਲੇ ਸਮੇਂ ਵਿੱਚ ਮੂਰਥਲ ਬਣ ਜਾਵੇਗਾ। ਉਹਨਾਂ ਕਿਹਾ ਕਿ ਅਸੀਂ ਕਿਸੇ ਹੋਰ ਸੂਬੇ ਦਾ ਹੱਕ ਨਹੀਂ ਮਾਰ ਰਹੇ, ਪਰ ਆਪਣਾ ਹੱਕ ਬਚਾਉਣ ਲਈ ਯਤਨਸ਼ੀਲ ਰਹਾਂਗੇ ਅਤੇ ਇਸ ਉੱਤੇ ਫਿਰ ਡੱਟ ਕੇ ਪਹਿਰਾ ਦਵਾਂਗੇ।

ਉਹਨਾਂ ਅੱਗੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਇਸ ਸੰਬੰਧ ਵਿੱਚ ਸਪਸ਼ਟ ਨੀਤੀ ਅਪਣਾਈ ਜਾ ਰਹੀ ਹੈ, ਜਿਸ ਤਹਿਤ ਪੰਜਾਬ ਆਪਣੇ ਹਿੱਸੇ ਦਾ ਪਾਣੀ ਕਿਸੇ ਵੀ ਹਲਾਤਾਂ ਵਿੱਚ ਕਿਸੇ ਹੋਰ ਸੂਬੇ ਨਾਲ ਸਾਂਝਾ ਨਹੀਂ ਕਰੇਗਾ।

## ਸੀ.ਐੱਮ. ਦੀ ਯੋਗਸ਼ਾਲਾ ਪ੍ਰੋਜੈਕਟ ਅਧੀਨ ਯੋਗਾ ਕਲਾਸਾਂ ਦਾ ਨਾਗਰਿਕ ਲੈ ਰਹੇ ਹਨ ਫਾਇਦਾ



**ਬਰਨਾਲਾ, 5 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਸੀ.ਐੱਮ.ਦੀ ਯੋਗਸ਼ਾਲਾ ਪ੍ਰੋਜੈਕਟ ਅਧੀਨ ਚਲਾਈਆਂ ਜਾ ਰਹੀਆਂ ਯੋਗ ਕਲਾਸਾਂ ਲੋਕਾਂ ਲਈ ਵਰਦਾਨ ਸਾਬਿਤ ਹੋ ਰਹੀਆਂ ਹਨ।

ਇਸ ਪ੍ਰੋਜੈਕਟ ਸਬੰਧੀ ਸ੍ਰੀ ਟੀ ਬੈਨਿਥ ਡਿਪਟੀ ਕਮਿਸ਼ਨਰ ਬਰਨਾਲਾ ਨੇ ਦੱਸਿਆ ਕਿ ਯੋਗਾ ਕਲਾਸਾਂ ਬਰਨਾਲਾ ਸ਼ਹਿਰ ਅਤੇ ਜ਼ਿਲ੍ਹੇ ਦੀਆਂ ਵੱਖ-ਵੱਖ ਤਹਿਸੀਲਾਂ, ਸਬ-ਤਹਿਸੀਲਾਂ, ਬਲਾਕਾਂ ਅਤੇ ਪਿੰਡਾਂ ਵਿੱਚ ਸਵੇਰੇ ਸ਼ਾਮ ਚੱਲ ਰਹੀਆਂ ਹਨ ਜਿਨ੍ਹਾਂ ਵਿੱਚ 2971 ਵਿਅਕਤੀ ਯੋਗਾ ਕਰ ਰਹੇ ਹਨ ਅਤੇ ਸਿਹਤਮੰਦ ਜੀਵਨਸ਼ੈਲੀ ਆਪਣਾ ਰਹੇ ਹਨ।

ਡਿਪਟੀ ਕਮਿਸ਼ਨਰ ਨੇ ਕਰੋ ਯੋਗ ਰਹੋ ਨਿਰੋਗ ਦਾ ਹਵਾਲਾ ਦਿੰਦਿਆਂ ਲੋਕਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਯੋਗਾ ਕਲਾਸਾਂ ਵਿੱਚ ਪਹੁੰਚ ਕੇ ਯੋਗਾ ਦੇ ਲਾਭ ਲੈਣ।

ਉਹਨਾਂ ਨੇ ਹਰ ਨਾਗਰਿਕ ਨੂੰ ਆਪਣੀ ਸਿਹਤ ਲਈ ਦਿਨ ਵਿੱਚ 1 ਘੰਟਾ ਯੋਗਾ ਕਲਾਸ ਲਈ ਕੱਢਣ ਲਈ ਕਿਹਾ। ਉਨ੍ਹਾਂ ਵੱਧ ਤੋਂ ਵੱਧ ਲੋਕਾਂ ਨੂੰ ਇਹਨਾਂ ਕਲਾਸਾਂ ਵਿੱਚ ਪਹੁੰਚ ਕੇ ਆਪਣੇ ਆਪ ਨੂੰ ਸਰੀਰਕ ਅਤੇ ਮਾਨਸਿਕ ਤੌਰ ‘ਤੇ ਤੰਦਰੁਸਤ ਰੱਖਣ ਲਈ ਚੰਗੀ ਜੀਵਨਸ਼ੈਲੀ ਅਪਨਾਉਣ ਲਈ ਕਿਹਾ।

ਬਰਨਾਲਾ ਵਿੱਚ ਸ਼ਹੀਦ ਭਗਤ ਸਿੰਘ ਪਾਰਕ ਵਿੱਚ ਚੱਲ ਰਹੀ ਯੋਗ ਕਲਾਸ ਜਿਸ ਦਾ ਸਮਾਂ ਸਵੇਰੇ 6.10 ਵਜੇ ਤੋਂ 7.10 ਵਜੇ ਤੱਕ ਹੈ ਦੇ ਯੋਗ ਟ੍ਰੇਨਰ ਵਿੱਕੀ ਬਾਂਸਲ ਨੇ ਦਸਿਆ ਹੈ ਕਿ ਲੋਕਾਂ ਵਿਚ ਯੋਗ ਪ੍ਰਤੀ ਅਤੇ ਸਿਹਤ ਪ੍ਰਤੀ ਜਾਗਰੂਕਤਾ ਆ ਰਹੀ ਹੈ। ਉਨ੍ਹਾਂ ਕਿਹਾ ਕਿ ਸ਼ਾਮ ਦੀ ਕਲਾਸ ਜਿਸ ਦਾ ਸਮਾਂ 5 ਤੋਂ 6 ਵਜੇ ਹੈ।

ਯੋਗ ਟ੍ਰੇਨਰ ਵਿਕਰਮ ਨੇ ਕਿਹਾ ਹੈ ਕਿ ਲੋਕਾਂ ਵਲੋਂ ਪੰਜਾਬ ਸਰਕਾਰ ਦੇ ਉਪਰਾਲੇ ਦੀ ਸ਼ਲਾਘਾ ਕੀਤੀ ਜਾ ਰਹੀ ਹੈ ਕਿਉਂਕਿ ਹਰ ਵਿਅਕਤੀ ਇਸ ਮੁਫ਼ਤ ਸਕੀਮ ਦਾ ਲਾਭ ਮਿਲ ਰਿਹਾ ਹੈ।

ਇਸ ਮੌਕੇ ਰਸ਼ਪਿੰਦਰ ਬਰਾੜ ਜ਼ਿਲ੍ਹਾ ਕੋਆਰਡੀਨੇਟਰ ਨੇ ਦੱਸਿਆ ਕਿ ਜੇਕਰ ਕੋਈ ਵੀ ਵਿਆਕਤੀ/ ਨਾਗਰਿਕ ਆਪਣੇ ਮੁਹੱਲੇ/ਗਲੀ/ ਪਿੰਡ/ਸ਼ਹਿਰ/ ਵਿੱਚ ਕਲਾਸ ਸ਼ੁਰੂ ਕਰਵਾਉਣੀ ਚਾਹੁੰਦਾ ਹੈ ਤਾਂ 76694-00500 ਮੋਬਾਇਲ ਨੰਬਰ ’ਤੇ ਮਿਸ ਕਾਲ ਕਰਕੇ ਕਲਾਸ ਸ਼ੁਰੂ ਕਰਵਾ ਸਕਦਾ ਹੈ। ਕਲਾਸ ਸ਼ੁਰੂ ਕਰਨ ਲਈ 25 ਵਿਅਕਤੀਆਂ ਦਾ ਇੱਕ ਗਰੁੱਪ ਅਤੇ ਕੋਈ ਵੀ ਸਾਂਝਾ ਸਥਾਨ ਪਾਰਕ/ਧਰਮਸ਼ਾਲਾ ਹੋਣਾ ਜ਼ਰੂਰੀ ਹੈ ਜਿੱਥੇ 25 ਵਿਆਕਤੀ ਯੋਗਾ ਕਲਾਸ ਲਗਾ ਸਕਣ।

## ਹਰਸ਼ ਬਲੱਡ ਡੋਨਰ ਸੋਸਾਇਟੀ ਨੇ ਐਸ.ਐਚ.ਓ ਸਦਰ ਥਾਣਾ ਨਾਭਾ ਗੁਰਪ੍ਰੀਤ ਸਿੰਘ ਸਮਰਾਓ ਨੂੰ ਕੀਤਾ ਸਨਮਾਨਿਤ



**ਨਾਭਾ, 5 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਸ਼ ਬਲੱਡ ਡੋਨਰ ਸੋਸਾਇਟੀ ਦੀ ਟੀਮ ਵਲੋਂ ਪ੍ਰਧਾਨ ਭੁਵੇਸ਼ ਬਾਂਸਲ ਭਾਸ਼ੀ ਦੀ ਅਗਵਾਈ ਵਿੱਚ ਵਧੀਆ ਸੇਵਾਵਾਂ ਦੇਣ ਵਾਲੇ ਐਸ.ਐਚ.ਓ ਸਦਰ ਥਾਣਾ ਗੁਰਪ੍ਰੀਤ ਸਿੰਘ ਸਮਰਾਓ ਨੂੰ ਸੋਸਾਇਟੀ ਦੀ ਪ੍ਰਤਿਮਾ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਐਸ.ਐਚ.ਓ ਸਦਰ ਨਾਭਾ ਗੁਰਪ੍ਰੀਤ ਸਮਰਾਓ ਨੇ ਕਿਹਾ ਕਿ ਸਮਾਜ ਵਿਰੋਧੀ ਅੰਸਰਾਂ ਨੂੰ ਕਿਸੇ ਵੀ ਕੀਮਤ ਤੇ ਬਖਸਿਆ ਨਹੀਂ ਜਾਵੇਗਾ ਨਾਲ ਹੀ ਉਹਨਾ ਨੇ ਸ਼ਰਾਰਤੀ ਅੰਸਰਾਂ ਦੇ ਖਿਲਾਫ ਜਨਤਾ ਤੋਂ ਸਹਿਯੋਗ ਦੀ ਮੰਗ ਕੀਤੀ ਅਤੇ ਵਿਸ਼ਵਾਸ ਦਲਵਾਇਆ ਕਿ ਉਹ ਇਮਾਨਦਾਰੀ ਦੇ ਨਾਲ ਨਾਭਾ ਨਿਵਾਸੀਆਂ ਦੀ ਸੇਵਾ ਕਰਦੇ ਰਹਿਣਗੇ ਅਤੇ ਨਾਭਾ ਦੇ ਪਿੰਡਾਂ ਦੀਆਂ ਸਾਰੀਆਂ ਸੰਸਥਾਵਾਂ ਵੀ ਇਸ ਮੁਹਿੰਮ ਵਿੱਚ ਸਾਨੂੰ ਸਹਿਯੋਗ ਦੇਣ ਅਤੇ ਪ੍ਰਧਾਨ ਭਾਸ਼ੀ ਨੇ ਵਿਸ਼ਵਾਸ ਦਿਵਾਂਦੇ ਹੋਏ ਕਿਹਾ ਕਿ ਸਾਡੀ ਸੋਸਾਇਟੀ ਹਮੇਸ਼ਾ ਸਮਾਜ ਦੇ ਭਲੇ ਲਈ ਪੰਜਾਬ ਪੁਲਿਸ ਦੇ ਨਾਲ ਹੈ ਸਾਡੀ ਜਿਥੇ ਵੀ ਲੋੜ ਹੋਏਗੀ ਅਸੀਂ ਡੱਟ ਕੇ ਖੜਾਗੇ,ਅਸੀਂ ਖੂਨ ਦਾਨ ਦੇ ਖੇਤਰ ਵਿੱਚ ਵੀ ਹਮੇਸ਼ਾ ਮੋਹਰੀ ਰਹਿੰਦੇ ਹਾ ਪੁਰਾਣੇ ਸਮੇ ਵਿੱਚ ਕਰੋਨਾ ਟਾਈਮ ਲੋੜ ਪੈਨ ਤੇ ਅਸੀਂ ਸਾਰਾ ਸ਼ਹਿਰ, ਸਰਕਾਰੀ ਦਫਤਰ, ਕੋਤਵਾਲੀ, ਥਾਣੇ ਵੀ ਸੈਨੀਟਾਈਜ਼ ਕੀਤੇ ਸੀ,ਉਸ ਮੌਕੇ ਉਹਨਾ ਨਾਲ ਚੇਅਰਮੈਨ ਜਿਪਸੀ ਬਾਂਸਲ,ਕੁਲਦੀਪ ਭਾਟੀਆ, ਵਿਪਨ ਕੁਮਾਰ,ਪੁਨੀਤ ਬਾਂਸਲ,ਅਵਤਾਰ ਸਿੰਘ ਟੋਨੀ, ਦਿਨੇਸ਼ ਕੁਮਾਰ ਆਦਿ ਹਾਜਰ ਸਨ।

## ਪੰਜਾਬ ਸਰਕਾਰ ਵੱਲੋਂ ਅਨੁਸੂਚਿਤ ਜਾਤੀ ਸਕਾਲਰਸ਼ਿਪ ਵਿੱਚ ਇਤਿਹਾਸਕ ਰਿਕਾਰਡ, 242 ਕਰੋੜ ਜਾਰੀ

## ਡਾ. ਬਲਜੀਤ ਕੌਰ ਵੱਲੋਂ ਵਿਦਿਆਰਥੀਆਂ ਲਈ ਵੱਡਾ ਐਲਾਨ ਡਾ. ਅੰਬੇਦਕਰ ਸਕਾਲਰਸ਼ਿਪ ਪੋਰਟਲ ਨੂੰ 15 ਮਈ ਤੱਕ ਦੁਬਾਰਾ ਖੋਲ੍ਹਣ ਦਾ ਕੀਤਾ ਫ਼ੈਸਲਾ

**ਚੰਡੀਗੜ੍ਹ, 5 ਮਈ**
**-ਕੌਮੀ ਪੱਤ੍ਰਿਕਾ ਬਿਊਰੋ-**

ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਲਈ ਸਮੇਂ ਸਿਰ ਵਿੱਤੀ ਸਹਾਇਤਾ ਯਕੀਨੀ ਬਣਾਉਣ ਵੱਲ ਇੱਕ ਮਹੱਤਵਪੂਰਨ ਮੀਲ ਪੱਥਰ ਵਜੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਗਤੀਸ਼ੀਲ ਅਗਵਾਈ ਵਾਲੀ ਪੰਜਾਬ ਸਰਕਾਰ ਨੇ 31 ਮਾਰਚ, 2025 ਤੋਂ ਪਹਿਲਾਂ 2,22,764 ਵਿਦਿਆਰਥੀਆਂ ਲਈ ਰਾਜ ਦੇ ਆਪਣੇ ਹਿੱਸੇ ਵਜੋਂ 242.01 ਕਰੋੜ ਰੁਪਏ ਸਫਲਤਾਪੂਰਵਕ ਜਾਰੀ ਕਰਕੇ ਇਤਿਹਾਸ ਰਚਿਆ ਹੈ। ਇਹ ਪ੍ਰਗਟਾਵਾ ਪੰਜਾਬ ਦੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਕਹੀ।

ਕੈਬਨਿਟ ਮੰਤਰੀ ਡਾ ਬਲਜੀਤ ਕੌਰ ਨੇ ਦੱਸਿਆ ਕਿ ਇਹ ਸੂਬੇ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੋਇਆ ਹੈ ਕਿ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਦਾ ਰਾਜ ਸਰਕਾਰ ਦਾ ਹਿੱਸਾ ਅਕਾਦਮਿਕ ਸਾਲ ਦੇ ਅੰਦਰ ਹੀ ਵੰਡਿਆ ਗਿਆ ਹੈ। ਇਸ ਸਰਗਰਮ ਅਤੇ ਵਿਦਿਆਰਥੀ-ਕੇਂਦ੍ਰਿਤ ਪਹਿਲਕਦਮੀ ਦੀ ਭਾਰਤ ਸਰਕਾਰ ਦੇ ਸਮਾਜਿਕ ਨਿਆਂ ਅਤੇ ਸਸ਼ਕਤੀਕਰਨ ਮੰਤਰਾਲੇ ਵੱਲੋਂ ਸਕਾਲਰਸ਼ਿਪ ਸਕੀਮ ਨੂੰ ਕੁਸ਼ਲ, ਪਾਰਦਰਸ਼ੀ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਪੰਜਾਬ ਸਰਕਾਰ ਦੀ ਪ੍ਰਸ਼ੰਸਾ ਕੀਤੀ ਗਈ।

ਉਨ੍ਹਾਂ ਕਿਹਾ ਕਿ ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਸਮਾਜਿਕ ਬਰਾਬਰੀ ਅਤੇ ਸਾਰਿਆਂ ਲਈ ਸਿੱਖਿਆ ਪ੍ਰਤੀ ਵਚਨਬੱਧਤਾ ਤੋਂ ਸੇਧ ਲੈ ਕੇ ਪੰਜਾਬ ਸਰਕਾਰ ਸੂਬੇ ਵਿੱਚ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਦੀ ਭਲਾਈ ਅਤੇ ਵਿਦਿਅਕ ਸਸ਼ਕਤੀਕਰਨ ਲਈ ਪੂਰੀ ਤਰ੍ਹਾਂ ਸਮਰਪਿਤ ਹੈ। ਇਸ ਦ੍ਰਿਸ਼ਟੀਕੋਣ ਦੇ ਅਨੁਸਾਰ, ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਲਈ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਨੂੰ ਇੱਕ ਕੁਸ਼ਲ, ਪਾਰਦਰਸ਼ੀ ਅਤੇ ਵਿਦਿਆਰਥੀ-



ਅਨੁਕੂਲ ਢੰਗ ਨਾਲ ਲਾਗੂ ਕੀਤਾ ਜਾ ਰਿਹਾ ਹੈ ਤਾਂ ਜੋ ਉਹ ਵਿੱਤੀ ਰੁਕਾਵਟਾਂ ਤੋਂ ਬਿਨਾਂ ਉੱਚ ਸਿੱਖਿਆ ਪ੍ਰਾਪਤ ਕਰ ਸਕਣ।

ਡਾ ਬਲਜੀਤ ਕੌਰ ਨੇ ਅੱਗੇ ਕਿਹਾ ਕਿ ਵਿੱਤੀ ਸਾਲ 2024-25 ਲਈ ਰਾਜ ਨੇ ਇਸ ਪ੍ਰਮੁੱਖ ਯੋਜਨਾ ਦੇ ਤਹਿਤ 2,60,000 ਵਿਦਿਆਰਥੀਆਂ ਨੂੰ ਕਵਰ ਕਰਨ ਦਾ ਟੀਚਾ ਰੱਖਿਆ ਸੀ। ਜ਼ਿਕਰਯੋਗ ਹੈ ਕਿ ਡਾ. ਅੰਬੇਡਕਰ ਸਕਾਲਰਸ਼ਿਪ ਪੋਰਟਲ ਰਾਹੀਂ ਕੁੱਲ 2,59,685 ਅਰਜ਼ੀਆਂ ਪ੍ਰਾਪਤ ਹੋਈਆਂ ਸਨ, ਜਿਨ੍ਹਾਂ ਵਿੱਚੋਂ 2,36,575 ਵਿਦਿਆਰਥੀਆਂ ਦੀਆਂ ਅਰਜ਼ੀਆਂ ਦੀ ਸਫਲਤਾਪੂਰਵਕ ਤਸਦੀਕ ਕੀਤੀ ਗਈ। ਉਨ੍ਹਾਂ ਅੱਗੇ ਕਿਹਾ ਕਿ ਪਿੱਛਲੇ ਪੰਜ ਸਾਲਾਂ ਵਿੱਚ ਪੰਜਾਬ ਸਰਕਾਰ ਦੁਆਰਾ ਪ੍ਰਾਪਤ ਕੀਤੀ ਗਈ ਤਸਦੀਕ ਦੀ ਸਭ ਤੋਂ ਵੱਧ ਸੰਖਿਆ ਹੈ।

ਮੰਤਰੀ ਨੇ ਅੱਗੇ ਦੱਸਿਆ ਕਿ ਬਾਕੀ ਰਹਿੰਦੇ 13,814 ਪ੍ਰਮਾਣਿਤ ਵਿਦਿਆਰਥੀਆਂ ਲਈ ਰਾਜ ਦਾ ਹਿੱਸਾ ਜਲਦੀ ਹੀ ਜਾਰੀ ਕੀਤਾ ਜਾਵੇਗਾ।

ਇਸ ਤੋਂ ਇਲਾਵਾ, ਕੈਬਨਿਟ ਮੰਤਰੀ ਨੇ ਕਿਹਾ ਕਿ ਵਿਭਾਗ ਦੇ ਧਿਆਨ ਵਿੱਚ ਆਇਆ ਹੈ ਕਿ ਕੁੱਝ ਯੋਗ ਵਿਦਿਆਰਥੀ ਆਪਣੇ ਜਾਂ ਸੰਸਥਾਵਾਂ ਦੇ ਪੱਧਰ ’ਤੇ ਅਰਜ਼ੀਆਂ ਨੂੰ ਲੌਕ ਨਾ ਕਰਨ ਕਾਰਨ ਸਾਲ 2024-25 ਲਈ ਸਕਾਲਰਸ਼ਿਪ ਦਾ ਲਾਭ ਲੈਣ ਵਿੱਚ ਅਸਮਰੱਥ ਸਨ।

ਇਸ ਦੇ ਮੱਦੇਨਜ਼ਰ ਅਤੇ ਵਿਦਿਆਰਥੀਆਂ ਦੀ ਭਲਾਈ ਦੇ ਹਿੱਤ ਵਿੱਚ ਪੰਜਾਬ ਸਰਕਾਰ ਨੇ ਵੱਡਾ ਫ਼ੈਸਲਾ ਲੈਂਦਿਆਂ ਹੋਇਆ ਡਾ. ਅੰਬੇਡਕਰ ਸਕਾਲਰਸ਼ਿਪ ਪੋਰਟਲ ਨੂੰ 15 ਮਈ, 2025 ਤੱਕ ਦੁਬਾਰਾ ਖੋਲ੍ਹਣ ਦਾ ਫੈਸਲਾ ਕੀਤਾ ਹੈ, ਜਿਸ ਨਾਲ ਅਜਿਹੇ ਵਿਦਿਆਰਥੀਆਂ ਨੂੰ ਅਰਜ਼ੀ ਪ੍ਰਕਿਰਿਆ ਪੂਰੀ ਕਰਨ ਦਾ ਆਖਰੀ ਮੌਕਾ ਮਿਲੇਗਾ।

ਡਾ. ਬਲਜੀਤ ਕੌਰ ਨੇ ਰਾਜ ਸਰਕਾਰ ਦੇ ਇਸ ਦ੍ਰਿੜ ਇਰਾਦੇ ਨੂੰ ਦੁਹਰਾਇਆ ਕਿ ਕੋਈ ਵੀ ਯੋਗ ਵਿਦਿਆਰਥੀ ਇਸ ਮਹੱਤਵਪੂਰਨ ਵਿਦਿਅਕ ਸਹਾਇਤਾ ਤੋਂ ਵਾਂਝਾ ਨਾ ਰਹੇ, ਅਤੇ ਵਿਦਿਆਰਥੀਆਂ ਅਤੇ ਸੰਸਥਾਵਾਂ ਨੂੰ ਇਸ ਵਧੇ ਹੋਏ ਮੌਕੇ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਅਪੀਲ ਕੀਤੀ।

ਨਵੇਂ ਲੇਖਕਾਂ ਨੂੰ ਨਜ਼ਰ ਵਿਚ ਰੱਖਦੇ ਹੋਏ ਅਸੀਂ ਇਹ ਕਾਲਮ 'ਸੋਨ ਸੁਨਹਿਰੀ ਕਲਮਾਂ' ਸ਼ੁਰੂ ਕੀਤਾ ਹੈ। ਇਸ ਵਿਚ ਲੇਖਕ ਦੇ ਜੀਵਨ ਦੀ ਸੰਖੇਪ ਜਾਣਕਾਰੀ ਦੇ ਨਾਲ ਉਸ ਦੀਆਂ ਰਚਨਾਵਾਂ ਵੀ ਪਾਠਕਾਂ ਦੇ ਰੂਬਰੂ ਕੀਤੀਆਂ ਜਾਂਦੀਆਂ ਹਨ।

## ਸੋਨ ਸੁਨਹਿਰੀ ਕਲਮਾਂ

# ਕਵਿਤਾ ਦੇ ਖੇਤਰ 'ਚ ਨਵੀਂ ਦਸਤਕ



ਪ੍ਰਵੀਨ ਚੌਧਰੀ

ਸਾਹਿਤ ਖੇਤਰ ਵਿਚ ਵੱਡੀਆਂ ਸੰਭਾਵਨਾਵਾਂ ਲੈ ਕੇ ਦਸਤਕ ਦੇਣ ਵਾਲੀ ਕਵਿੱਤਰੀ ਅਤੇ ਕਹਾਣੀਕਾਰ ਪ੍ਰਵੀਨ ਚੌਧਰੀ ਦਾ ਪਿੰਡ ਥੋਪੀਆ ਤੇ ਤਹਿਸੀਲ ਬਲਾਚੌਰ ਹੈ। ਉਹ ਆਪਣੇ ਪਿਤਾ ਪਵਨ ਚੌਹਾਨ ਅਤੇ ਮਾਂ ਸੰਤੋਸ਼ ਚੌਹਾਨ ਦੀ ਲਾਡਲੀ ਧੀ ਹੈ। ਪ੍ਰਾਇਮਰੀ ਤੋਂ ਲੈ ਕੇ ਮਾਸਟਰ ਡਿਗਰੀ ਦੀ ਸਿੱਖਿਆ ਹਾਸਲ ਕਰਨਾ ਉਸ ਦੇ ਬੌਧਿਕ ਗਿਆਨ ਵਿਚ ਨਿਪੁੰਨ ਹੋਣ ਦਾ ਪ੍ਰਮਾਣ ਹੈ। ਕਾਲਜ ਦੀ ਪੜ੍ਹਾਈ ਦੌਰਾਨ ਉਸ ਨੇ ਸੱਭਿਆਚਾਰਕ ਸਰਗਰਮੀਆਂ ਵਿਚ ਵੀ ਵਧ ਚੜ੍ਹ ਕੇ ਹਿੱਸਾ ਲੈਂਦੇ ਹੋਏ ਗਿੱਧੇ ਵਿਚ ਨਾਮਣਾ ਖੱਟਿਆ। ਉਹ ਸਰਵਗੁਣ ਸੰਪਨ ਹੈ ਕਿਉਂਕਿ ਉਸ ਨੇ ਖੇਡ ਦੇ ਮੈਦਾਨ ਵਿਚ ਵੀ ਹਾਕੀ ਫੜ ਕੇ ਆਪਣੀ ਯੋਗਤਾ ਦਾ ਦਿਖਾਈ। ਚੰਗੀ ਸੂਰਤ ਅਤੇ ਸੋਹਣੀ ਸੀਰਤ ਦੀ ਮਾਲਕ ਹੋਣ ਦੇ ਨਾਲ-ਨਾਲ ਉਸ ਨੇ ਆਪਣੀ ਕਲਮ ਦਾ ਇਸਤੇਮਾਲ ਕਰਦੇ ਹੋਏ ਸਮਾਜਿਕ ਪੀੜਾ ਨੂੰ ਬਿਆਨ ਕਰਦੀਆਂ ਮਿੰਨੀ ਕਹਾਣੀਆਂ ਅਤੇ ਕਵਿਤਾਵਾਂ ਦੀ ਰਚਨਾ ਕੀਤੀ। ਉਸ ਦੀਆਂ ਦਰਜਨਾਂ ਰਚਨਾਵਾਂ ਅਖ਼ਬਾਰਾਂ ਅਤੇ ਮੈਗਜ਼ੀਨਾਂ ਵਿਚ ਛਪ ਚੁੱਕੀਆਂ ਹਨ। ਅੱਜ ਉਹ ਆਪਣੇ ਪਤੀ ਬਾਲੀ ਖੇਪਰ ਦੇ ਸਹਿਯੋਗ ਨਾਲ ਸਹੁਰਾ ਪਿੰਡ ਬੇਗੋਵਾਲ ਤਹਿਸੀਲ ਬਲਾਚੌਰ ਤੋਂ ਸਾਹਿਤ ਦੇ ਨਵੇਂ ਪੰਨੇ ਸਿਰਜ ਰਹੀ ਹੈ। ਆਓ ਮਾਣਦੇ ਹਾਂ ਉਸ ਦੀਆਂ ਕਵਿਤਾਵਾਂ ਦਾ ਅਨੰਦ।

• ਰਾਮਦਾਸ ਬੰਗੜ
99153-53800

### ਕਵਿਤਾਵਾਂ



### ਰਿਸ਼ਤੇ

ਇਨਸਾਨੀਅਤ ਮਰ ਜਾਂਦੀ ਹੈ ਉਦੋਂ,
ਜਦੋਂ ਬੰਦੇ ਨਾਲ ਬੰਦਾ ਧੋਖਾ ਕਮਾਉਂਦਾ ਹੈ।
ਇਨਸਾਨੀਅਤ ਮਰ ਜਾਂਦੀ ਹੈ ਉਦੋਂ,
ਜਦੋਂ ਬੰਦਾ ਛੁਪਿਆ ਰੂਪ ਦਿਖਾਉਂਦਾ ਹੈ,
ਵਿਸ਼ਵਾਸ ਉਦੋਂ ਉੱਠਦਾ।
ਜਦੋਂ ਆਪਣਾ ਕੋਈ ਦਿਲ ਦਿਖਾਉਂਦਾ ਹੈ,
ਮਾਣ ਬੰਦੇ ਦਾ ਉਦੋਂ ਟੁੱਟਦਾ ਹੈ।
ਯਾਰ ਜਦੋਂ ਪਿੱਠ ਪਿੱਛੇ ਹਥਿਆਰ ਚਲਾਉਂਦਾ ਹੈ,
ਮਨ ਰਿਸ਼ਤਿਆਂ ਤੋਂ ਉਦੋਂ ਭਰ ਜਾਵੇ।
ਜਦੋਂ ਵੀਰ ਵੀਰ ਨਾਲ ਦਗਾ ਕਮਾਉਂਦਾ ਹੈ।

### ਮਾਂ

ਮੇਰਾ ਤੂੰ ਹੀ ਇਕ ਸਹਾਰਾ ਮਾਂ,
ਤੇਰਾ ਪਿਆਰ ਹੀ ਸਭ ਤੋਂ ਨਿਆਰਾ ਮਾਂ।
ਜਦ ਝਿੜਕਾਂ ਦੇ ਨਾਲ ਪਿਆਰ ਕਰੇ,
ਮੇਰੀਆਂ ਖ਼ੁਸ਼ੀਆਂ ਲਈ ਸਭ ਨਾਲ ਲੜੇ।
ਤੂੰ ਦਿਖੇ ਨਾ ਮੈਨੂੰ ਇਕ ਪਲ ਵੀ,
ਮਨ ਡਰ-ਡਰ ਇੱਕੋ ਗੱਲ ਕਹੇ।
ਤੇਰੇ ਬਿਨਾਂ ਨਾ ਕੋਈ ਕਿਨਾਰਾ ਮਾਂ,
ਮੇਰਾ ਤੂੰ ਹੀ ਇੱਕ ਸਹਾਰਾ।

ਸਾਡਾ ਪਤਾ ਹੈ-
ਸੰਪਾਦਕ, ਪੰਜਾਬੀ ਜਾਗਰਣ, ਸੀ-120, ਫੋਕਲ ਪੁਆਇੰਟ ਐਕਸਟੈਂਸ਼ਨ, ਇੰਡਸਟਰੀਅਲ ਏਰੀਆ, ਜਲੰਧਰ।
editormail@punjabi.jagran.com



# ਤੇਰੀ ਮੇਰੀ ਇਕ ਜਿੰਦੜੀ

**ਅਕਸਰ ਦੇਖਣ 'ਚ ਆਉਂਦਾ ਹੈ ਕਿ ਪਤੀ ਘਰ 'ਚ ਤਾਂ ਪਤਨੀ ਨਾਲ ਸੁਖਾਵਾਂ ਵਰਤਾਓ ਰੱਖਦਾ ਹੈ ਪਰ ਦੂਜਿਆਂ ਦੇ ਸਾਹਮਣੇ ਉਸ 'ਤੇ ਬੇਲੋੜਾ ਰੋਹਬ ਪਾਉਂਦਾ ਹੈ ਅਤੇ ਕਾਗ਼ਜ਼ੀ ਸ਼ੇਰ ਬਣਦਾ ਹੈ...**

ਪਰਮਜੀਤ ਕੌਰ ਸਰਹਿੰਦ

ਪਤੀ-ਪਤਨੀ ਦਾ ਰਿਸ਼ਤਾ ਬਹੁਤ ਅਪਣੱਤ ਭਰਿਆ ਤੇ ਮਜ਼ਬੂਤ ਹੁੰਦਾ ਹੋਇਆ ਵੀ ਬੜਾ ਨਾਜ਼ੁਕ ਹੁੰਦਾ ਹੈ। ਸਾਰੀ ਸ੍ਰਿਸ਼ਟੀ ਇਸੇ ਨਾਲ ਚੱਲਦੀ ਹੈ। ਇਸ ਨਾਜ਼ੁਕ ਰਿਸ਼ਤੇ ਨੂੰ ਤਿੜਕਣ ਤੋਂ ਬਚਾਉਣ ਲਈ ਸਾਨੂੰ ਕੁਝ ਨਿਯਮ ਅਪਣਾਉਣੇ ਜ਼ਰੂਰੀ ਹੁੰਦੇ ਨੇ ਪਰ ਆਮ ਤੌਰ 'ਤੇ ਉਹ ਅਪਣਾਉਣੇ ਨਹੀਂ ਜਾਂਦੇ, ਜਿਸ ਕਾਰਨ ਦੰਪਤੀ ਵਿਚ ਕਲਾਹ-ਕਲੇਸ਼ ਹੋਇਆ ਰਹਿੰਦਾ ਹੈ ਅਤੇ ਜੀਵਨ ਇਕ ਬੋਝ ਬਣ ਕੇ ਰਹਿ ਜਾਂਦਾ ਹੈ। ਸਭ ਤੋਂ ਜ਼ਰੂਰੀ ਤਾਂ ਪਤੀ ਪਤਨੀ ਦਾ ਇਕ-ਦੂਜੇ ਦੀ ਇੱਜ਼ਤ ਕਰਨਾ ਬਹੁਤ ਜ਼ਰੂਰੀ ਹੈ। ਪ੍ਰੇਮ ਦੇ ਨਾਲ ਰਲੀ ਹੋਈ ਇੱਜ਼ਤ ਇਸ ਰਿਸ਼ਤੇ ਨੂੰ ਬਹੁਤ ਹੀ ਸੁਖਾਵਾਂ ਬਣਾ ਦਿੰਦੀ ਹੈ ਬਰਾਬਰ ਦੇ ਹੱਕਾਂ ਵਾਲਾ ਰੌਲ਼ਾ ਕਦੇ-ਕਦੇ ਔਰਤ ਨੂੰ ਬੇਲੋੜੀ ਸ਼ਹਿ ਵੀ ਦੇ ਜਾਂਦਾ ਹੈ ਅਤੇ ਉਹ ਸ਼੍ਰਿਸ਼ਟਾਚਾਰ ਦੀਆਂ ਹੱਦਾਂ ਟੱਪਣ ਲੱਗਦੀ ਹੈ, ਜਿਸ ਨਾਲ ਪਤੀ ਦੇ ਮਨ ਨੂੰ ਠੇਸ ਲੱਗਦੀ ਹੈ ਅਤੇ ਗੁੱਸਾ ਵੀ। ਹੱਸਦੇ ਵਸਦੇ ਘਰ ਉੱਜੜ ਜਾਂਦੇ ਹਨ। ਪਤੀ ਪਤਨੀ ਦੋਵੇਂ ਆਪਣੇ ਵਤੀਰੇ ਅਤੇ ਫ਼ਰਜ਼ਾਂ ਪ੍ਰਤੀ ਸੁਚੇਤ ਰਹਿਣ। ਪਤਨੀ ਨੂੰ ਚਾਹੀਦਾ ਹੈ ਕਿ ਉਹ ਪਤੀ ਦੇ ਨਾਲ ਉਸ ਦੀ ਮਾਂ ਭੈਣ ਤੇ ਬਾਕੀ ਰਿਸ਼ਤੇਦਾਰਾਂ ਦੀ ਵੀ ਇੱਜ਼ਤ ਕਰੇ, ਖਿੜੇ ਮੱਥੇ ਮਿਲੇ, ਜਿਵੇਂ ਪਤੀ ਤੋਂ ਉਹ ਆਪਣਿਆ ਲਈ ਚਾਹੁੰਦੀ ਹੈ। ਇਸ ਨਾਲ ਅੱਗੋਂ ਬੱਚਿਆਂ ਦੇ ਮਨਾਂ 'ਚ ਵੀ ਮੋਹ ਦੇ ਬੀਜ ਪੁੰਗਰਦੇ ਨੇ ਅਤੇ ਉਹ ਚੰਗੇ ਸੰਸਕਾਰ ਗ੍ਰਹਿਣ ਕਰ ਕੇ ਸਭ ਤੋਂ ਆਦਰ ਕਰਨ ਦੀ ਜਾਚ ਸਿੱਖਦੇ ਨੇ।

### ਪਤਨੀ ਨਾਲ ਸੁਖਾਵਾਂ ਵਰਤਾਓ

ਇਹ ਵੀ ਦੇਖਣ ਨੂੰ ਆਉਂਦਾ ਹੈ ਕਿ ਆਮ ਤੌਰ 'ਤੇ ਪਤੀ ਆਪਣੀ ਪਤਨੀ ਨਾਲ ਸੁਖਾਵਾਂ ਵਰਤਾਓ ਰੱਖਦਾ ਹੈ ਪਰ ਦੂਜਿਆਂ ਦੇ ਸਾਹਮਣੇ ਉਹ ਪਤਨੀ 'ਤੇ ਬੇਲੋੜਾ ਰੋਹਬ ਪਾਉਂਦਾ ਹੈ ਅਤੇ ਕਾਗ਼ਜ਼ੀ ਸ਼ੇਰ ਬਣ ਜਾਂਦਾ ਹੈ। ਸਿਆਣੀ ਸਾਊ ਪਤਨੀ ਮੌਕਾ ਸਾਂਭ ਕੇ ਆਪਣੀ ਹੋਈ ਨਿਰਾਦਰੀ ਨੂੰ ਜ਼ਰ ਕੇ ਸਬਰ ਦਾ ਘੁੱਟ ਭਰ ਲੈਂਦੀ ਹੈ ਪਰ ਕਈ ਵਾਰ ਉਹ ਘਰ ਆ ਕੇ ਆਪ ਵੀ ਸ਼ੇਰਨੀ ਬਣ ਜਾਂਦੀ ਹੈ ਅਤੇ ਪਤੀ ਨਾਲ ਥੋੜ੍ਹੇ ਤਰਕ ਤਕਰਾਰ ਕਰਦੀ ਹੈ। ਕਿਸੇ ਵੇਲੇ ਗੱਲ ਵਧ ਵੀ ਜਾਂਦੀ ਹੈ। ਕਈ ਵਾਰ ਇਹ ਉਲਟ ਵੀ ਹੁੰਦਾ ਹੈ। ਚੰਗੀ ਭਲੀ ਸਿਆਣੀ-ਸੁਚੱਜੀ ਪਤਨੀ ਬਾਹਰ ਜਾ ਕੇ ਆਪਹੁਦਰੀ ਜਿਹੀ ਹੋ ਜਾਂਦੀ ਹੈ ਅਤੇ ਦੂਜਿਆ ਸਾਹਮਣੇ ਪਤੀ 'ਤੇ ਰੋਹਬ ਪਾਉਂਦੀ ਹੈ ਸਮਝਦਾਰ ਪਤੀ ਪਾਸਾ ਵੱਟ ਜਾਂਦਾ ਹੈ ਪਰ ਆ ਕੇ ਉਸ ਨੂੰ ਸਮਝਾਉਣ ਦੀ ਕੋਸ਼ਿਸ਼ ਕਰਦਾ ਹੈ। ਕਈ ਵਾਰ ਅਜਿਹੀ ਪਤਨੀ ਨੂੰ ਪਤੀ ਕਿਸੇ ਸਮਾਗਮ 'ਚ ਨਾਲ ਲੈ ਜਾਣ ਤੋਂ ਗੁਰੇਜ਼ ਕਰਦਾ ਹੈ ਕਈ ਪਤੀ ਪਤਨੀਆਂ ਸਾਹਮਣੇ ਭਰੀ ਮਹਿਫ਼ਲ ਵਿਚ ਮਾਊਂ ਬਣੇ ਰਹਿੰਦੇ ਨੇ। ਪਤਨੀਆਂ ਲੁਤਰ-ਲੁਤਰ ਬੋਲਦੀਆਂ ਉਨ੍ਹਾਂ ਨੂੰ ਉੱਕਾ ਹੀ ਨਹੀਂ ਗੌਲਦੀਆਂ। ਅਜਿਹੇ ਹਾਲਾਤ ਵਿਚ ਪਤੀ ਪਤਨੀ ਤਮਾਸ਼ਾ ਬਣ ਕੇ ਰਹਿ ਜਾਂਦੇ ਨੇ ਅਤੇ ਲੋਕ ਪਿੱਠ ਪਿੱਛੇ ਉਨ੍ਹਾਂ ਦਾ ਮੌਜੂ ਬਣਾਉਂਦੇ ਖਿੱਲੀ ਉਡਾਉਂਦੇ ਨੇ। ਅਜਿਹੀਆਂ ਗੱਲਾਂ ਦਾ ਦੋਵਾਂ ਜੀਆਂ ਨੂੰ ਬਹੁਤ ਧਿਆਨ ਰੱਖਣਾ ਚਾਹੀਦਾ ਹੈ ਅਤੇ ਸਮਾਜ 'ਚ ਆਪਣੀ ਚੰਗੇ ਪਤੀ-ਪਤਨੀ ਦੀ ਪਛਾਣ ਬਣਾਉਣੀ ਚਾਹੀਦੀ ਹੈ।

### ਜ਼ਿੰਮੇਵਾਰੀਆਂ ਦਾ ਬੋਝ

ਪਤਨੀ ਭਾਵੇਂ ਘਰੇਲੂ ਔਰਤ ਹੋਵੇ ਜਾਂ ਨੌਕਰੀ ਪੇਸ਼ਾ ਘਰ, ਪਰਿਵਾਰ ਤੇ ਬੱਚਿਆਂ ਦੀਆਂ ਬਹੁਤੀਆਂ ਜ਼ਿੰਮੇਵਾਰੀਆਂ ਦਾ ਬੋਝ ਉਸ ਦੇ ਸਿਰ ਹੀ ਹੁੰਦਾ ਹੈ। ਉਹ ਸਭ ਦਾ ਧਿਆਨ ਰੱਖਦੀ ਹੈ, ਉਸ ਦਾ ਧਿਆਨ ਕੌਣ ਰੱਖੇ? ਉਹ ਇਸ ਦੀ ਤਵੱਕੋ ਪਤੀ ਤੋਂ ਹੀ ਕਰ ਸਕਦੀ ਹੈ। ਇਕ ਹੋਰ ਗੱਲ ਵੀ ਬੜੀ ਮਹੱਤਵਪੂਰਨ ਹੈ, ਪਤਨੀ ਘਰੇਲੂ ਕੰਮ ਕਰਨ ਵਾਲੀ ਹੋਵੇ ਜਾਂ ਨੌਕਰੀ ਵਾਲੀ, ਮਰਦ ਘਰ ਦੇ ਕੰਮਾਂ 'ਚ ਉਸ ਦਾ ਹੱਥ ਵਟਾਉਣ ਨੂੰ ਆਪਣੀ ਹੇਠੀ ਸਮਝਦਾ ਹੈ। ਉਹ ਚਾਹੁੰਦਾ ਹੈ ਕਿ ਦਫ਼ਤਰੋਂ ਆਉਂਦੇ ਨੂੰ ਚਾਹ ਵੀ ਤਿਆਰ ਹੋਵੇ, ਭਾਵੇਂ ਪਤਨੀ ਵੀ ਉਸੇ ਵੇਲੇ ਕੰਮੋਂ ਪਰਤੀ ਹੋਵੇ ਪਰ ਚਾਹ ਪਤਨੀ ਹੀ ਬਣਾਵੇਗੀ। ਬਹੁਤ ਸਾਰੇ ਘਰਾਂ ਵਿਚ ਇਹੋ ਹਾਲ ਹੈ ਕੁਝ ਇਕ-ਦੁੱਕਾ ਘਰਾਂ 'ਚ ਪਤੀ ਖੁੱਲ੍ਹੀ ਸੋਚ ਵਾਲੇ ਤੇ ਦਰਿਆ ਦਿਲ ਹੁੰਦੇ ਨੇ ਜੋ, ਪਤਨੀ ਦਾ ਹੱਥ ਵਟਾਉਂਦੇ ਨੇ। ਆਮ ਤੌਰ 'ਤੇ ਪਤੀ ਬਾਹਰੋਂ ਆ ਕੇ ਜੁੱਤੇ ਕੱਪੜੇ ਉਤਾਰ ਕੇ ਇੱਧਰ ਉੱਧਰ ਹੀ ਰੱਖ ਦਿੰਦੇ ਨੇ, ਹਾਲਾਕਿ ਇਹ ਪੰਜ ਸੱਤ ਮਿੰਟ ਦਾ ਕੰਮ ਹੁੰਦਾ ਹੈ ਜੁੱਤੇ ਕੱਪੜੇ ਥਾਂ ਸਿਰ ਰੱਖ ਕੇ ਥਾਂ ਸਿਰ ਤੋਂ ਚੁੱਕ ਕੇ ਬਦਲ ਲਏ ਜਾਣ ਪਰ ਇਹ ਕੰਮ ਵੀ ਪਤਨੀ ਕਰ ਕੇ ਦੇਵੇਗੀ। ਉਹ ਘਰ ਦੇ ਧੰਦਿਆਂ ਵਿਚ ਉਲਝੀ ਇਹ 'ਸੇਵਾ' ਵੀ ਨਿਭਾਉਂਦੀ ਹੈ। ਪਤੀ ਨੂੰ ਹੱਥੀਂ ਕੰਮ ਕਰਨ ਦੀ ਆਦਤ ਪਾਉਣੀ ਚਾਹੀਦੀ ਹੈ। ਉਸ ਨੂੰ ਐਨੀ ਕੁ ਖੇਚਲ ਕਰ ਲੈਣੀ ਚਾਹੀਦੀ ਹੈ। ਐਨੀ ਦੇਰ ਵਿਚ ਪਤਨੀ ਚਾਹ ਨਾਸ਼ਤਾ ਲਿਆਵੇ ਅਤੇ ਬੱਚਿਆਂ ਨਾਲ ਰਲ ਕੇ ਬੈਠਿਆ ਜਾਵੇ। ਮੁੜ ਤਾਂ ਸਭ ਨੇ ਆਪੋ ਆਪਣੇ ਕਮਰਿਆਂ 'ਚ ਵੜ ਜਾਣਾ ਹੁੰਦਾ ਹੈ, ਟੀਵੀ, ਕੰਪਿਊਟਰ ਨਾਲ ਪਰਚ ਜਾਣਾ ਹੁੰਦਾ ਹੈ ਅਤੇ ਖਾਣੇ ਦੀ ਮੇਜ਼ 'ਤੇ ਵੀ ਮਸਾਂ ਇਕੱਠੇ ਹੁੰਦੇ ਨੇ। ਬੱਚਿਆਂ ਦੇ ਵਿਕਾਸ ਲਈ ਪਰਿਵਾਰ ਦਾ ਰਲ ਬੈਠਣਾ ਬਹੁਤ ਜ਼ਰੂਰੀ ਹੈ।

### ਔਰਤ ਨੂੰ ਦਾਸੀ ਸਮਝਣਾ

ਕਈ ਪਤੀ ਅੱਜ ਦੇ ਜ਼ਮਾਨੇ 'ਚ ਵੀ ਔਰਤ ਨੂੰ ਦਾਸੀ ਸਮਝਦੇ ਨੇ, ਇਹ ਕੌੜਾ ਸੱਚ ਹੈ। ਉਸ ਤੋਂ ਸਿਰ ਜਾਂ ਪੈਰ ਦਬਾਉਂਦੇ ਨੇ, ਘੁਟਾਉਂਦੇ ਨੇ ਪਰ ਆਪ ਜੇ ਪਤਨੀ ਨੂੰ ਤੇਜ਼ ਬੁਖ਼ਾਰ ਜਾਂ ਕੋਈ ਹੋਰ ਤਕਲੀਫ਼ ਹੋਵੇ, ਇੱਥੋਂ ਤਕ ਕਿ ਉਹ ਮੰਜੇ ਤੋਂ ਉੱਠਣ ਜੋਗੀ ਨਾ ਹੋਵੇ, ਉਸ ਨੂੰ ਚਾਹ ਦਾ ਕੱਪ ਬਣਾ ਕੇ ਦੇਣਾ ਵੀ ਔਖਾ ਸਮਝਦੇ ਨੇ। ਕਈ ਭਲੇ ਪਤੀ, ਪਤਨੀ ਦਾ ਪੂਰਾ ਖ਼ਿਆਲ ਰੱਖਦੇ ਨੇ। ਆਪ ਔਤਾਂ ਦੀ ਤਕਲੀਫ਼ 'ਚ ਵੀ ਪਤਨੀ 'ਤੇ ਬੋਝ ਨਹੀਂ ਬਣਦੇ, ਸਗੋਂ ਕਹਿੰਦੇ ਨੇ 'ਤੂੰ ਸਾਰਾ ਦਿਨ ਕੰਮ ਕਰਦੀ ਏ। ਘਰ ਵੀ ਤੇ ਬਾਹਰ ਵੀ। ਮੈਨੂੰ ਦੁਆਈ ਦੇ ਕੇ ਤੂੰ ਵੀ ਆਰਾਮ ਕਰ।' ਇਕ ਦੂਜੇ ਦੇ ਦੁੱਖ ਸੁੱਖ ਦਾ ਪੂਰਾ ਧਿਆਨ ਰੱਖਦੇ ਨੇ। ਅਜਿਹੇ ਜੋੜਿਆਂ ਦੇ ਘਰਾਂ ਵਿਚ ਰੱਬ ਦੀ ਰਹਿਮਤ ਵਰਸਦੀ ਹੈ। ਇੱਥੇ 'ਤੇਰੀ ਆਈ ਮੈਂ ਮਰ ਜਾ ਤੇਰਾ ਵਾਲ ਵਿੰਗਾ ਨਾ ਹੋਵੇ' ਵਾਲੀ ਗੱਲ ਪਤੀ-ਪਤਨੀ 'ਤੇ ਲਾਗੂ ਹੁੰਦੀ ਹੈ।



### ਗ਼ਲਤੀਆਂ ਦਾ ਪੁਤਲਾ

ਇਨਸਾਨ ਗ਼ਲਤੀਆਂ ਦਾ ਪੁਤਲਾ ਹੈ। ਇਹ ਗੱਲ ਜਗ ਜ਼ਾਹਿਰ ਹੈ। ਗ਼ਲਤੀ ਪਤੀ ਜਾਂ ਪਤਨੀ ਕਿਸੇ ਤੋਂ ਵੀ ਹੋ ਸਕਦੀ ਹੈ। ਮੈਂ ਸੋਚਦੀ ਹਾਂ ਜੇ ਗ੍ਰਹਿਸਥ ਵਿਚ ਵੀ 'ਟ੍ਰੈਫਿਕ ਨਿਯਮ' ਵਾਂਗ ਨਿਯਮ ਪਾਲੇ ਜਾਣ ਤਾਂ ਜੀਵਨ ਦੀ ਵਾਟ ਬੜੀ ਹੀ ਸਾਵੀਂ ਪੱਧਰੀ ਹੋ ਜਾਵੇ। ਜੇ ਇਕ ਨੂੰ ਕਿਸੇ ਗੱਲੋਂ ਦੂਜੇ 'ਤੇ ਗੁੱਸਾ ਆਵੇ ਤਾਂ ਦੂਜਾ ਰਤਾ ਠਰ੍ਹੰਮਾ ਰੱਖੇ ਤੇ ਪਾਸਾ ਵੱਟੇ। ਰਾਤ ਨੂੰ ਆਹਮੋ-ਸਾਹਮਣੇ ਤੋਂ ਆਉਂਦੀਆਂ ਗੱਡੀਆਂ ਦੀ ਤੇਜ਼ ਰੋਸ਼ਨੀ ਹਾਦਸੇ ਦਾ ਕਾਰਨ ਬਣ ਜਾਂਦੀ ਹੈ।

### ਗ੍ਰਹਿਸਥ ਦੀ ਗੱਡੀ

ਸਿੱਧੀ ਰੋਸ਼ਨੀ ਇਕ ਦੂਜੇ ਦੀਆਂ ਅੱਖਾਂ ਵਿਚ ਪੈਂਦੀ ਅਤੇ ਆਲੇ-ਦੁਆਲੇ ਜਾਂ ਸਾਹਮਣੇ ਕੁਝ ਦਿਖਾਈ ਨਹੀਂ ਦਿੰਦਾ ਤੇ ਹਾਦਸੇ ਹੋ ਜਾਂਦੇ ਨੇ। ਸਿਆਣਾ ਵਾਹਨ ਚਾਲਕ ਰੋਸ਼ਨੀ (ਲਾਈਟ) ਡਿਮ ਕਰਦਾ ਡਿੱਪਰ ਮਾਰਦਾ ਹੈ ਤਾਂ ਜੋ ਸਾਹਮਣੇ ਗੱਡੀ ਨੂੰ ਰਸਤਾ ਸਾਫ਼ ਦਿੱਸੇ। ਆਪ ਜ਼ਰਾ ਹੌਲੀ ਵੀ ਹੋ ਜਾਂਦਾ ਹੈ ਅਤੇ ਹਾਦਸਾ ਟਲ ਜਾਂਦਾ ਹੈ। ਜਿਹੜਾ ਚਾਲਕ ਹਉਮੈ ਜਾਂ ਕਾਹਲੀ ਕਾਰਨ ਤੇਜ਼-ਤਰਾਰ ਬਣਦੇ ਨਿਯਮ ਦੀ ਪਾਲਣਾ ਨਹੀਂ ਕਰਦੇ, ਉਹ ਗੱਡੀਆਂ ਆਮ ਤੌਰ 'ਤੇ ਕਿਸੇ ਮੋੜ 'ਤੇ ਹਾਦਸੇ ਦਾ ਸ਼ਿਕਾਰ ਹੋ ਜਾਂਦੀਆਂ ਹਨ। ਸੋ ਪਤੀ-ਪਤਨੀ ਵੀ ਜਦੋਂ ਅਜਿਹੇ ਨਾਜ਼ੁਕ ਦੌਰ 'ਚ ਖ਼ਤਰਨਾਕ ਮੋੜ 'ਤੇ ਆ ਜਾਣ ਤਾਂ ਉਦੋਂ ਇਕ ਜਣਾ ਗੁੱਸੇ ਦੀ ਗਰਮੀ ਰੋਸ਼ਨੀ ਨੂੰ ਜ਼ਰਾ ਡਿਮ ਕਰ ਲਵੇ, ਡਿੱਪਰ ਮਾਰੇ ਤਾਂ ਜੋ ਗੁੱਸੇ ਦੀ ਰੋਸ਼ਨੀ 'ਚ ਦੋਵਾਂ ਦਾ ਟਕਰਾਅ ਨਾ ਹੋਵੇ, ਹਾਦਸਾ (ਲੜਾਈ ਝਗੜਾ) ਨਹੀਂ ਤਾਂ ਅਜਿਹੇ ਹਾਦਸੇ ਗ੍ਰਹਿਸਥ ਦੀ ਗੱਡੀ ਨੂੰ ਤੋੜ ਭੰਨ ਦਿੰਦੇ ਨੇ। ਕੋਈ ਜ਼ਹਿਰ ਖਾ ਲੈਂਦਾ ਹੈ, ਕੋਈ ਰੇਲ ਗੱਡੀ ਥੱਲੇ ਆ ਜਾਂਦੈ ਅਤੇ ਕੋਈ ਕਿਸੇ ਨਦੀ ਨਹਿਰ 'ਚ ਜਾ ਡਿਗਦੈ। ਕਈ ਮਾਸੂਮ ਬੱਚਿਆਂ ਨੂੰ ਵੀ ਨਾਲ ਹੀ ਖ਼ਤਮ ਕਰ ਦਿੰਦੇ ਜਾਂ ਰੁਲਣ ਲਈ ਛੱਡ ਜਾਂਦੈ। ਸੋ, ਜ਼ਰਾ ਬਚ ਕੇ ਮੋੜ ਤੋਂ, ਜ਼ਰਾ ਸੰਭਲ ਕੇ ਪਾਸਾ ਵੱਟ ਕੇ, ਲਾਈਟ ਡਿਮ ਕਰ ਕੇ ਅਤੇ ਡਿੱਪਰ ਮਾਰ ਕੇ ਜ਼ਿੰਦਗੀ ਦੇ ਸੋਹਣੇ ਪਲ ਖ਼ੁਸ਼ੀ-ਖ਼ੁਸ਼ੀ ਮਾਣੇ ਜਾਣ। ਇਹ ਮਨੁੱਖਾ ਜਨਮ ਜਿਸ ਬਾਰੇ ਕਿਹਾ ਜਾਂਦੈ, 'ਚੁਰਾਸੀ ਲੱਖ ਜੂਨਾਂ ਬਾਅਦ ਮਿਲਦਾ ਹੈ, ਅਜਾਈਂ ਨਾ ਗੁਆਇਆ ਜਾਵੇ।' ਇਕ-ਦੂਜੇ ਦੇ ਸਾਹੀਂ ਜਿਊਂਦਿਆਂ ਲੋਕਗੀਤ ਦੇ ਬੋਲਾਂ ਨੂੰ ਸੱਚ ਕੀਤਾ ਜਾਵੇ। 'ਤੈਨੂੰ ਤਾਪ ਚੜ੍ਹੇ ਮੈਂ ਹੂੰਗਾ, ਤੇਰੀ ਮੇਰੀ ਇੱਕ ਜਿੰਦੜੀ।' •

98599-98728

## ਪੱਤਰ ਹਰੇ ਕਚੂਰ

# ਹਾਲਾਤ 'ਚੋਂ ਉੱਭਰੀ ਕਵਿਤਰੀ



ਨੀਰੂ ਜੱਸਲ
94646-06017

ਪੇਸ਼ੇ ਪੱਖੋਂ ਨੀਰੂ ਜੱਸਲ ਕੰਪਿਊਟਰ ਅਧਿਆਪਕਾ ਹੈ। ਕਵਿ-ਰਚਨਾ ਦਾ ਗੁਣ ਉਸ ਨੂੰ ਮਾਂ ਦੇ ਵਿਹੜੇ ਵਿੱਚੋਂ ਮਿਲਿਆ, ਮਨ ਵਿਚ ਆਏ-ਦਿਨ ਉੱਠਦੇ ਵਲਵਲਿਆਂ ਨੇ ਉਸ ਨੂੰ ਲਿਖਣਾ ਸਿਖਾ ਦਿੱਤੈ ਅਤੇ ਗਾਇਕੀ ਦਾ ਗੁਣ ਨੀਰੂ ਦੇ ਇਕਾਂਤ ਵਿਚਲਾ ਹਮਸਫ਼ਰ ਹੈ। ਨੀਰੂ ਨੂੰ ਦੂਰੋਂ ਤੱਕਣ ਵਾਲਾ ਸ਼ਖ਼ਸ ਉਸ ਵਰਗੀ ਹੀ ਜ਼ਿੰਦਗੀ ਜਿਊਣ ਦੀ ਕਲਪਨਾ ਕਰਨ ਲੱਗਦਾ ਹੈ ਪ੍ਰੰਤੂ ਜਦੋਂ ਸਮਾਂ ਪਾ ਕੇ ਜਦ ਦਿਲ ਦੀਆਂ ਪਰਤਾਂ ਖੁੱਲ੍ਹਦੀਆਂ ਹਨ ਤਾਂ ਉਹ ਵੀ ਘਬਰਾ ਜਾਂਦਾ ਹੈ। ਪਰ ਨੀਰੂ ਦਾ ਜ਼ਿੰਦਗੀ ਜਿਊਣ ਦਾ ਆਪਣਾ ਹੀ ਅੰਦਾਜ਼ ਹੈ। ਨੀਰੂ ਨੂੰ ਦੂਜਿਆਂ ਦੇ ਮੋਢੇ 'ਤੇ ਸਿਰ ਧਰ ਕੇ ਆਪਣੀ ਜ਼ਿੰਦਗੀ ਦੇ ਰੋਣੇ ਰੋਣਾ ਜ਼ਰਾ ਜਿੰਨਾ ਵੀ ਸਵੀਕਾਰ ਨਹੀਂ। ਉਹ ਕਾਗ਼ਜ਼ਾਂ ਨੂੰ ਮਾਂ ਦੀ ਗੋਦ ਤੇ ਕਾਵਿਕ ਬੋਲਾਂ ਨੂੰ ਹੰਝੂ ਸਵਿਕਾਰਦਿਆਂ ਸਭ ਕੁਝ ਆਪਣੀਆਂ ਕਵਿਤਾਵਾਂ 'ਚ ਪ੍ਰੋਅ ਛੱਡਦੀ ਹੈ। ਗ਼ੁਲਾਮ ਅਲੀ ਅਤੇ ਜਗਜੀਤ ਸਿੰਘ ਨੂੰ ਸੁਣਨਾ, ਸ਼ਿਵ, ਪਾਤਰ ਅਤੇ ਸੁਖਵਿੰਦਰ ਅਮ੍ਰਿਤ ਨੂੰ ਨੂੰ ਪੜ੍ਹਨਾ ਨੀਰੂ ਲਈ ਨਿੱਤ-ਨੇਮ ਹੈ। ਅਮ੍ਰਿਤ ਵਾਂਗ ਨੀਰੂ ਵੀ ਆਪਣੀ ਡਾਇਰੀ ਲੁਕਾ ਕੇ ਰੱਖਦੀ ਹੈ। ਉਸ ਨੂੰ ਡਰ ਹੈ ਕਿ ਉਸ ਦੀਆਂ ਕਵਿਤਾਵਾਂ ਉਸ ਦੇ ਦਰਦਾਂ ਦੇ ਪਾਜ ਨਾ ਉਧੇੜ ਦੇਣ। ਉਹ ਆਪਣੇ ਚਿਹਰੇ 'ਤੇ ਸਜਾਈ ਮੁਸਕਾਨ ਨੂੰ ਹੀ ਆਪਣੀ ਪਛਾਣ ਬਣਾਈ ਰੱਖਣਾ ਚਹੁੰਦੀ ਹੈ। ਸਾਰਾ ਦਿਨ ਗੁਲਾਬ ਵਾਂਗ ਖਿੜੇ ਰਹਿਣਾ ਉਸ ਦਾ ਸੁਭਾਅ ਹੈ। ਆਓ ਸਾਂਝ ਪਾਉਂਦੇ ਹਾਂ ਉਸ ਦੀ ਇਕ ਰਚਨਾ।

• ਰਾਜ ਹੀਉਂ
9815461875

### ਕਵਿਤਾ

ਮੇਰੇ ਬੁੱਲਾਂ 'ਤੇ ਆਇਆ ਗੀਤ ਵੀ ਅੰਗਾਰ ਬਣ ਜਾਵੇ।
ਉਹ ਕੌੜੇ ਬੋਲ ਵੀ ਬੋਲੇ ਤਾਂ ਉਹ ਫ਼ਨਕਾਰ ਬਣ ਜਾਵੇ।

ਮੇਰਾ ਜੇ ਦਿਲ ਵੀ ਰੋਵੇ ਤਾਂ ਜ਼ਮਾਨਾ ਕੋਸਦੈ ਮੈਨੂੰ,
ਉਦ੍ਹੇ ਤਾਂ ਹੰਝੂਆਂ ਤੋਂ ਮੋਤੀਆਂ ਦਾ ਹਾਰ ਬਣ ਜਾਵੇ।

ਜੋ ਮਿੱਠੇ ਬੋਲ ਬੋਲੇ ਪਰ ਕਰੇ ਵਾਅਦੇ ਸਦਾ ਝੂਠੇ,
ਕਿਉਂ ਉਹੀ ਸਦਾ ਜਿੱਤੇ, ਉਦ੍ਹੀ ਸਰਕਾਰ ਬਣ ਜਾਵੇ।

ਉਹ ਮੂਰਤ ਹੈ ਖ਼ੁਦਾ ਦੀ ਜਾਂ ਖ਼ੁਦਾ ਦਾ ਰੂਪ ਹੈ ਦਿਸਦਾ,
ਉਦ੍ਹੀ ਬੁੱਕਲ 'ਚ ਜੋ ਆਵੇ, ਉਹੀ ਅਵਤਾਰ ਬਣ ਜਾਵੇ।

ਉਹ ਕਰਦੈ ਜੇ ਕਤਲ ਵੀ ਤਾਂ, ਇਹ ਉਸ ਦੀ ਅਦਾ ਜਾਪੇ,
ਮੇਰਾ ਮੁੱਖ ਮੋੜਨਾ ਵੀ ਕਿਉਂ ਅਨੋਖਾ ਵਾਰ ਬਣ ਜਾਵੇ।

ਤਲੀ 'ਤੇ ਜਾਨ ਹੈ ਰੱਖਦਾ, ਜੋ ਅਜਨਬੀਆਂ ਦੀ ਖ਼ਾਤਰ,
ਅਹੁ ਬੰਦਾ, ਬੰਦਾ ਨਾ ਹੋ ਕੇ ਪਰਬਤਦਿਗਾਰ ਬਣ ਜਾਵੇ।

ਮੇਰਾ ਦਿਲ ਦੇ ਸਦਾਵਾਂ ਥੱਕਿਆ ਹਰ ਆਪਣੇ ਪਰਾਏ ਨੂੰ,
ਆਖ਼ਰ ਕੋਈ ਤਾਂ ਆ ਕੇ, ਮੇਰਾ ਗ਼ਮਖ਼ਾਰ ਬਣ ਜਾਵੇ।

'ਨੀਰ' ਮੌਕੇ 'ਤੇ ਜੋ ਫੜਿਆ ਉਹ ਲੱਗਦਾ ਚੋਰ ਹੈ ਤੈਨੂੰ,
ਜੋ ਸਾਢ੍ਹੋਂ ਦੇ ਰਿਹਾ ਧੋਖਾ, ਉਹ ਇਜ਼ਤਦਾਰ ਬਣ ਜਾਵੇ।



### ਐਸੀ ਰੀਤ

ਕਿਉਂ ਰੀਤ ਤੂੰ ਜਗ 'ਤੇ ਐਸੀ ਚਲਾਈ ਰੱਬਾ,
ਮੂਰਖ ਨੂੰ ਦੇਵੇ ਕਿਉਂ ਸੁਗੜ ਕਰਕੇ ਕਮਾਈ ਰੱਬਾ।
ਉਹ ਐਸ਼ ਅਰਾਮ ਵਿਚ ਨਿੱਤ ਰਹਿੰਦੇ ਨੇ,
ਜਾਂਦਾ ਗ਼ਰੀਬਾਂ ਨੂੰ ਕਿਉਂ ਤਰਸਾਈ ਰੱਬਾ।
ਜੋ ਪਲ-ਪਲ ਕਰਦੇ ਧੱਕੇਸ਼ਾਹੀਆਂ ਨੇ,
ਕਿਉਂ ਜਾਂਦਾ ਉਨ੍ਹਾਂ ਦਾ ਸਾਥ ਨਿਭਾਈ ਰੱਬਾ।
ਉਨ੍ਹਾਂ ਹੈਵਾਨੀਅਤ ਹਰ ਹੱਦ ਕਰ ਲਈ ਪਾਰ,
ਭੁੱਲ ਕੇ ਗਏ ਅੱਜ ਬੰਦੇ ਤੇਰੇ ਖ਼ੁਦਾਈ ਰੱਬਾ।
ਉਹ ਹਰ-ਪਲ ਹੀ ਸੱਚ ਦਾ ਘਾਣ ਕਰਦੇ,
ਜਾਂਦਾ ਕਾਫ਼ਰਾ ਨੂੰ ਰਾਜ 'ਤੇ ਬਠਾਈ ਰੱਬਾ।
ਉਹ ਲਹੂ ਨਿੱਤ ਉਨ੍ਹਾਂ ਮਜ਼ਦੂਰਾਂ ਦਾ ਪੀਂਦੇ ਨੇ,
ਜੋ ਕਰਦੇ ਲਹੂ ਪਸੀਨੇ ਦੀ ਕਮਾਈ ਰੱਬਾ।
ਉਹ ਨਿੱਤ ਨਵੇਂ ਲਾਰਿਆ ਵਿਚ ਰੱਖਦੇ ਨੇ,
ਮਿੱਠਿਆਂ ਜ਼ਬਾਨਾਂ ਨਾਲ ਜਾਂਦੇ ਭਰਮਾਈ ਰੱਬਾ।
ਜਿਨ੍ਹਾਂ ਉਨ੍ਹਾਂ ਮੋਹਰੇ ਆਣ ਜ਼ਬਾਨ ਖੋਲ੍ਹੀ,
ਜਾਨ ਆਪਣੀ ਹੀ ਖ਼ਤਰੇ ਵਿਚ ਪਾਈ ਰੱਬਾ।
ਹਰ ਇੱਛਾ ਉਨ੍ਹਾਂ ਦੀ ਤੂੰ ਕਰ ਪੂਰੀ,
ਜਾਂਦਾ ਨਿਮਾਣਿਆ ਨੂੰ ਕਿਉਂ ਤਰਸਾਈ ਰੱਬਾ।
ਖ਼ੁਦ ਬਣ ਕੇ ਨਵਾਬ ਉਹ ਬਹਿ ਗਏ ਨੇ,
ਲਹੂ ਪੀਂਦੇ ਨਿੱਤ ਬਣ ਉਹ ਕਸਾਈ ਰੱਬਾ।
ਝੋਲੀ ਅੱਡ ਕੇ ਤੇਰੇ ਦਰਬਾਰ ਅੱਗੇ,
ਭਰਾਂ ਲੋੜਵੰਦਾਂ ਦੀ ਮੈਂ ਗਵਾਈ ਰੱਬਾ।
ਦੱਸ ਬੇਕਦਰਾ ਨੂੰ ਹਰ ਖ਼ੁਸ਼ੀ ਦੇ ਕੇ,
ਜਾਂਦਾ ਜਗ ਨੂੰ ਕਿਝ ਚਲਾਈ ਰੱਬਾ।
ਹੱਥ ਜੋੜ ਕੇ ਤੇਰੇ ਅੱਗੇ ਸੁੱਖ ਆਖੇ,
ਹੋਰ ਨਾ ਉਨ੍ਹਾਂ ਹੱਥੋਂ ਹਲਾਲ ਕਰਾਈ ਰੱਬਾ।

• ਸੁਖਵੰਤ ਕੌਰ, 87278-46145

### ਗ਼ਜ਼ਲ



ਦਿਲ ਦਾ ਦਰਦ ਸੁਣਾਈ ਨਾ।
ਕਿਸੇ ਕੋਲ ਕੁਰਲਾਈ ਨਾ।
ਕੌਣ ਸੁਣਦਾ ਪੀੜ ਪਰਾਈ,
ਫਿਰ ਵੀ ਤੂੰ ਘਬਰਾਈ ਨਾ।
ਅੰਦਰ ਦਾਰੂ ਦਰਦਾਂ ਦੀ ਏ,
ਉਹ ਨੂੰ ਕਦੇ ਗਵਾਈ ਨਾ।
ਲੋਕਾਂ ਦੀਆਂ ਖ਼ੁਸ਼ੀਆਂ ਵੇਖ,
ਕਦੇ ਵੀ ਕੁਮਲਾਈ ਨਾ।
ਦੁੱਖਾਂ ਦੀ ਪੰਡ, ਵੇਖ ਕਿਸੇ ਦੀ,
ਭੁੱਲ ਕੇ ਵੀ ਮੁਸਕਰਾਈ ਨਾ।
ਪਾਕ ਪਵਿੱਤਰ ਰੱਖੀਂ ਨੀਤ,
ਬਦਨੀਤ ਅਖਵਾਈ ਨਾ।
'ਅਟਵਾਲ' ਸੱਚ ਹਮੇਸ਼ਾ ਸੱਚ ਰਹਿਣਾ,
ਝੂਠ ਨੂੰ ਗਲ਼ ਨਾਲ ਲਾਈ ਨਾ।

• ਕਰਨੈਲ ਅਟਵਾਲ, 75082-75052

# ਛੱਲਾ ਮੰਗੇ ਦੁਆਵਾਂ...

**ਛੱਲਾ ਪਰਿਵਾਰਕ ਰਿਸ਼ਤਿਆਂ, ਵਿਛੋੜਿਆਂ ਅਤੇ ਦੁਖਾਂਤ ਦੀ ਦਰਦ ਭਰੀ ਕਹਾਣੀ ਹੈ ਜੋ ਸਾਨੂੰ ਦੁਆਵਾਂ ਮੰਗਣ ਲਈ ਪ੍ਰੇਰਦੀ ਹੈ ਕਿ ਕਦੇ ਕਿਸੇ ਪਿਓ ਤੋਂ ਉਸ ਦਾ ਪੁੱਤ ਨਾ ਵਿਛੜੇ, ਕਦੇ ਬਚਪਨ ਮਾਂ ਤੋਂ ਵਾਂਝਾ ਨਾ ਹੋਵੇ ਤੇ ਕਦੇ ਕੋਈ ਯਤੀਮ ਨਾ ਹੋਵੇ...**

ਸੁਖਵੀਰ ਸਿੰਘ ਕੰਗ

ਪੰਜਾਬੀ ਬੋਲੀ ਵਿਚ ਛੱਲੇ ਦੇ ਦੋ ਰੂਪ ਹਨ। ਪਹਿਲਾ ਹੱਥ ਦੀਆਂ ਉਂਗਲਾਂ ਵਿਚ ਪਹਿਨਿਆ ਜਾਣ ਵਾਲਾ ਬਿਨਾਂ ਨਗ ਤੋਂ ਮੁੰਦਰੀ ਵਰਗਾ ਗਹਿਣਾ ਹੈ ਜੋ ਆਮ ਤੌਰ 'ਤੇ ਚੀਚੀ ਵਿਚ ਪਾਇਆ ਜਾਂਦਾ ਹੈ ਇਹ ਪਿਆਰ ਦੀ ਨਿਸ਼ਾਨੀ ਵਜੋਂ ਵੀ ਜਾਣਿਆ ਜਾਂਦਾ ਹੈ। ਛੱਲੇ ਦਾ ਦੂਸਰਾ ਰੂਪ ਪੰਜਾਬੀ ਗਾਇਕੀ ਦੀ ਇਕ ਸ਼ੈਲੀ ਹੈ ਜਿਸ ਉੱਤੇ ਬਹੁਤ ਸਾਰੇ ਗਾਇਕਾਂ ਨੇ ਗਲਾ ਅਜ਼ਮਾਇਆ। ਕੁਝ ਗਾਇਕ ਛੱਲੇ ਨੂੰ ਗਾ ਕੇ ਅਮਰ ਕਰ ਗਏ ਅਤੇ ਕੁਝ ਇਸ ਨੂੰ ਗਾ ਕੇ ਮਕਬੂਲ ਹੋਏ। ਛੱਲਾ ਅਸਲ ਵਿਚ ਪੁੱਤਰ ਵਿਯੋਗ ਅਤੇ ਮਨੁੱਖੀ ਰਿਸ਼ਤਿਆਂ ਦੀ ਬਾਤ ਪਾਉਂਦਾ ਹੈ। ਛੱਲਾ ਪਿਓ ਨਾਲੋਂ ਜਵਾਨ ਪੁੱਤ ਦੇ ਵਿਛੋੜੇ, ਮਾਂ ਦੀ ਅਣਹੋਂਦ, ਧੀਆਂ ਦੇ ਪਰਾਏ ਹੋਣ, ਮਾਪਿਆਂ ਦੇ ਤੁਰ ਜਾਣ ਅਤੇ ਕਿਤੇ ਮੁਹੱਬਤ ਦੇ ਦੂਰ ਹੋਣ ਦੇ ਦਰਦ ਦੀ ਡੂੰਘੀ ਰਮਜ਼ ਹੈ। ਲੋਕ ਕਥਾ ਅਨੁਸਾਰ ਚੜ੍ਹਦੇ ਅਤੇ ਲਹਿੰਦੇ ਪੰਜਾਬ ਦੇ ਗੀਤਾਂ ਦੀ ਇਸ ਗਾਇਨ ਵਿਧਾ ਦਾ ਨਾਇਕ ਛੱਲਾ ਇਕ ਮਲਾਹ ਜਲਾਲਦੀਨ ਉਰਫ਼ ਜੱਲੇ ਦੇ ਘਰ ਪੈਦਾ ਹੋਇਆ ਜਿਸ ਦੀ ਦੋ ਸਾਲਾਂ ਦੀ ਛੋਟੀ ਉਮਰੇ ਹੀ ਮਾਂ ਮਰ ਗਈ ਸੀ। ਜੱਲੇ ਨੇ ਛੱਲੇ ਨੂੰ ਬੜੇ ਲਾਡਾਂ ਨਾਲ ਪਾਲਿਆ ਅਤੇ ਕਿਸ਼ਤੀ ਠੇਲ੍ਹਣ ਵੇਲੇ ਵੀ ਉਸ ਨੂੰ ਨਾਲ ਹੀ ਲੈ ਜਾਂਦਾ। ਪਿਓ ਦੇ ਪਿਆਰ ਅਤੇ ਚੰਗੀ ਖ਼ੁਰਾਕ ਸਦਕਾ ਛੱਲਾ 12 ਸਾਲ ਦੀ ਉਮਰੇ ਹੀ ਸੋਹਣਾ ਅਤੇ ਭਰ ਜੁਆਨ ਹੋ ਗਿਆ। ਇਕ ਦਿਨ ਕੰਮ 'ਤੇ ਹੀ ਜੱਲੇ ਦੀ ਸਿਹਤ ਖ਼ਰਾਬ ਹੋ ਗਈ ਅਤੇ ਉੱਧਰੋਂ ਸਵਾਰੀਆਂ ਆ ਗਈਆਂ। ਜੱਲੇ ਨੇ ਸਵਾਰੀਆਂ ਨੂੰ ਦਰਿਆ ਪਾਰ ਬੇੜੀ ਲਿਜਾ ਸਕਣ ਤੋਂ ਬੇਬਸੀ ਜ਼ਾਹਰ ਕੀਤੀ ਤਾਂ ਸਵਾਰੀਆਂ ਨੇ ਧੀ ਦੇ ਸ਼ਗਨਾਂ ਦੇ ਕਾਰਜ ਦਾ ਵਾਸਤਾ ਪਾਇਆ ਅਤੇ ਉਸ ਦੇ ਜਵਾਨ ਹੋ ਰਹੇ ਪੁੱਤਰ ਛੱਲੇ ਨੂੰ ਬੇੜੀ ਲੈ ਕੇ ਪਾਰ ਛੱਡ ਆਉਣ ਦੀ ਜ਼ਿੱਦ ਕੀਤੀ। ਜੱਲਾ ਮਜਬੂਰੀ ਵੱਸ ਛੱਲੇ ਨੂੰ ਜੋ ਕਿ ਹਾਲੇ ਬੇੜੀ ਦਾ ਮਾਹਰ ਨਹੀਂ ਸੀ, ਬੇੜੀ ਲੈ ਕੇ ਜਾਣ ਦੀ ਇਜਾਜ਼ਤ ਦੇ ਦਿੰਦਾ ਹੈ। ਬੇੜੀ ਲੈ ਕੇ ਗਿਆ ਛੱਲਾ ਵਾਪਸ ਨਾ ਪਰਤਿਆ। ਜੱਲਾ ਦਰਿਆ ਕੰਢੇ ਉਸ ਦੀ ਉਡੀਕ ਕਰਦਾ ਰਿਹਾ, ਦਿਨ ਢਲ ਗਿਆ, ਉਹ ਪਿੰਡ ਵਾਲਿਆਂ ਨੂੰ ਨਾਲ ਲੈ ਕੇ ਵੀ ਭਾਲ ਕਰਦਾ ਰਿਹਾ ਪਰ ਛੱਲਾ ਮੁੜ ਨਾ ਲੱਭਿਆਂ ਤਾਂ ਜੱਲਾ ਪਾਗਲ ਹੋ ਗਿਆ। ਉਹ ਦਿਨ ਰਾਤ ਦਰਿਆ ਕੰਢੇ ਘੁੰਮਦਾ ਰਹਿੰਦਾ ਅਤੇ ਰੋਂਦਾ ਰਹਿੰਦਾ :

ਛੱਲਾ ਮੁੜਕੇ ਨੀ ਆਇਆ
ਰੋਣਾ ਉਮਰਾਂ ਦਾ ਪਾਇਆ
ਮੱਲਿਆ ਈ ਦੇਸ਼ ਪਰਾਇਆ
ਓ ਗੱਲ ਸੁਣ ਛੱਲਿਆ ਕਾਵਾਂ
ਓ ਮਾਵਾਂ ਠੰਡੀਆਂ ਛਾਵਾਂ...

ਜਿਨ੍ਹਾਂ ਲਫ਼ਜ਼ਾਂ 'ਚ ਪਰੋ ਕੇ ਉਸ ਨੇ ਆਪਣਾ ਦਰਦ ਵਿਅਕਤ ਕੀਤਾ, ਉਹੀ ਅੱਗੇ ਚੱਲ ਕੇ ਪੰਜਾਬੀ ਗੀਤਾਂ ਦੀ ਇਕ ਸ਼ੈਲੀ 'ਛੱਲੇ' ਦੇ ਨਾਂ ਨਾਲ ਪ੍ਰਸਿੱਧ ਹੋਏ :

ਛੱਲਾ ਬੇੜੀ ਪੂਰ ਏ
ਵਤਨ ਮਾਹੀ ਦਾ ਦੂਰ ਏ
ਜਾਣਾ ਪਹਿਲੇ ਪੂਰ ਏ
ਓ ਗੱਲ ਸੁਣ ਛੱਲਿਆ ਕਾਵਾਂ
ਓ ਮਾਵਾਂ ਠੰਡੀਆਂ ਛਾਵਾਂ
ਛੱਲਾ ਨੌ ਨੌ ਖੇਵੇ
ਪੁੱਤਰ ਮਿਠੜੇ ਮੇਵੇ
ਅੱਲ੍ਹਾ ਸਭ ਨੂੰ ਦੇਵੇ
ਗੱਲ ਸੁਣ ਛੱਲਿਆ...
ਛੱਲਾ ਚੀਚੀ ਪਾਇਆ
ਧੀਆਂ ਧੰਨ ਵੇ ਪਰਾਇਆ
ਮੁੜ ਕੇ ਫੇਰਾ ਨਾ ਪਾਇਆ
ਓ ਗੱਲ ਸੁਣ...
ਛੱਲਾ ਗਲ਼ ਦੇ ਗਹਿਣੇ
ਸਦਾ ਮਾਪੇ ਨੀ ਰਹਿਣੇ
ਦੁੱਖ ਜਿਦੜੀ ਦੇ ਸਹਿਣੇ
ਓ ਗੱਲ ਸੁਣ ਛੱਲਿਆ...

ਛੱਲੇ ਦੀ ਦਾਸਤਾਨ ਦੇ ਵਿਸਥਾਰ ਵਿਚ ਜਾਣ ਤੇ ਪਰਸਪਰ ਦੋ ਕਹਾਣੀਆਂ ਉੱਭਰਦੀਆਂ ਹਨ। ਉਪਰੋਕਤ ਪਹਿਲਾ ਬਿਰਤਾਂਤ ਲੋਕ ਦਾਸਤਾਨ ਗਾਇਕ ਫਜ਼ਲ ਸ਼ਾਹ ਦੇ ਗੋਦ ਲਏ ਪੁੱਤਰ ਆਸ਼ਿਕ ਹੁਸੈਨ ਜੱਟ ਦੁਆਰਾ ਲਿਖਿਆ ਅਤੇ ਗਾਇਆ ਗਿਆ। ਅੱਜ ਇਹ ਉਨ੍ਹਾਂ ਦੀ ਗਾਇਕੀ ਦੇ ਤੀਜੀ ਪੀੜ੍ਹੀ ਦੇ ਵਾਰਿਸ ਫ਼ਜ਼ਲ ਜੱਟ ਦੀ ਜ਼ੁਬਾਨੀ ਸੁਣਿਆ ਜਾ ਸਕਦਾ ਹੈ। ਇਸ ਵਿਚ ਛੋਟੇ ਬੱਚਿਆਂ ਲਈ ਮਾਂ ਦੀ ਛਤਰ-ਛਾਇਆ ਦੀ ਮਹਾਨਤਾ ਦਾ ਵੀ ਜ਼ਿਕਰ ਮਿਲਦਾ ਹੈ। ਜੱਲੇ ਨੇ ਮਨ ਵਿਚ ਇਹ ਦੁੱਖ ਹੈ ਕਿ ਜੇ ਛੱਲੇ ਦੀ ਮਾਂ ਜਿਉਂਦੀ ਹੁੰਦੀ ਤਾਂ ਉਹ ਉਸ ਨੂੰ ਕੰਮ ਤੇ ਨਾਲ ਨਾ ਲਿਆਉਂਦਾ ਅਤੇ ਉਹ ਛੱਲੇ ਨੂੰ ਨਾ ਗੁਆਉਂਦਾ :

ਮਾਂ ਦੀ ਸ਼ਾਨ ਸੁਣਾਵਾਂ
ਚੰਨ ਨੂੰ ਚਿਰਾਗ ਵਿਖਾਵਾਂ
ਹਰ ਵੇਲੇ ਏਹੋ ਗਾਵਾਂ
ਕਿ ਮਾਵਾਂ ਠੰਡੀਆਂ ਛਾਵਾਂ...

ਪਹਿਲਾ ਬਿਰਤਾਂਤ ਇਸ ਘਟਨਾ ਨੂੰ ਸਤਲੁਜ ਦੇ ਹਰੀਕੇ ਪੱਤਣ ਦੀ ਦੱਸਦਾ ਹੈ। ਚੜ੍ਹਦੇ ਪੰਜਾਬ ਦੇ ਨਾਮਵਰ ਗਾਇਕ ਸੁਰਿੰਦਰ ਛਿੰਦੇ ਨੇ ਵੀ ਕਹਾਣੀ ਰੂਪ ਵਿਚ ਇੰਝ ਹੀ ਗਾਇਆ ਹੈ। ਜਦ ਕਿ ਦੂਸਰੇ ਬਿਰਤਾਂਤ ਅਨੁਸਾਰ ਇਹ ਘਟਨਾ ਪਾਕਿਸਤਾਨ ਦੇ ਗੁਜਰਾਤ ਵਿਚ ਵਗਦੇ ਝਨਾਂ ਦਰਿਆ ਕੰਢੇ ਵਾਪਰੀ ਦੱਸੀ ਗਈ ਹੈ ਅਤੇ ਜੱਲੇ ਦਾ ਪਿੰਡ ਮਲਕਵਾਲ ਦੱਸਿਆ ਹੈ ਜੋ ਕਿ ਪੰਜਾਬੀ ਦੇ ਨਾਮਵਰ ਗਾਇਕ ਭਰਾਵਾਂ ਸ਼ੌਕਤ ਅਲੀ ਅਤੇ ਇਨਾਇਤ ਅਲੀ ਦਾ ਵੀ ਪਿੰਡ ਹੈ। ਦੱਸਣਯੋਗ ਹੈ ਕਿ 'ਛੱਲੇ' ਦੀ ਸਭ ਤੋਂ ਪਹਿਲੀ ਰਿਕਾਰਡਿੰਗ ਵੀ ਇਨਾਇਤ ਅਲੀ ਦੀ ਹੀ ਹੈ। ਜੋ 1977 ਵਿਚ ਹੋਈ ਅਤੇ ਅੱਜ ਵੀ ਉਪਲੱਬਧ ਹੈ। ਫਿਰ ਸ਼ੌਕਤ ਅਲੀ ਨੇ ਵੀ ਛੱਲਾ ਗਾਇਆ। ਦੋਵਾਂ ਭਰਾਵਾਂ ਦਾ ਬਹੁਤ ਮਕਬੂਲ ਹੋਇਆ ਛੱਲਾ ਆਪਸ ਵਿਚ ਕਾਫ਼ੀ ਮੇਲ ਖਾਂਦਾ ਹੈ। ਜੋ ਦੂਸਰੇ ਬਿਰਤਾਂਤ ਦੇ ਕਾਫ਼ੀ ਨੇੜੇ ਹੈ। ਇਸ ਦੀ ਬਾਕੀ ਕਹਾਣੀ ਓਹੀ ਹੈ ਪਰ ਇਸ ਅਨੁਸਾਰ ਛੱਲੇ ਦੇ ਇਕੱਲੇ ਬੇੜੀ ਲਿਜਾਣ ਦਾ ਸਬੱਬ ਪਿਓ-ਪੁੱਤਰ ਵਿਚ ਹੋਏ ਝਗੜੇ ਦੀ ਨਰਾਜ਼ਗੀ ਸੀ। ਇਸੇ ਕਰਕੇ ਅਲੀ ਭਰਾਵਾਂ ਦੇ ਛੱਲੇ ਅਰੰਭ ਇੰਝ ਹੁੰਦਾ ਹੈ :

ਜਾਵੇ ਨੀ ਕੋਈ ਮੋੜ ਲਿਆਵੇ
ਮੇਰੇ ਨਾਲ ਗਿਆ ਅੱਜ ਲੜ ਕੇ।
ਅੱਲ੍ਹਾ ਕਰੇ ਆ ਜਾਵੇ ਸੋਹਣਾ
ਦੇਵਾਂ ਜਾਨ ਕਦਮਾਂ ਵਿਚ ਧਰ ਕੇ...

ਇਨਾਇਤ ਅਲੀ ਕਹਿੰਦਾ ਹੈ :

ਅੱਖੀਂ ਵੇਂਹਦਿਆਂ ਕੰਡ ਕਰ ਤੁਰਿਆ
ਹੁਣ ਰੋ-ਰੋ ਦੇਵਾਂ ਦੁਹਾਈ
ਲੋਕਾਂ ਦੀਆਂ ਝੋਕਾਂ ਵਸਦੀਆਂ ਪਈਆਂ
ਕਦੀ ਸਾਡੀ ਵੀ ਵਸਦੀ ਆਹੀ...

ਦੂਸਰੇ ਬਿਰਤਾਂਤ ਅਨੁਸਾਰ ਸਵਾਰੀਆਂ ਦੇ ਵਾਸਤੇ ਤੋਂ ਇਲਾਵਾ ਛੱਲੇ ਦਾ ਆਪਣੇ ਸਨੇਹੀ ਨਾਲ ਕੀਤਾ ਵਾਅਦਾ ਵੀ ਸੀ ਕਿ ਉਹ ਪਿਓ ਦੀ ਗ਼ੈਰ ਮੌਜੂਦਗੀ ਵਿਚ ਬੇੜੀ ਦਰਿਆ ਵਿਚ ਲੈ ਕੇ ਗਿਆ। ਉਸ ਦਾ ਸਨੇਹੀ ਦਰਿਆ ਪਾਰ ਉਸ ਦੀ ਮੁਹੱਬਤ ਨੂੰ ਨਾ ਮਿਲਾਉਣ ਤੇ ਉਸ ਦੇ ਸਿਰ ਚੜ੍ਹ ਮਰਨ ਦੀ ਧਮਕੀ ਦਿੰਦਾ ਹੈ :

ਛੱਲਾ ਕਾਲੀਆਂ ਮਰਚਾਂ
ਮਹੁਰਾ ਪੀ ਕੇ ਮਰਸਾਂ
ਸਿਰੇ ਤੇਰੇ ਚੜ੍ਹ ਸਾਂ
ਗੱਲ ਸੁਣ ਛੱਲਿਆ ਢੋਲਾ
ਸਾੜ ਕੇ ਕੀਤਾ ਈ ਕੋਲਾ...

ਫ਼ਜ਼ਲ ਜੱਟ ਅਤੇ ਅਲੀ ਭਰਾਵਾਂ ਦੇ ਗਾਏ ਕੁਝ ਬੰਦਾਂ ਦੀ ਸ਼ਬਦਾਵਲੀ ਦਾ ਵੀ ਫ਼ਰਕ ਹੈ। ਫਜ਼ਲ ਜੱਟ 'ਛੱਲਾ ਬੇੜੀ ਪੂਰ ਏ' ਕਹਿੰਦਾ ਹੈ ਭਾਵ ਦੁਨਿਆਵੀ ਮੇਲ ਬੇੜੀ ਦੇ ਪੂਰ ਅਤੇ ਤ੍ਰਿੰਝਣ ਦੀਆਂ ਕੁੜੀਆਂ ਵਰਗਾ ਮੇਲ ਹੈ ਅਤੇ ਦੁਬਾਰਾ ਇਕੱਠੇ ਹੋਣ ਦਾ ਸਬੱਬ ਕਦੇ ਨਹੀਂ ਬਣਦਾ। ਇੱਥੇ ਅਲੀ ਭਰਾ 'ਛੱਲਾ ਬੇਰੀ ਬੂਰ ਏ' ਗਾਉਂਦੇ ਹਨ ਭਾਵ ਛੱਲੇ ਦੀ ਉਮਰ ਕੱਚੀ ਸੀ ਉਸ ਨੇ ਹਾਲੇ ਫੁੱਲ ਤੋਂ ਫਲ਼ ਬਣਨਾ ਸੀ। ਇਸੇ ਤਰ੍ਹਾਂ ਫ਼ੈਜ਼ਲ ਜੱਟ 'ਛੱਲਾ ਨੌ ਨੌ ਖੇਵੇ' ਕਹਿੰਦਾ ਹੈ ਜਿਸ ਦਾ ਭਾਵ ਕੀਮਤੀ ਮੇਵਿਆਂ ਦੀ ਲੱਪ ਤੋਂ ਹੈ ਅਤੇ ਅਲੀ ਭਰਾ ਇੱਥੇ 'ਛੱਲਾ ਨੌਂ ਨੌਂ ਥੇਵੇਂ' ਗਾਉਂਦੇ ਹਨ। ਥੇਵਾ ਮੁੰਦਰੀ ਦਾ ਨਗ ਹੁੰਦਾ ਹੈ ਭਾਵ ਪੁੱਤਰ ਕੀਮਤੀ ਨਗੀਨੇ ਹੁੰਦੇ ਹਨ। ਆਪਸ ਵਿਚ ਕੁਝ ਫ਼ਰਕ ਹੋਣ ਦੇ ਬਾਵਜੂਦ ਆਸ਼ਿਕ ਜੱਟ ਅਤੇ ਅਲੀ ਭਰਾਵਾਂ ਦੇ ਛੱਲੇ ਦੇ ਬਿਰਤਾਂਤ ਘੋਖਣ ਤੋਂ ਬਾਅਦ ਮੰਨਿਆ ਜਾ ਸਕਦਾ ਹੈ ਕਿ ਆਸ਼ਿਕ ਜੱਟ ਨੇ ਇਸ ਦਾਸਤਾਨ ਨੂੰ ਸ਼ਾਬਦਿਕ ਰੂਪ ਦੇ ਕੇ ਅਤੇ ਫਿਰ ਗਾ ਕੇ ਛੱਲੇ ਦਾ ਮੁੱਢ ਬੰਨ੍ਹਿਆ। ਫਿਰ ਇਨਾਇਤ ਅਲੀ ਅਤੇ ਸ਼ੌਕਤ ਅਲੀ ਨੇ ਇਸ ਨੂੰ ਅੱਗੇ ਵਧਾਇਆ। ਹੋ ਸਕਦਾ ਹੈ ਕਿ ਛੱਲੇ ਦੇ ਡੁੱਬ ਜਾਣ ਦੀ ਘਟਨਾ ਸਤਲੁਜ ਦੇ ਹਰੀਕੇ ਪੱਤਣ ਦੀ ਹੋਵੇ ਅਤੇ ਫਿਰ ਝੱਲਾ ਹੋਇਆ ਜੱਲਾ ਦਰਿਆਵਾਂ ਕੰਢੇ ਘੁੰਮਦਾ-ਘੁੰਮਦਾ ਪਾਕਿਸਤਾਨ ਦੇ ਗੁਜਰਾਤ ਵਿਚ ਜਾ ਵੱਸਿਆ ਹੋਵੇ। ਪਰਦੇਸੀ ਸੱਜਣ ਦੀ ਨਿਸ਼ਾਨੀ ਵਜੋਂ 'ਛੱਲਾ ਮੇਰਾ ਜੀ ਢੋਲਾ' ਕਰ ਕੇ ਟੱਪਿਆਂ ਤੇ ਦੋਹਿਆਂ ਵਿਚ ਵੀ ਸੁਣਨ ਨੂੰ ਮਿਲਦਾ ਹੈ ਪ੍ਰੰਤੂ ਅਸਲ ਛੱਲਾ ਪਰਿਵਾਰਕ ਰਿਸ਼ਤਿਆਂ, ਵਿਛੋੜਿਆਂ ਅਤੇ ਦੁਖਾਂਤ ਦੀ ਦਰਦ ਭਰੀ ਕਹਾਣੀ ਹੈ, ਜੋ ਸਾਨੂੰ ਦੁਆਵਾਂ ਮੰਗਣ ਲਈ ਪ੍ਰੇਰਦੀ ਹੈ ਕਿ ਕਦੇ ਕਿਸੇ ਪਿਓ ਤੋਂ ਉਸ ਦਾ ਪੁੱਤ ਨਾ ਵਿਛੜੇ, ਕਦੇ ਬਚਪਨ ਮਾਂ ਤੋਂ ਵਾਂਝਾ ਨਾ ਹੋਵੇ, ਕਦੇ ਕੋਈ ਯਤੀਮ ਨਾ ਹੋਵੇ, ਕਦੇ ਕਿਸੇ ਤੇ ਮਾੜਾ ਵਕਤ ਨਾ ਆਵੇ, ਕਦੇ ਕਿਸੇ ਨੂੰ ਆਪਣੀ ਮੁਹੱਬਤ ਤੋਂ ਦੂਰ ਨਾ ਰਹਿਣਾ ਪਵੇ ਅਤੇ ਰੱਬ ਸਭ ਨੂੰ ਔਲਾਦ ਬਖ਼ਸ਼ੇ। •

85678-72291





